ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਕੱਤਕ ਨਾਨਕਸ਼ਾਹੀ ਸੰਮਤ ੫੪੯

ਅੰਕ ੧੦ ਜਿਲਦ ੯੩

ਅਕਤੂਬਰ ੨੦੧੬

**ਸੰਪਾਦਕ** **ਦਿਲਜੀਤ ਸਿੰਘ 'ਬੇਦੀ'**

**ਸਹਾਇਤਾ**

| **ਦੇਸ਼** | **ਵਿਦੇਸ਼** |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |



***Website : www.sgpc.net***

***E-mail : gurdwaragazette@gmail.com***

***info@sgpc.net***

***Phone: 0183-255 3956-60, Ext. 254***


## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,

ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੯ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***


## ਲੇਖ ਸੂਚੀ


| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਧੰਨੁ ਧੰਨੁ ਰਾਮਦਾਸ ਗੁਰੁ... *-ਜਥੇਦਾਰ ਅਵਤਾਰ ਸਿੰਘ* | ੧੧ |
| ਸ੍ਰੀ ਗੁਰੂ ਰਾਮਦਾਸ ਜੀ ਦਾ ਸਿੱਖ ਕੌਮ ਦੀ ਉਸਾਰੀ ਵਿਚ ਯੋਗਦਾਨ *-ਡਾ. ਇੰਦਰਜੀਤ ਸਿੰਘ ਵਾਸੂ* | ੧੩ |
| ਕਿਰਤੀ ਸਿੱਖ ਭਾਈ ਲਾਲੋ ਜੀ *-ਦਿਲਜੀਤ ਸਿੰਘ 'ਬੇਦੀ'* | ੧੮ |
| ਗੁਰਮਤਿ ਦ੍ਰਿਸ਼ਟੀ-੨੦੨੦ *-ਡਾ. ਬਲਕਾਰ ਸਿੰਘ* | ੨੯ |
| ਖ਼ਬਰਨਾਮਾ | ੩੪ |
| ਧਰਮ ਪ੍ਰਚਾਰ ਸਰਗਰਮੀਆਂ | ੭੫ |
| ਹਿਸਾਬ-ਕਿਤਾਬ | ੭੬ |
| ***English Section*** | |
| Historical Events | *95* |
| Sri Guru Tegh Bahadur Sahib Ji *- S. Surjit Singh 'Gandhi'* | 97 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਕੱਤਕ)

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੩-੦੦ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੩-੦੦ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੪-੦੦ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੫-੦੦ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੩੦ ਵਜੇ ਸਵੇਰੇ |
| * ਪਹਿਲੀ ਅਰਦਾਸ | ੬-੦੦ ਵਜੇ ਸਵੇਰੇ |
| * ਸ੍ਰੀ ਆਸਾ ਜੀ ਦੀ ਵਾਰ ਦੀ ਸਮਾਪਤੀ | ੭-੦੦ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੭-੧੫ ਵਜੇ ਤੱਕ ਸਵੇਰੇ |
| * ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ। | |
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੩੦ ਵਜੇ ਰਾਤ |
| * ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੯-੪੫ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

***ਸਕੱਤਰ,***
***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬***
***ਫੋਨ : ੦੦੯੧-੧੮੩-੨੫੫੩੯੫੭,੫੮,੫੯***

# ੧੬ ਅਕਤੂਬਰ ਤੋਂ ੧੫ ਨਵੰਬਰ ਵਿਚਲੇ ਇਤਿਹਾਸਕ ਦਿਹਾੜੇ

੧੬ ਅਕਤੂਬਰ ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਰਜੌਰੀ (ਕਸ਼ਮੀਰ) ਵਿਚ ਹੋਇਆ। (੧੬-੧੦-੧੬੭੦)

੧੭ ਅਕਤੂਬਰ (ੳ) ਸਿੱਖਾਂ ਨੇ ਅਹਿਮਦਸ਼ਾਹ ਦੁਰਾਨੀ ਨੂੰ ਅੰਮ੍ਰਿਤਸਰ ਵਿਖੇ ਲੜਾਈ 'ਚ ਹਰਾਇਆ। (੧੭-੧੦-੧੭੬੨)

(ਅ) ਚੰਡੀਗੜ੍ਹ ਪੰਜਾਬ ਨੂੰ ਦੇਣ ਦੇ ਮਸਲੇ 'ਤੇ ਚੰਡੀਗੜ੍ਹ ਵਿਖੇ ਸਾਰੀਆਂ ਪਾਰਟੀਆਂ ਨੇ ਇਕ ਸਾਂਝਾ ਜਲੂਸ ਕੱਢਿਆ। (੧੭-੧੦-੧੯੬੯)

੧੯ ਅਕਤੂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁੰਦਰ ਸਿੰਘ ਰਾਮਗੜ੍ਹੀਆ ਤੋਂ ਸ੍ਰੀ ਦਰਬਾਰ ਸਾਹਿਬ ਦੇ ਤੋਸ਼ੇਖਾਨੇ ਦੀਆਂ ਚਾਬੀਆਂ ਲੈਣ ਦਾ ਫੈਸਲਾ ਕੀਤਾ। (੧੯-੧੦-੧੯੨੧)

੨੦ ਅਕਤੂਬਰ (ੳ) ਮਹਾਨ ਜਰਨੈਲ ਸ. ਜੱਸਾ ਸਿੰਘ ਆਹਲੂਵਾਲੀਆ ਅਕਾਲ ਚਲਾਣਾ ਕਰ ਗਏ। (੨੦-੧੦-੧੭੮੩)

(ਅ) ਚੀਫ ਖਾਲਸਾ ਦੀਵਾਨ ਨੇ ਸਿੱਖ ਰਹਿਤ ਮਰਯਾਦਾ ਨੂੰ ਮੁਕੰਮਲ ਰੂਪ ਦੇਣ ਲਈ ਇਕ ਧਾਰਮਿਕ ਕਮੇਟੀ ਬਣਾਈ। (੨੦-੧੦-੧੯੧੦)

(ੲ) ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕੇਅਰਟੇਕਰ ਜਥੇ ਦੇ ਮੈਂਬਰ ਡਾ. ਗੁਰਬਖਸ਼ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਣਾਉਣ ਲਈ ਸਰਬੱਤ ਖਾਲਸਾ ਬੁਲਾਇਆ। (੨੦-੧੦-੧੯੨੦)

੨੧ ਅਕਤੂਬਰ ਮਹਾਂ ਕਵੀ ਭਾਈ ਸੰਤੋਖ ਸਿੰਘ ਚਲਾਣਾ ਕਰ ਗਏ। (੨੧-੧੦-੧੮੪੪)

੨੨ ਅਕਤੂਬਰ (ੳ) ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਰਬੱਤ ਖਾਲਸੇ ਦਾ ਇਕੱਠ ਹੋਇਆ ਜਿਸ ਵਿਚ ਹਰਭਗਤ ਨਿਰੰਜਨੀਆ (ਆਕਲ ਦਾਸ) ਨੂੰ ਸੋਧਣ ਦਾ ਗੁਰਮਤਾ ਪਾਸ ਕੀਤਾ। (੨੨-੧੦-੧੭੬੧)

(ਅ) ਅਨੰਦ ਮੈਰਿਜ ਐਕਟ ਕਾਨੂੰਨ ਬਣਿਆ। (੨੨-੧੦-੧੯੦੯)

੨੪ ਅਕਤੂਬਰ ਗਿਆਨੀ ਕਰਤਾਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲੜਨ ਲਈ ਪੰਜਾਬ ਵਜ਼ਾਰਤ ਤੋਂ ਅਸਤੀਫਾ ਦਿੱਤਾ ਅਤੇ ਸਾਧ ਸੰਗਤ ਬੋਰਡ ਦੀ ਸਥਾਪਨਾ ਕੀਤੀ। ਗਿਆਨੀ ਕਰਤਾਰ ਸਿੰਘ, ਗੋਪਾਲ ਸਿੰਘ ਖਾਲਸਾ, ਜਨਰਲ ਮੋਹਨ ਸਿੰਘ, ਅਮਰ ਸਿੰਘ ਦੁਸਾਂਝ, ਬਸੰਤ ਸਿੰਘ ਮੋਗਾ ਆਦਿਕ ਇਸ ਦੇ ਮੁੱਖ ਲੀਡਰ ਸਨ। (੨੪-੧੦-੧੯੫੯)

੨੫ ਅਕਤੂਬਰ (ੳ) ਬਸਾਲੀ ਦਾ ਰਾਜਾ ਸਲਾਹੀ ਚੰਦ ਚਲਾਣਾ ਕਰ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਉਸ ਦੀ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਲਈ ਬਸਾਲੀ ਗਏ। (੨੫-੧੦-੧੭੦੨)

(ਅ) ਬੱਬਰ ਅਕਾਲੀ ਭਾਈ ਧੰਨਾ ਸਿੰਘ ਨੇ ਸ਼ਹਾਦਤ ਦਾ ਜਾਮ ਪੀਤਾ। (੨੫-੧੦-੧੯੨੩)

੨੭ ਅਕਤੂਬਰ (ੳ) ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪਾਉਂਟਾ ਸਾਹਿਬ ਤੋਂ ਅਨੰਦਪੁਰ ਸਾਹਿਬ ਵੱਲ ਚਾਲੇ ਪਾਏ। (੨੭-੧੦-੧੬੮੮)

(ਅ) ੭੮ ਦਿਨਾਂ ਦੀ ਲੰਮੀ ਭੁੱਖ ਹੜਤਾਲ ਪਿੱਛੋਂ ਜਥੇਦਾਰ ਦਰਸ਼ਨ ਸਿੰਘ ਫੇਰੂਮਾਨ ਚਲਾਣਾ ਕਰ ਗਏ। (੨੭-੧੦-੧੯੬੯)

| | | |
|---|---|---|
| ੨੮ ਅਕਤੂਬਰ | | ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕਪਾਲ ਮੋਚਨ ਵਿਖੇ ਰਾਤ ਠਹਿਰਨ ਮਗਰੋਂ ਅਨੰਦਪੁਰ ਸਾਹਿਬ ਵੱਲ ਚਲੇ ਗਏ। (੨੮-੧੦-੧੬੮੮) |
| ੩੦ ਅਕਤੂਬਰ | (ੳ) | ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਤਲਵੰਡੀ ਸਾਬੋ ਤੋਂ ਨੰਦੇੜ ਲਈ ਚਾਲੇ ਪਾਏ। (੩੦-੧੦-੧੭੦੬) |
| | (ਅ) | ਚੀਫ ਖਾਲਸਾ ਦੀਵਾਨ ਸਥਾਪਤ ਹੋਇਆ। ਸ. ਅਰਜਨ ਸਿੰਘ ਬਾਗੜੀਆਂ ਇਸ ਦੇ ਪਹਿਲੇ ਪ੍ਰਧਾਨ ਬਣੇ। (੩੦-੧੦-੧੯੦੨) |
| ੩੧ ਅਕਤੂਬਰ | | ਭਾਈ ਬੇਅੰਤ ਸਿੰਘ ਤੇ ਭਾਈ ਸਤਵੰਤ ਸਿੰਘ ਨੇ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਗੋਲੀਆਂ ਨਾਲ ਭੁੰਨ ਕੇ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਨ ਦਾ ਬਦਲਾ ਲਿਆ। (੩੧-੧੦-੧੯੮੪) |
| ੧ ਨਵੰਬਰ | | ਪੰਜਾਬੀ ਸੂਬਾ ਹੋਂਦ ਵਿਚ ਆਇਆ। (੧-੧੧-੧੯੬੬) |
| ੨ ਨਵੰਬਰ | | ਮਹਾਰਾਜਾ ਰਣਜੀਤ ਸਿੰਘ ਦਾ ਜਨਮ ਹੋਇਆ। (੨-੧੧-੧੭੮੦) |
| ੪ ਨਵੰਬਰ | | ਮਹਾਰਾਜਾ ਰਣਜੀਤ ਸਿੰਘ ਦੇ ਸਪੁੱਤਰ ਸ. ਖੜਕ ਸਿੰਘ ਨੂੰ ਡੋਗਰਿਆਂ ਨੇ ਜ਼ਹਿਰ ਦੇ ਕੇ ਮਾਰਿਆ। (੪-੧੧-੧੮੪੦) |
| ੫ ਨਵੰਬਰ | | ਮਹਾਰਾਜਾ ਨੌਨਿਹਾਲ ਸਿੰਘ ਨੂੰ ਡੋਗਰਿਆਂ ਨੇ ਮਾਰ ਦਿੱਤਾ। (੫-੧੧-੧੮੪੦) |
| ੭ ਨਵੰਬਰ | | ਬਰਤਾਨਵੀਂ ਸਰਕਾਰ ਨੇ ਸ੍ਰੀ ਦਰਬਾਰ ਸਾਹਿਬ ਦੇ ਤੋਸ਼ੇਖਾਨੇ ਦੀਆਂ ਚਾਬੀਆਂ ਲੈ ਲਈਆਂ। (੭-੧੧-੧੯੨੧) |
| ੮ ਨਵੰਬਰ | | ਪੰਜਾਬ ਦੇ ਗਵਰਨਰ ਆਰ. ਟੀ. ਈਗਰਟਨ ਨੇ ਵਾਇਸ ਰਾਏ ਲਾਰਡ ਰਿਪਨ ਨੂੰ ਚਿੱਠੀ ਲਿਖ ਕੇ ਸਲਾਹ ਦਿੱਤੀ ਕਿ ਗੁਰਧਾਮਾਂ ਦਾ ਪ੍ਰਬੰਧ ਸਰਕਾਰੀ ਕੰਟਰੋਲ ਤੋਂ ਆਜ਼ਾਦ ਕਿਸੇ ਜਥੇਬੰਦੀ ਨੂੰ ਨਾ ਦਿੱਤਾ ਜਾਵੇ। (੮-੧੧-੧੮੮੧) |
| ੯ ਨਵੰਬਰ | | ਸ. ਪ੍ਰਕਾਸ਼ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦਾ ਮੈਨੀਫੈਸਟੋ ਜਾਰੀ ਕੀਤਾ, ਜਿਸ ਵਿਚ (ਰੱਖਿਆ, ਵਿਦੇਸ਼, ਕਰੰਸੀ ਅਤੇ ਦੂਰ-ਸੰਚਾਰ ਵਿਭਾਗ ਕੇਂਦਰ ਪਾਸ ਛੱਡ ਕੇ) ਪੰਜਾਬ ਨੂੰ ਖੁਦ-ਮੁਖਤਿਆਰੀ ਦੇਣ ਦੀ ਮੰਗ ਕੀਤੀ। (੯-੧੧-੧੯੮੯) |
| ੧੦ ਨਵੰਬਰ | (ੳ) | ਪ੍ਰੋਫੈਸਰ ਗੁਰਮੁਖ ਸਿੰਘ ਨੇ ਪੰਜਾਬੀ ਵਿਚ ਪਹਿਲਾ 'ਹਫਤਾਵਾਰੀ ਗੁਰਮੁੱਖੀ ਅਖ਼ਬਾਰ' ਸ਼ੁਰੂ ਕੀਤਾ। (੧੦-੧੧-੧੮੮੦) |
| | (ਅ) | ਮੁੱਖ ਮੰਤਰੀ ਭੀਮ ਸੈਨ ਸੱਚਰ ਨੇ ੪ ਜੁਲਾਈ ੧੯੫੫ ਦੇ ਦਿਨ ਸ੍ਰੀ ਦਰਬਾਰ ਸਾਹਿਬ ਵਿਖੇ ਪੁਲਿਸ ਦਾਖਲੇ ਦੀ ਮੁਆਫੀ ਮੰਗੀ। (੧੦-੧੧-੧੯੫੫) |
| ੧੧ ਨਵੰਬਰ | (ੳ) | ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲ ਦਾਸ ਜੀ ਸ਼ਹੀਦ ਹੋਏ। (੧੧-੧੧-੧੬੭੫) |
| | (ਅ) | ਬਾਬਾ ਦੀਪ ਸਿੰਘ ਜੀ ਸਮੇਤ ਅਨੇਕਾਂ ਹੋਰ ਸਿੱਖਾਂ ਨੇ ਸ਼ਹਾਦਤ ਦਾ ਜਾਮ ਪੀਤਾ। (੧੧-੧੧-੧੭੫੭) |
| ੧੨ ਨਵੰਬਰ | | ਲੱਖੀ ਸ਼ਾਹ (ਵਣਜਾਰੇ) ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸਸਕਾਰ ਆਪਣੇ ਘਰ ਨੂੰ ਅੱਗ ਲਗਾ ਕੇ ਕੀਤਾ। ਇਸ ਜਗ੍ਹਾ 'ਤੇ ਅੱਜਕਲ੍ਹ ਗੁਰਦੁਆਰਾ ਰਕਾਬ ਗੰਜ ਹੈ। (੧੨-੧੧-੧੬੭੫ ) |

■

**ਗੁਰਬਾਣੀ ਵਿਚਾਰ:**

# ਕਤਿਕਿ ਕਰਮ ਕਮਾਵਣੇ...

**ਕਤਿਕਿ ਕਰਮ ਕਮਾਵਣੇ ਦੋਸੁ ਨ ਕਾਹੂ ਜੋਗੁ॥**
**ਪਰਮੇਸਰ ਤੇ ਭੁਲਿਆਂ ਵਿਆਪਨਿ ਸਭੇ ਰੋਗ॥**
**ਵੇਮੁਖ ਹੋਏ ਰਾਮ ਤੇ ਲਗਨਿ ਜਨਮ ਵਿਜੋਗ॥**
**ਖਿਨ ਮਹਿ ਕਉੜੇ ਹੋਇ ਗਏ ਜਿਤੜੇ ਮਾਇਆ ਭੋਗ॥**
**ਵਿਚ ਨ ਕੋਈ ਕਰਿ ਸਕੈ ਕਿਸ ਥੈ ਰੋਵਹਿ ਰੋਜ॥**
**ਕੀਤਾ ਕਿਛੂ ਨ ਹੋਵਈ ਲਿਖਿਆ ਧੁਰਿ ਸੰਜੋਗ॥**
**ਵਡਭਾਗੀ ਮੇਰਾ ਪ੍ਰਭ ਮਿਲੈ ਤਾਂ ਉਤਰਹਿ ਸਭਿ ਬਿਓਗ॥**
**ਨਾਨਕ ਕਉ ਪ੍ਰਭ ਰਾਖਿ ਲੇਹਿ ਮੇਰੇ ਸਾਹਿਬ ਬੰਦੀ ਮੋਚ ॥**
**ਕਤਿਕ ਹੋਵੈ ਸਾਧਸੰਗੁ ਬਿਨਸਹਿ ਸਭੇ ਸੋਚ॥੯॥**

*(ਪੰਨਾ ੧੩੫)*

ਕੱਤਕ (ਦੀ ਸੁਹਾਵਣੀ ਰੁੱਤ) ਵਿਚ ਭੀ ਜੇ ਪ੍ਰਭੂ-ਪਤੀ ਨਾਲੋਂ ਵਿਛੋੜਾ ਰਿਹਾ ਤਾਂ ਇਹ ਆਪਣੇ ਕੀਤੇ ਕਰਮਾਂ ਦਾ ਸਿੱਟਾ ਹੈ, ਕਿਸੇ ਹੋਰ ਦੇ ਮੱਥੇ ਕੋਈ ਦੋਸ਼ ਨਹੀਂ ਲਾਇਆ ਜਾ ਸਕਦਾ। ਪਰਮੇਸ਼ਰ (ਦੀ ਯਾਦ) ਤੋਂ ਖੁੰਝਿਆਂ (ਦੁਨੀਆਂ ਦੇ) ਸਾਰੇ ਦੁੱਖ-ਕਲੇਸ਼ ਜ਼ੋਰ ਪਾ ਲੈਂਦੇ ਹਨ। ਜਿਨ੍ਹਾਂ ਨੇ (ਇਸ ਜਨਮ ਵਿਚ) ਪਰਮਾਤਮਾ ਦੀ ਯਾਦ ਵੱਲੋਂ ਮੂੰਹ ਮੋੜੀ ਰੱਖਿਆ, ਉਨ੍ਹਾਂ ਨੂੰ (ਫਿਰ) ਲੰਮੇ ਵਿਛੋੜੇ ਪੈ ਜਾਂਦੇ ਹਨ।

ਮਾਇਆ ਦੀਆਂ (ਮਾਇਆ ਦੁਆਰਾ ਪ੍ਰਾਪਤ ਕੀਤੀਆਂ) ਮੌਜਾਂ ਦੀ ਖ਼ਾਤਰ ਪ੍ਰਭੂ ਨੂੰ ਭੁਲਾ ਦਿੱਤਾ ਸੀ, ਉਹ ਭੀ ਇਕ ਪਲ ਵਿਚ ਦੁਖਦਾਈ ਹੋ ਜਾਂਦੀਆਂ ਹਨ, (ਉਸ ਦੁਖੀ ਹਾਲਤ ਵਿਚ) ਕਿਸੇ ਪਾਸ ਭੀ ਨਿੱਤ ਰੋਣੇ ਰੋਣ ਦਾ ਕੋਈ ਲਾਭ ਨਹੀਂ ਹੁੰਦਾ, (ਕਿਉਂਕਿ ਦੁੱਖ ਤਾਂ ਹੈ ਵਿਛੋੜੇ ਦੇ ਕਾਰਨ ਤੇ ਵਿਛੋੜੇ ਨੂੰ ਦੂਰ ਕਰਨ ਲਈ) ਕੋਈ ਵਿਚੋਲਾ-ਪਣ ਨਹੀਂ ਕਰ ਸਕਦਾ । (ਦੁਖੀ ਜੀਵ ਦੀ ਆਪਣੀ) ਕੋਈ ਪੇਸ਼ ਨਹੀਂ ਜਾਂਦੀ, (ਪਿਛਲੇ ਕੀਤੇ ਕਰਮਾਂ ਅਨੁਸਾਰ) ਧੁਰੋਂ ਹੀ ਲਿਖੇ ਲੇਖਾਂ ਦੀ ਬਿਧ ਆ ਬਣਦੀ ਹੈ । (ਹਾਂ!) ਜੇ ਚੰਗੇ ਭਾਗਾਂ ਨੂੰ ਪ੍ਰਭੂ (ਆਪ) ਆ ਮਿਲੇ, ਤਾਂ ਵਿਛੋੜੇ ਤੋਂ ਪੈਦਾ ਹੋਏ ਸਾਰੇ ਦੁੱਖ ਮਿਟ ਜਾਂਦੇ ਹਨ ।

(ਨਾਨਕ ਦੀ ਤਾਂ ਇਹੀ ਬੇਨਤੀ ਹੈ-) ਹੇ ਮਾਇਆ ਦੇ ਬੰਧਨਾਂ ਤੋਂ ਛੁਡਾਵਣ ਵਾਲੇ ਮੇਰੇ ਮਾਲਕ! ਨਾਨਕ ਨੂੰ (ਮਾਇਆ ਦੇ ਮੋਹ ਤੋਂ) ਬਚਾ ਲੈ ।

ਕੱਤਕ (ਦੀ ਸੁਹਾਵਣੀ ਰੁੱਤ) ਵਿਚ ਜਿਨ੍ਹਾਂ ਨੂੰ ਸਾਧ ਸੰਗਤਿ ਮਿਲ ਜਾਏ, ਉਨ੍ਹਾਂ ਦੇ (ਵਿਛੋੜੇ ਵਾਲੇ) ਸਾਰੇ ਚਿੰਤਾ ਝੋਰੇ ਮੁੱਕ ਜਾਂਦੇ ਹਨ॥੯॥

■

*ਸੰਪਾਦਕੀ...*

# ਸਰਹੱਦੀ ਲੋਕਾਂ ਦੀ ਮੱਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੀਤੀ ਪਹਿਲਕਦਮੀ

## ਸਰਹੱਦੀ ਲੋਕਾਂ ਨੇ ਸ਼੍ਰੋਮਣੀ ਕਮੇਟੀ ਦਾ ਕੀਤਾ ਵਿਸ਼ੇਸ਼ ਤੌਰ 'ਤੇ ਧੰਨਵਾਦ

*ਭਾਰਤ-ਪਾਕਿਸਤਾਨ ਦਰਮਿਆਨ ਬਣੇ ਤਲਖ ਮਾਹੌਲ ਤੋਂ ਬਾਅਦ ਪਾਕਿਸਤਾਨ ਸਰਹੱਦ ਨਾਲ ਲਗਦੇ ਪੰਜਾਬ ਦੇ ਪਿੰਡਾਂ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਦੇ ਹੁਕਮ ਕਾਰਨ ਲੋਕਾਂ ਦੇ ਰੈਣ-ਬਸੇਰੇ, ਲੰਗਰ, ਮੈਡੀਕਲ ਸਮੇਤ ਹੋਰ ਸਹੂਲਤਾਂ ਲਈ ਸਿੱਖਾਂ ਦੀ ਨੁਮਾਇੰਦਾ ਧਾਰਮਿਕ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲਕਦਮੀ ਕਰਦਿਆਂ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਮਨੁੱਖਤਾ ਦੀ ਭਲਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਸੇਵਾਵਾਂ ਹਮੇਸ਼ਾਂ ਪ੍ਰਸ਼ੰਸਾਯੋਗ ਰਹੀਆਂ ਹਨ। ਸਮੇਂ-ਸਮੇਂ 'ਤੇ ਮਨੁੱਖਤਾ ਨੂੰ ਦਰਪੇਸ਼ ਸਮੱਸਿਆਵਾਂ ਮੌਕੇ ਸਿੱਖਾਂ ਦੀ ਇਸ ਵਕਾਰੀ ਸੰਸਥਾ ਨੇ ਹਮਦਰਦੀ ਭਰੀ ਭਾਵਨਾ ਨਾਲ ਕਾਰਜ ਕੀਤੇ ਹਨ। ਗੁਰੂ ਸਾਹਿਬਾਨ ਵੱਲੋਂ ਬਖਸ਼ੇ ਗਏ ਸੇਵਾ ਦੇ ਸਿਧਾਂਤ ਨੂੰ ਅਮਲੀ ਰੂਪ ਦਿੰਦਿਆਂ ਹਮੇਸ਼ਾਂ ਕਾਰਜਸ਼ੀਲ ਰਹਿਣਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਹਾਸਿਲ ਹੈ। ਪਿਛਲੇ ਸਮਿਆਂ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਖੇਤਰਾਂ ਵਿਚ ਕੀਤੀ ਗਈ ਮਾਨਵਤਾ ਦੀ ਸਹਾਇਤਾ ਨੂੰ ਉਕਤ ਗੱਲ ਦੀ ਪੁਸ਼ਟੀ ਵਜੋਂ ਦੇਖਿਆ ਜਾ ਸਕਦਾ ਹੈ। ਅਤੀਤ ਵਿਚ ਝਾਤ ਮਾਰੀਏ ਤਾਂ ਜੰਮੂ-ਕਸ਼ਮੀਰ 'ਚ ਆਏ ਭਿਆਨਕ ਹੜ੍ਹ ਦੀ ਮਾਰ ਦਾ ਸ਼ਿਕਾਰ ਹੋਏ ਲੋਕਾਂ ਲਈ ਸ਼੍ਰੋਮਣੀ ਕਮੇਟੀ ਦੀਆਂ ਸੇਵਾਵਾਂ ਨੇ ਇਸ ਦੀ ਦੁਨੀਆਂ ਭਰ ਵਿਚ ਸ਼ੋਭਾ ਵਧਾਈ ਹੈ। ਅਜਿਹੀਆਂ ਹੋਰ ਵੀ ਅਨੇਕਾਂ ਉਦਾਹਰਨਾਂ ਮਿਲ ਜਾਣਗੀਆਂ, ਜਿਨ੍ਹਾਂ ਤੋਂ ਸ਼੍ਰੋਮਣੀ ਕਮੇਟੀ ਦੀ ਮਾਨਵ ਭਲਾਈ ਲਈ ਕਾਰਜਸ਼ੀਲਤਾ ਦਾ ਪ੍ਰਗਟਾਵਾ ਹੁੰਦਾ ਹੈ। ਗੁਜਰਾਤ ਦੇ ਭੂਚਾਲ ਸਮੇਂ ਸਹਾਇਤਾ, ਲੇਹ-ਲਦਾਖ ਅਤੇ ਉਤਰਾਖੰਡ ਦੀ ਤ੍ਰਾਸਦੀ ਸਮੇਂ ਸੇਵਾਵਾਂ, ਨੇਪਾਲ ਦੇ ਭੂਚਾਲ ਸਮੇਂ ਪੀੜਤਾਂ ਦੀ ਮੱਦਦ, ਕੈਂਸਰ ਪੀੜਤ ਮਰੀਜ਼ਾਂ ਦੀ ਸਹਾਇਤਾ, ਸਹਾਰਨਪੁਰ ਦੇ ਦੰਗਾ ਪੀੜਤਾਂ ਨੂੰ ਸਹਾਇਤਾ, ਇਰਾਕ ਦੇ ਬੰਦੀ ਪੰਜਾਬੀਆਂ ਦੀ ਮੱਦਦ ਜਿਹੇ ਅਨੇਕਾਂ ਕਾਰਜਾਂ ਦੁਆਰਾ ਸ਼੍ਰੋਮਣੀ ਕਮੇਟੀ ਦੀਆਂ ਮਨੁੱਖਤਾ ਦੀ ਭਲਾਈ ਲਈ ਕੀਤੀਆਂ ਸੇਵਾਵਾਂ ਵਿਸ਼ੇਸ਼ ਤੌਰ 'ਤੇ ਕਥਨਯੋਗ ਹਨ।*

*ਇਸੇ ਪ੍ਰਸੰਗ ਵਿਚ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੁਣ ਸਰਹੱਦੀ ਲੋਕਾਂ ਦੀ ਮੁਸ਼ਕਿਲ ਸਮੇਂ ਕੀਤੀ ਗਈ ਸਹਾਇਤਾ ਨੇ ਇਕ ਵਾਰ ਫੇਰ ਇਸ ਦੀ ਮਨੁੱਖਤਾਵਾਦੀ ਪਹੁੰਚ ਨੂੰ ਉਭਾਰਿਆ ਹੈ। ਸਰਹੱਦ 'ਤੇ ਬਣੇ ਤਣਾਅਪੂਰਨ ਹਾਲਾਤ ਸਮੇਂ ਲੋਕਾਈ ਦੀ ਸੇਵਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਤੁਰੰਤ ਫੈਸਲਾ ਕੀਤਾ। ਇਸ ਸਬੰਧ ਵਿਚ ਉਨ੍ਹਾਂ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰਾਂ, ਸਕੱਤਰਾਂ ਅਤੇ ਗੁਰਦੁਆਰਾ ਸਾਹਿਬਾਨਾਂ ਦੇ ਮੈਨੇਜਰਾਂ ਨਾਲ ਮੀਟਿੰਗ ਕਰ ਕੇ ਲੋੜੀਂਦੇ ਪ੍ਰਬੰਧਾਂ ਲਈ ਡਿਊਟੀਆਂ ਲਗਾ ਦਿੱਤੀਆਂ ਗਈਆਂ। ਪ੍ਰਧਾਨ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਹੱਦੀ ਖੇਤਰ ਦੇ ਪਿੰਡਾਂ ਵਿੱਚੋਂ ਉਠਾਏ ਗਏ ਲੋਕਾਂ ਦੀ ਸੁਰੱਖਿਆ, ਲੰਗਰ, ਰਿਹਾਇਸ਼, ਮੈਡੀਕਲ ਸਹੂਲਤਾਂ ਅਤੇ ਹੋਰ ਪ੍ਰਬੰਧਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਤੁਰੰਤ ਜਤਨ ਆਰੰਭੇ ਗਏ।*

*ਜਥੇਦਾਰ ਅਵਤਾਰ ਸਿੰਘ ਨੇ ਸਰਹੱਦੀ ਲੋਕਾਂ ਦੀ ਹਰ ਸੰਭਵ ਸਹਾਇਤਾ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ੧੧ ਮੈਂਬਰੀ ਕਮੇਟੀ ਦਾ ਗਠਨ ਕੀਤਾ। ਇਸ ਵਿਚ ਫਿਰੋਜ਼ਪੁਰ, ਫਾਜ਼ਿਲਕਾ, ਅਬੋਹਰ ਦੇ ਖੇਤਰ ਲਈ ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਦਿਆਲ ਸਿੰਘ ਕੋਲਿਆਂਵਾਲੀ ਤੇ ਸ. ਮੋਹਣ ਸਿੰਘ ਬੰਗੀ ਦੋਵੇਂ ਮੈਂਬਰ ਅੰਤ੍ਰਿੰਗ ਕਮੇਟੀ, ਸ. ਦਰਸ਼ਨ ਸਿੰਘ ਮੋਠਾਂਵਾਲਾ ਤੇ ਸ. ਪ੍ਰੀਤਮ ਸਿੰਘ ਮਨਸੀਆਂ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਅੰਮ੍ਰਿਤਸਰ, ਤਰਨ ਤਾਰਨ, ਪਠਾਨਕੋਟ ਤੇ ਗੁਰਦਾਸਪੁਰ ਦੇ ਸਰਹੱਦੀ ਖੇਤਰ ਲਈ ਸ. ਰਜਿੰਦਰ ਸਿੰਘ ਮਹਿਤਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਜਥੇ. ਸੁੱਚਾ ਸਿੰਘ ਲੰਗਾਹ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਮਨਜੀਤ ਸਿੰਘ ਸਕੱਤਰ ਤੇ ਸ. ਸੁਲੱਖਣ ਸਿੰਘ ਮੈਨੇਜਰ ਨੂੰ ਸ਼ਾਮਲ ਕੀਤਾ ਗਿਆ।*

*ਇਸੇ ਤਰ੍ਹਾਂ ਜ਼ਿਲ੍ਹੇਵਾਰ ਰਾਹਤ ਕੈਂਪਾਂ ਲਈ ਸ਼੍ਰੋਮਣੀ ਕਮੇਟੀ ਸਕੱਤਰਾਂ ਨੂੰ ਤਾਇਨਾਤ ਕੀਤਾ ਗਿਆ ਜਿਸ ਵਿਚ ਖੇਮਕਰਨ ਸਰਹੱਦ ਵਿਖੇ ਸ. ਹਰਭਜਨ ਸਿੰਘ ਮਨਾਵਾਂ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਅਟਾਰੀ ਸਰਹੱਦ ਵਿਖੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ ਤੇ ਸ. ਬਲਵਿੰਦਰ ਸਿੰਘ ਕਾਹਲਵਾਂ ਮੀਤ ਸਕੱਤਰ, ਗੁਰਦਾਸਪੁਰ ਤੇ ਪਠਾਨਕੋਟ ਸਰਹੱਦ ਵਿਖੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਤੇ ਸ. ਕੁਲਵਿੰਦਰ ਸਿੰਘ ਰਮਦਾਸ ਮੀਤ ਸਕੱਤਰ, ਫਿਰੋਜ਼ਪੁਰ ਅਤੇ ਫਾਜ਼ਿਲਕਾ ਸਰਹੱਦ ਵਿਖੇ ਸ. ਕੇਵਲ ਸਿੰਘ ਤੇ ਸ. ਬਿਜੈ ਸਿੰਘ ਵਧੀਕ ਸਕੱਤਰ ਅਤੇ ਸ. ਮਹਿੰਦਰ ਸਿੰਘ ਮੀਤ ਸਕੱਤਰ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸੇ ਤਰ੍ਹਾਂ ਲੋੜ ਅਨੁਸਾਰ ਪ੍ਰਬੰਧਾਂ ਵਿਚ ਸਹਾਇਤਾ ਲਈ ਸ. ਪ੍ਰਤਾਪ ਸਿੰਘ ਵਧੀਕ ਸਕੱਤਰ, ਸ. ਸਕੱਤਰ ਸਿੰਘ ਮੀਤ ਸਕੱਤਰ ਤੇ ਇੰਚਾਰਜ ਫਲਾਇੰਗ ਵਿਭਾਗ ਦੀ ਡਿਊਟੀ ਵੀ ਲਗਾਈ ਗਈ। ਇਨ੍ਹਾਂ ਸਾਰੇ ਕਾਰਜਾਂ ਦੀ ਦੇਖ-ਰੇਖ ਦੀ ਜ਼ਿੰਮੇਵਾਰੀ ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਡਾ. ਰੂਪ ਸਿੰਘ ਸਕੱਤਰ ਨੂੰ ਦਿੱਤੀ ਗਈ। ਇਨ੍ਹਾਂ ਸਹਾਇਤਾ ਕਾਰਜਾਂ ਦੀ ਪ੍ਰੈੱਸ ਨੂੰ ਜਾਣਕਾਰੀ ਦੇਣ ਦੀ ਜ਼ਿੰਮੇਵਾਰੀ ਦਾਸ ਨੂੰ ਦਿੱਤੀ ਗਈ। ਸ਼੍ਰੋਮਣੀ ਕਮੇਟੀ ਵੱਲੋਂ ਤੁਰੰਤ ਪ੍ਰਭਾਵ ਤੋਂ 'ਰਾਹਤ ਕੰਟਰੋਲ ਰੂਮ' ਸਥਾਪਤ ਕੀਤਾ ਗਿਆ ਜਿਸ ਵਿਚ ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ ਤੇ ਸ. ਮਲਕੀਤ ਸਿੰਘ ਬਹਿੜਵਾਲ ਸ/ ਸੁਪ੍ਰਿੰਟੈਂਡੈਂਟ ਨੂੰ ਲਗਾਇਆ ਗਿਆ।*

*ਪ੍ਰਭਾਵਿਤ ਲੋਕਾਂ ਦੇ ਲੰਗਰ ਲਈ ਵੱਖ-ਵੱਖ ਸਹਾਇਤਾ ਕੇਂਦਰਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਸਤਲਾਣੀ ਸਾਹਿਬ ਪਿੰਡ ਹੁਸ਼ਿਆਰਨਗਰ (ਅੰਮ੍ਰਿਤਸਰ), ਗੁਰਦੁਆਰਾ ਪਾਤਸ਼ਾਹੀ ਤੀਸਰੀ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ (ਅੰਮ੍ਰਿਤਸਰ) ਤੇ ਗੁਰਦੁਆਰਾ ਪਾਤਸ਼ਾਹੀ ਪੰਜਵੀ ਤੇ ਛੇਵੀਂ ਸ੍ਰੀ ਛੇਹਰਟਾ ਸਾਹਿਬ (ਅੰਮ੍ਰਿਤਸਰ), ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਤਰਨਤਾਰਨ ਸਾਹਿਬ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਜ਼ਿਲ੍ਹਾ ਤਰਨਤਾਰਨ, ਗੁਰਦੁਆਰਾ ਸ਼ਹੀਦਗੰਜ ਬਾਬਾ ਦੀਪ ਸਿੰਘ ਸ਼ਹੀਦ ਸ੍ਰੀ ਅੰਮ੍ਰਿਤਸਰ, ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ (ਤਰਨ ਤਾਰਨ), ਗੁਰਦੁਆਰਾ ਭਾਈ ਤਾਰਾ ਸਿੰਘ ਸ਼ਹੀਦ ਪਿੰਡ ਵਾਂ (ਤਰਨ ਤਾਰਨ), ਗੁਰਦੁਆਰਾ ਬਾਬਾ ਬੀਰ ਸਿੰਘ ਪਿੰਡ ਰੱਤੋਕੇ (ਤਰਨ ਤਾਰਨ), ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ (ਰੋਪੜ), ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ (ਗੁਰਦਾਸਪੁਰ), ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ (ਗੁਰਦਾਸਪੁਰ), ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆ ਬਟਾਲਾ (ਗੁਰਦਾਸਪੁਰ), ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ, ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ, ਗੁਰਦੁਆਰਾ ਪਾਤਸ਼ਾਹੀ ਪੰਜਵੀਂ ਬੁਰਜ ਸਾਹਿਬ ਧਾਰੀਵਾਲ (ਗੁਰਦਾਸਪੁਰ), ਗੁਰਦੁਆਰਾ ਸ੍ਰੀ ਅਚਲ ਸਾਹਿਬ ਬਟਾਲਾ (ਗੁਰਦਾਸਪੁਰ), ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ (ਕਪੂਰਥਲਾ), ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਦਸਵੀਂ ਬਜੀਦਪੁਰ (ਫਿਰੋਜ਼ਪੁਰ), ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹਾਜੀਰਤਨ*

*(ਬਠਿੰਡਾ), ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬ੍ਹੋ (ਬਠਿੰਡਾ), ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਅਤੇ ਗੁਰਦੁਆਰਾ ਬਾਬਾ ਗਾਂਧਾ ਸਿੰਘ ਬਰਨਾਲਾ ਵੱਲੋਂ ਪ੍ਰਬੰਧ ਕੀਤੇ ਗਏ। ਮੈਡੀਕਲ ਸਹੂਲਤ ਲਈ ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰਿਸਰਚ, ਸ੍ਰੀ ਅੰਮ੍ਰਿਤਸਰ ਵੱਲੋਂ ਲੋੜਵੰਦਾਂ ਲਈ ਮੈਡੀਕਲ ਕੈਂਪ ਅਤੇ ਐਂਬੂਲੈਂਸ ਵੈਨਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।*

*ਆਪਣੇ ਘਰਾਂ ਤੋਂ ਉੱਠ ਕੇ ਆਏ ਲੋਕਾਂ ਦੀ ਰਿਹਾਇਸ਼ ਲਈ ਗੁਰਦੁਆਰਾ ਬਾਬਾ ਬੀਰ ਸਿੰਘ ਪਿੰਡ ਰੱਤੋਕੇ (ਤਰਨ ਤਾਰਨ), ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ, ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਦਸਵੀ, ਬਜੀਦਪੁਰ (ਫਿਰੋਜ਼ਪੁਰ) ਅਤੇ ਗੁਰਦੁਆਰਾ ਸਤਲਾਣੀ ਸਾਹਿਬ ਪਿੰਡ ਹੁਸ਼ਿਆਰਨਗਰ (ਅੰਮ੍ਰਿਤਸਰ) ਵਿਖੇ ਪ੍ਰਬੰਧ ਕੀਤੇ ਗਏ। ਇਸ ਦੇ ਨਾਲ ਹੀ ਫਾਜ਼ਿਲਕਾ ਤੇ ਜਲਾਲਬਾਦ ਵਿਖੇ ਵੀ ਕੈਂਪ ਲਗਾਏ ਗਏ।*

*ਸ਼੍ਰੋਮਣੀ ਕਮੇਟੀ ਵੱਲੋਂ ਲਗਾਏ ਗਏ ਸਹਾਇਤਾ ਕੇਂਦਰਾਂ ਵਿੱਚੋਂ ਪਠਾਨਕੋਟ ਖੇਤਰ ਦੇ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਦੇ ਸਹਾਇਤਾ ਕੇਂਦਰ ਵਿੱਚ ਵਿੱਚ ਸਭ ਤੋਂ ਵੱਧ ਲੋਕਾਂ ਨੇ ਸ਼ਰਨ ਲਈ। ਪਿੰਡ ਖੋਜਕੀ ਚੱਕ, ਝੀਡਾ, ਸਿੰਬਲ ਸਕੈਲ, ਉਦੀਪੁਰ ਐਮਾ, ਸੰਕੋਲਪੁਰ, ਬਸਾਊਵਾੜਵਾਂ, ਸਿੰਬਲ ਕੁਲੀਆਂ, ਕੋਟਲੀ ਜਵਾਹਰ, ਆਸਮ ਵਾੜਵਾਂ, ਦੋਸਤਪੁਰ, ਪਲਾਹ, ਬਲੋਤਰ, ਫਰਵਾਲ, ਬਗਵਾਲ, ਦਿਲਪੁਰ ਤੇ ਬਗਿਆਨ ਆਦਿ ਦੇ ਪਿੰਡਾਂ ਦੇ ਲੋਕਾਂ ਨੇ ਬਾਰਠ ਸਾਹਿਬ ਰਾਹਤ ਕੈਂਪ ਵਿਚ ਰੈਣ ਬਸੇਰਾ ਕੀਤਾ। ਇਸ ਖੇਤਰ ਵਿਚ ਤਕਰੀਬਨ ੧੧੦੦ ਪਰਿਵਾਰਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਗਈ। ਇਸੇ ਤਰ੍ਹਾਂ ਫਾਜ਼ਿਲਕਾ ਖੇਤਰ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਤਿੰਨ ਲੰਗਰ ਸੇਵਾ ਕੇਂਦਰ ਸਥਾਪਿਤ ਕੀਤੇ ਗਏ ਜਿਥੋਂ ਲੰਗਰ ਤਿਆਰ ਕਰਕੇ ਗੱਡੀਆਂ ਰਾਹੀਂ ਅੱਗੇ ਵੱਖ-ਵੱਖ ਪਿੰਡਾਂ ਵਿੱਚ ਪਹੁੰਚਾਇਆ ਜਾਂਦਾ ਰਿਹਾ। ਫਾਜ਼ਿਲਕਾ ਦੇ ਪਿੰਡ ਚਵਾੜਿਆਂਵਾਲੀ, ਜੱਟਾਂਵਾਲੀ, ਲਾਲੋਵਾਲੀ, ਥੇਹ ਕਲੰਦਰ ਤੇ ਬਹਿਕਖਾਸ ਵਿਖੇ ਤਕਰੀਬਨ ੫ ਹਜ਼ਾਰ ਤੋਂ ਵੱਧ ਪਰਿਵਾਰਾਂ ਨੇ ਲੰਗਰ ਸੇਵਾਵਾਂ ਪ੍ਰਾਪਤ ਕੀਤੀਆਂ। ਇਸੇ ਤਰ੍ਹਾਂ ਪਿੰਡ ਦੌਲਤਪੁਰਾ, ਖੁਰੀਖੇੜਾ, ਸੋਹਣਗੜ੍ਹ, ਗੁਰੂ ਹਰਿਸਹਾਏ, ਕੌਰ ਸਿੰਘ ਵਾਲਾ ਤੇ ਟਾਲੀਵਾਲ ਬੋਦਲਾ ਵਿਖੇ ਵੀ ਰਾਹਤ ਸੇਵਾਵਾਂ ਦਿੱਤੀਆਂ ਗਈਆਂ।*

*ਖੇਮਕਰਨ ਇਲਾਕੇ ਵਿਚ ੨੨ ਥਾਵਾਂ 'ਤੇ ਲੰਗਰ ਸੇਵਾ ਕੀਤੀ ਗਈ, ਜਿਨ੍ਹਾਂ ਦੇ ਮੁੱਖ ਕੇਂਦਰ ਪਿੰਡ ਬੈਂਕਾਂ, ਪਹੂਵਿੰਡ ਤੇ ਭਿੱਖੀਵਿੰਡ ਸਨ। ਡੀਫੈਂਸ ਲਾਈਨਾਂ ਤੋਂ ਪਾਰਲੇ ਪਿੰਡਾਂ ਮਹਿੰਦੀਪੁਰ, ਮੀਆਂਵਾਲਾ, ਕਲਸ, ਗਿੱਲ, ਪੰਨ, ਥੇਹ ਕਲਾਂ, ਠੱਠੀ ਜੈਮਲ ਸਿੰਘ ਤੇ ਪਲੋਅ ਵਿਚ ਵੀ ਸ਼੍ਰੋਮਣੀ ਕਮੇਟੀ ਵੱਲੋਂ ਦੋਵੇਂ ਵੇਲੇ (ਸਵੇਰੇ ਤੇ ਸ਼ਾਮ) ਲੰਗਰ ਸੇਵਾ ਕੀਤੀ ਜਾਂਦੀ ਰਹੀ। ਤਰਨਤਾਰਨ ਦੇ ਪਿੰਡ ਚੀਮਾ ਕਲਾਂ, ਚੀਮਾ ਖੁਰਦ, ਚੀਮਾ ਸ਼ੱਕਰਚੱਕ, ਰਸੂਲਪੁਰ, ਹਵੇਲੀਆਂ, ਨੌਸ਼ਹਿਰਾ, ਛੀਨਾ, ਭੁੱਚਰ ਕਲਾਂ, ਭੁੱਚਰ ਖੁਰਦ, ਬੁਰਜ, ਗਹਿਰੀ, ਕਲਸ, ਚਾਹਲ, ਭੁੱਸੇ, ਲਹੀਆ, ਸਰਾਏ ਅਮਾਨਤ ਖਾਂ, ਝਬਾਲ, ਗੱਗੋਬੂਹਾ ਵਿਖੇ ਲੰਗਰ ਪਹੁੰਚਾਉਣ ਦੀ ਸੇਵਾ ਕੀਤੀ ਗਈ। ਅਟਾਰੀ ਦੇ ਪਿੰਡ ਦਾਉ ਕੇ, ਭਰੋਭਾਲ, ਭੈਣੀ ਰਾਜਪੂਤਾਂ, ਰਾਜਾਤਾਲ, ਰਤਨ ਖੁਰਦ, ਰਤਨ ਕਲਾਂ, ਧਨੋਏ ਖੁਰਦ, ਧਨੋਏ ਕਲਾਂ, ਅਟੱਲਗੜ, ਮੋਦੇ, ਮਾਹਵਾ, ਦੋਕੇ ਵਿਖੇ ਵੀ ਲੰਗਰ ਸੇਵਾਂਵਾਂ ਦਿੱਤੀਆਂ ਗਈਆਂ। ਇਸੇ ਤਰ੍ਹਾਂ ਚੋਗਾਵਾਂ ਖੇਤਰ ਵਿਚ ਵੀ ਸ਼੍ਰੋਮਣੀ ਕਮੇਟੀ ਕਾਰਜਸ਼ੀਲ ਰਹੀ।*

*ਇਥੇ ਇਹ ਜ਼ਿਕਰ ਕਰਨਾ ਬਣਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਏ ਗਏ ਸਹਾਇਤਾ ਕੈਂਪਾਂ ਵਿੱਚੋਂ ਸੇਵਾਵਾਂ ਪ੍ਰਾਪਤ ਕਰਨ ਲਈ ਪ੍ਰਭਾਵਿਤ ਲੋਕਾਂ ਵੱਲੋਂ ਤਰਜੀਹ ਦਿੱਤੀ ਗਈ। ਲੋਕਾਂ ਦਾ ਮੰਨਣਾ ਸੀ ਕਿ ਸ਼੍ਰੋਮਣੀ ਕਮੇਟੀ ਵੱਲੋਂ ਮਾਨਵ ਭਲਾਈ ਲਈ ਕੀਤੇ ਜਾ ਰਹੇ ਯਤਨ ਸਲਾਹੁਣਯੋਗ ਹਨ ਅਤੇ ਸੰਕਟ ਸਮੇਂ ਲੋਕਾਂ ਦੀ ਸਹਾਇਤਾ ਕਰਨ ਲਈ ਉਹ ਸ਼੍ਰੋਮਣੀ ਕਮੇਟੀ ਦੇ ਧੰਨਵਾਦੀ ਹਨ।*

**-ਦਿਲਜੀਤ ਸਿੰਘ 'ਬੇਦੀ'**



# ਧੰਨੁ ਧੰਨੁ ਰਾਮਦਾਸ ਗੁਰੁ....

-ਜਥੇਦਾਰ ਅਵਤਾਰ ਸਿੰਘ*

ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਨਗਰੀ ਦੇ ਬਾਨੀ, ਅੰਮ੍ਰਿਤ ਰੂਪ ਬਾਣੀ ਦੇ ਰਚਨਹਾਰ, ਚੌਥੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਜਿਨ੍ਹਾਂ ਦਾ ਪਵਿੱਤਰ ਤੇ ਗੰਭੀਰ ਜੀਵਨ ਸੇਵਾ, ਪ੍ਰੇਮਾ-ਭਗਤੀ ਤੇ ਸਦ-ਗੁਣਾਂ ਨਾਲ ਭਰਪੂਰ ਤੇ ਉਪਦੇਸ਼-ਜਨਕ ਹੈ। ਨਿਸ਼ਕਾਮ ਸੇਵਾ ਤੇ ਸੱਚੇ ਸਿਦਕ ਕਾਰਨ ਉਨ੍ਹਾਂ ਅਧਿਆਤਮਿਕ ਖੇਤਰ ਦੀ ਸਰਵ-ਉੱਚ ਪਦਵੀ ਪ੍ਰਾਪਤ ਕੀਤੀ, ਜਿਸ ਦੀ ਕਿਧਰੇ ਮਿਸਾਲ ਨਹੀਂ ਮਿਲਦੀ। ਦੀਨ-ਦਿਆਲ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਲਾਹੌਰ ਸ਼ਹਿਰ ਦੀ ਚੂਨਾ ਮੰਡੀ ਦੇ ਵਸਨੀਕ ਪਿਤਾ ਸ੍ਰੀ ਹਰਿਦਾਸ ਜੀ ਦੇ ਘਰ ਮਾਤਾ ਦਇਆ ਕੌਰ ਜੀ ਦੀ ਕੁੱਖੋਂ ੨੫ ਅੱਸੂ ਸੰਮਤ ੧੫੯੧ (ਸੰਨ ੧੫੩੪) ਨੂੰ ਹੋਇਆ। ਆਪ ਜੀ ਦਾ ਬਚਪਨ ਦਾ ਨਾਮ 'ਜੇਠਾ' ਸੀ। ਬਚਪਨ ਵਿਚ ਹੀ ਆਪ ਜੀ ਦੇ ਸਿਰ ਤੋਂ ਮਾਂ-ਬਾਪ ਦਾ ਸਾਇਆ ਉਠ ਗਿਆ ਅਤੇ ਆਪ ਆਪਣੇ ਨਾਨਕੇ ਪਿੰਡ ਬਾਸਰਕੇ (ਅੰਮ੍ਰਿਤਸਰ) ਵਿਖੇ ਆ ਗਏ। ਆਪ ਜੀ ਨੂੰ ਛੋਟੀ ਉਮਰੇ ਕਿਰਤ-ਕਮਾਈ ਵਿਚ ਲਗਾਇਆ ਗਿਆ। ਆਪ ਘੁੰਗਣੀਆਂ ਵੇਚ ਕੇ ਘਰ ਦੇ ਨਿਰਬਾਹ ਵਿਚ ਹਿੱਸਾ ਪਾਉਂਦੇ ਸਨ।

ਆਪ ਜੀ ਨੇ ਬਚਪਨ ਵਿਚ ਆਪਣੇ ਨਾਨਕੇ ਪਿੰਡ ਦੇ ਹਰ ਵਸਨੀਕ ਦਾ ਮਨ ਮੋਹ ਲਿਆ ਸੀ। ਬਾਸਰਕੇ ਸ੍ਰੀ ਗੁਰੂ ਅਮਰਦਾਸ ਜੀ ਦੀ ਜਨਮ-ਨਗਰੀ ਸੀ ਅਤੇ ਇਥੋਂ ਦੀ ਸੰਗਤ ਗੁਰੂ ਜੀ ਦੇ ਦਰਸ਼ਨਾਂ ਲਈ ਅਕਸਰ ਗੋਇੰਦਵਾਲ ਸਾਹਿਬ ਜਾਇਆ ਕਰਦੀ ਸੀ ਅਤੇ ਕਈ ਵਾਰ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਖੁਦ ਪਿੰਡ ਆ ਕੇ ਸੰਗਤਾਂ ਨੂੰ ਦਰਸ਼ਨ ਦਿੰਦੇ ਸਨ। ਜਦੋਂ ਵੀ ਸ੍ਰੀ ਗੁਰੂ ਅਮਰਦਾਸ ਜੀ ਪਿੰਡ ਬਾਸਰਕੇ ਆਉਂਦੇ, ਉਦੋਂ ਉਹ ਭਾਈ ਜੇਠਾ ਜੀ ਨਾਲ ਬਹੁਤ ਸਨੇਹ ਕਰਦੇ। ਇਧਰ ਭਾਈ ਜੇਠਾ ਜੀ ਸੇਵਾ ਨੂੰ ਸਮਰਪਤ ਰਹਿੰਦੇ ਅਤੇ ਗੁਰੂ-ਘਰ ਨਾਲ ਸਬੰਧਤ ਹਰ ਕੰਮ ਨੂੰ ਖਿੜੇ-ਮੱਥੇ ਨਿਭਾਉਂਦੇ। ਸ੍ਰੀ ਗੁਰੂ ਅਮਰਦਾਸ ਜੀ ਨੇ ਨਗਰ ਗੋਇੰਦਵਾਲ ਸਾਹਿਬ ਸੰਮਤ ੧੬੦੬ (ਸੰਨ ੧੫੪੯) ਦੇ ਆਸ-ਪਾਸ ਵਸਾਇਆ ਸੀ ਅਤੇ ਅਜੇ ਇਸ ਦੀ ਵਸੋਂ ਨਵੀਂ-ਨਵੀਂ ਸੀ ਤੇ ਆਬਾਦੀ ਵੀ ਘੱਟ ਸੀ।

ਸ੍ਰੀ ਗੁਰੂ ਅਮਰਦਾਸ ਜੀ ਦੇ ਦਰਸ਼ਨਾਂ ਦੀ ਤਾਂਘ ਸਦਕਾ ਆਪ ਬਾਸਰਕੇ ਗਿੱਲਾਂ ਤੋਂ ਸ੍ਰੀ ਗੋਇੰਦਵਾਲ ਸਾਹਿਬ ਆ ਗਏ। ਇਥੇ ਆਪ ਗੁਰੂ-ਦਰਬਾਰ ਵਿਚ ਸਵੇਰੇ-ਸ਼ਾਮ ਕਥਾ-ਕੀਰਤਨ ਸਰਵਣ ਕਰਦੇ, ਗੁਰੂ-ਘਰ ਦੀ ਨਿਸ਼ਕਾਮ ਸੇਵਾ ਵੀ ਡਟ ਕੇ ਕਰਦੇ, ਪਰ ਆਪਣਾ ਨਿਰਬਾਹ ਘੁੰਗਣੀਆਂ ਵੇਚ ਕੇ ਹੀ ਕਰਦੇ। ਆਪ ਦੀ ਨਿਮਰਤਾ, ਸੇਵਾ-ਸਿਮਰਨ, ਕਿਰਤ ਅਤੇ ਨੇਕ ਸੁਭਾਅ ਨੂੰ ਵੇਖ ਕੇ ਸ੍ਰੀ ਗੁਰੂ ਅਮਰਦਾਸ ਜੀ ਨੇ ਆਪਣੀ ਸਪੁੱਤਰੀ ਬੀਬੀ ਭਾਨੀ ਜੀ ਦਾ ਰਿਸ਼ਤਾ ਆਪ ਜੀ ਨਾਲ ਕਰ ਦਿੱਤਾ। ਗੁਰੂ-ਘਰ ਦਾ ਦਾਮਾਦ ਬਣ ਕੇ ਵੀ ਆਪ ਜੀ ਨੇ ਲੋਕ-ਲਾਜ ਦੀ ਪਰਵਾਹ ਨਾ ਕੀਤੀ ਅਤੇ ਦਿਨ-ਰਾਤ ਗੁਰੂ-ਘਰ ਦੀ ਸੇਵਾ ਵਿਚ ਤੱਤਪਰ ਰਹੇ। ਇਕ ਵਾਰ ਲਾਹੌਰ ਤੋਂ ਆਏ ਸ਼ਰੀਕੇ ਵਾਲਿਆਂ ਨੇ ਮਿਹਣਾ ਵੀ ਮਾਰਿਆ ਕਿ ਸਹੁਰੇ-ਘਰ ਵਿਚ ਜਵਾਈਆਂ ਨੂੰ ਹੱਥੀਂ ਛਾਵਾਂ ਹੁੰਦੀਆਂ ਨੇ ਪਰ ਤੂੰ ਤਾਂ ਟੋਕਰੀਆਂ ਢੋ ਕੇ ਸਾਨੂੰ ਲਾਜ ਲੁਆ ਛੱਡੀ ਹੈ। ਉਨ੍ਹਾਂ ਸ੍ਰੀ ਗੁਰੂ ਅਮਰਦਾਸ ਜੀ ਨੂੰ ਵੀ ਉਲਾਂਭਾ ਦਿੱਤਾ ਤਾਂ ਗੁਰੂ ਜੀ ਨੇ ਕਿਹਾ ਕਿ ਰਾਮਦਾਸ ਦੇ ਸਿਰ 'ਤੇ ਮਿੱਟੀ ਦੀ ਟੋਕਰੀ ਨਹੀਂ ਹੈ, ਸਗੋਂ ਦੀਨ-ਦੁਨੀਆਂ ਦਾ ਛਤਰ ਹੈ, ਗੁਰੂ ਸਾਹਿਬ ਦਾ ਇਹ ਪਵਿੱਤਰ ਬਚਨ ਸੱਚ ਹੋ ਨਿਬੜਿਆ।

ਹੁਣ ਪ੍ਰੀਖਿਆ ਦਾ ਸਮਾਂ ਆ ਗਿਆ। ਸ੍ਰੀ ਗੁਰੂ ਅਮਰਦਾਸ ਜੀ ਨੇ ਗੁਰਿਆਈ ਲਈ ਯੋਗ ਵਿਅਕਤੀ ਦੀ

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਭਾਲ ਕਰਨੀ ਸ਼ੁਰੂ ਕਰ ਦਿੱਤੀ। ਗੁਰੂ ਸਾਹਿਬ ਜੀ ਨੇ ਭਾਈ ਰਾਮਾ ਜੀ ਤੇ ਭਾਈ ਜੇਠਾ ਜੀ ਨੂੰ ਥੜ੍ਹੇ ਬਣਾਉਣ ਦਾ ਹੁਕਮ ਕੀਤਾ। ਗੁਰੂ ਜੀ ਦੇ ਹੁਕਮ ਅਨੁਸਾਰ ਭਾਈ ਰਾਮਾ ਜੀ ਅਤੇ ਭਾਈ ਜੇਠਾ ਜੀ ਥੜ੍ਹੇ ਬਣਾਉਂਦੇ ਰਹੇ ਪਰ ਗੁਰੂ ਜੀ ਕੋਈ ਨਾ ਕੋਈ ਨੁਕਸ ਕੱਢ ਕੇ ਥੜ੍ਹੇ ਢੁਹਾ ਦਿੰਦੇ। ਕਈ ਵਾਰ ਅਜਿਹਾ ਹੋਇਆ ਤਾਂ ਭਾਈ ਰਾਮਾ ਜੀ ਦਾ ਸਿਦਕ ਡੋਲ ਗਿਆ ਪਰ ਭਾਈ ਜੇਠਾ ਜੀ ਨਿਮਰਤਾ ਵਿਚ ਭਿੱਜੇ 'ਸਤਿ ਬਚਨ' ਕਹਿ ਕੇ ਫਿਰ ਉਸਾਰੀ ਸ਼ੁਰੂ ਕਰ ਦਿੰਦੇ ਰਹੇ। ਆਪ ਜੀ ਦੀ ਨਿਮਰਤਾ ਅਤੇ ਸਦਗੁਣਾਂ ਨੂੰ ਦੇਖ ਕੇ ਸਤੰਬਰ ੧੫੭੪ ਈ: ਨੂੰ ਗੁਰਗੱਦੀ ਦੀ ਜ਼ਿੰਮੇਵਾਰੀ ਆਪ ਨੂੰ ਸੌਂਪੀ ਗਈ।

ਸ੍ਰੀ ਗੁਰੂ ਰਾਮਦਾਸ ਜੀ ਨੇ ਸ੍ਰੀ ਗੁਰੂ ਅਮਰਦਾਸ ਜੀ ਦੀ ਆਗਿਆ ਅਨੁਸਾਰ ਰਾਮਦਾਸਪੁਰ (ਸ੍ਰੀ ਅੰਮ੍ਰਿਤਸਰ) ਦੀ ਨੀਂਹ ਰੱਖੀ। ਗੁਰੂ ਸਾਹਿਬ ਨੇ 'ਸੰਤੋਖਸਰ' ਅਤੇ ਅੰਮ੍ਰਿਤਸਰ ਦੀ ਖੁਦਾਈ ਦਾ ਕੰਮ ਸ਼ੁਰੂ ਕਰਾਇਆ ਅਤੇ ਇਥੇ ਹੀ ਰਹਿਣ ਲੱਗ ਪਏ। ਆਸ-ਪਾਸ ਦੇ ਪਿੰਡਾਂ ਦੇ ਜ਼ਿਮੀਦਾਰਾਂ ਤੋਂ ਪੰਜ ਸੌ ਵਿੱਘੇ ਜ਼ਮੀਨ ਮੁੱਲ ਲੈ ਕੇ 'ਗੁਰੂ ਦਾ ਚੱਕ' (ਹੁਣ ਸ੍ਰੀ ਅੰਮ੍ਰਿਤਸਰ ਸ਼ਹਿਰ) ਵਸਾਉਣਾ ਸ਼ੁਰੂ ਕੀਤਾ। ਨਗਰ ਵਿਚ ਵਾਪਾਰ, ਰੋਟੀ-ਰੋਜ਼ੀ ਤੇ ਕਿਰਤ-ਕਮਾਈ ਦੇ ਸਾਧਨਾਂ ਨੂੰ ਤੋਰਨ ਅਤੇ ਮਜ਼ਬੂਤ ਕਰਨ ਲਈ ਦੂਰ-ਦੂਰ ਤੋਂ ੫੨ ਕਿਸਮ ਦੇ ਕਿਰਤੀ ਕਾਰੀਗਰਾਂ ਅਤੇ ਵਾਪਾਰੀਆਂ ਨੂੰ ਵਸਾਇਆ। ਗੁਰੂ ਸਾਹਿਬ ਜੀ ਨੇ ਜਿਸ ਪਹਿਲੇ ਬਾਜ਼ਾਰ ਨੂੰ ਸੰਚਾਲਿਤ ਕੀਤਾ, ਉਸ ਦਾ ਨਾਂ 'ਗੁਰੂ ਬਾਜ਼ਾਰ' ਪ੍ਰਸਿੱਧ ਹੋਇਆ ਜੋ ਅੱਜ ਵੀ ਮੌਜੂਦ ਹੈ ਤੇ ਸੋਨੇ-ਚਾਂਦੀ ਦੇ ਜੇਵਰਾਂ ਦਾ ਅੰਤਰਰਾਸ਼ਟਰੀ ਬਾਜ਼ਾਰ ਹੈ। ਆਪ ਨੇ ਆਪਣੀ ਰਿਹਾਇਸ਼ ਲਈ ਇੱਕ ਛੋਟਾ ਜਿਹਾ ਮਕਾਨ ਬਣਵਾਇਆ ਜੋ 'ਗੁਰੂ ਕਾ ਮਹਿਲ' ਕਰ ਕੇ ਪ੍ਰਸਿੱਧ ਹੋਇਆ। ਹੁਣ ਇਸ ਜਗ੍ਹਾ ਬਹੁਤ ਸੁੰਦਰ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ।

ਸ੍ਰੀ ਗੁਰੂ ਰਾਮਦਾਸ ਜੀ ਦੇ ਸਮੇਂ ਤੱਕ ਸਿੱਖੀ ਦਾ ਵਿਕਾਸ ਸਿਖਰਾਂ ਤੱਕ ਪਹੁੰਚ ਚੁੱਕਾ ਸੀ। ਸ਼ਰਧਾਲੂਆਂ ਦੀ ਗਿਣਤੀ ਦਿਨੋਂ-ਦਿਨ ਵਧ ਰਹੀ ਸੀ। ਲੰਗਰ ਜਾਰੀ ਸੀ। ਨਵੀਆਂ ਧਰਮਸ਼ਾਲਾਵਾਂ ਦੀ ਉਸਾਰੀ ਅਤੇ ਅੰਮ੍ਰਿਤ ਸਰੋਵਰ ਦੇ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਕਾਫ਼ੀ ਧਨ ਦੀ ਲੋੜ ਸੀ। ਅਜਿਹੇ ਸਮੇਂ ਗੁਰੂ ਸਾਹਿਬ ਨੇ ਮਸੰਦ ਪ੍ਰਥਾ ਦੀ ਸਥਾਪਨਾ ਕੀਤੀ। ਇਹ ਮਸੰਦ ਜਿਥੇ ਸੰਗਤਾਂ ਨੂੰ ਗੁਰੂ-ਘਰ ਦੇ ਨਵੇਂ ਕਾਰਜਾਂ ਤੋਂ ਜਾਣੂੰ ਕਰਵਾਉਂਦੇ, ਉਥੇ ਕਾਰ-ਭੇਟਾ ਲਿਆ ਕੇ ਗੁਰੂ-ਦਰਬਾਰ ਵਿਚ ਜਮ੍ਹਾਂ ਕਰਵਾ ਦਿੰਦੇ। ਇਸ ਨਾਲ ਕਾਫ਼ੀ ਮਾਤਰਾ ਵਿਚ ਧਨ ਇਕੱਠਾ ਹੋਣ ਲੱਗ ਪਿਆ। ਇਥੇ ਇਹ ਯਾਦ ਰਹੇ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਇਸ 'ਮਸੰਦ' ਪ੍ਰਣਾਲੀ ਨੂੰ ਖ਼ਤਮ ਕਰ ਦਿੱਤਾ ਸੀ, ਕਿਉਂਕਿ ਸਮੇਂ ਦੇ ਚੱਲਦਿਆਂ ਇਸ ਦੇ ਕੰਮਾਂ ਵਿਚ ਖੜੋਤ ਆ ਗਈ ਸੀ ਅਤੇ ਇਹ ਆਪਣੇ ਰਸਤੇ ਤੋਂ ਭਟਕ ਗਈ ਸੀ। ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਨੇ ਵੀ ਪਹਿਲੇ ਗੁਰੂ ਸਾਹਿਬਾਨ ਦੇ ਪਾਏ ਪੂਰਨਿਆਂ 'ਤੇ ਚੱਲਦਿਆਂ ਗੁਰਗੱਦੀ ਦੀ ਜ਼ਿੰਮੇਵਾਰੀ ਸ੍ਰੀ (ਗੁਰੂ) ਅਰਜਨ ਦੇਵ ਜੀ ਨੂੰ ਦੇਣ ਦਾ ਫੈਸਲਾ ਕੀਤਾ। ਆਪਣੀ ਸੱਚਖੰਡ ਵਾਪਸੀ ਦਾ ਸਮਾਂ ਨਜ਼ਦੀਕ ਜਾਣ ਕੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਪਰਿਵਾਰ ਸਮੇਤ ਸ੍ਰੀ ਗੋਇੰਦਵਾਲ ਸਾਹਿਬ ਚਲੇ ਗਏ ਅਤੇ ਇਥੇ ੨ ਅੱਸੂ, ਸੰਮਤ ੧੬੩੮ (ਸੰਨ ੧੫੮੧) ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਗੁਰਗੱਦੀ ਸੌਂਪ ਕੇ ਜੋਤੀ-ਜੋਤਿ ਸਮਾ ਗਏ। ਵਾਰ ਰਾਮਕਲੀ ਵਿਚ ਭਾਈ ਸਤਾ ਜੀ ਅਤੇ ਭਾਈ ਬਲਵੰਡ ਜੀ ਸ੍ਰੀ ਗੁਰੂ ਰਾਮਦਾਸ ਜੀ ਬਾਰੇ ਬਚਨ ਕਰਦੇ ਹਨ:

**ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ॥**
**ਪੂਰੀ ਹੋਈ ਕਰਾਮਾਤਿ ਆਪਿ ਸਿਰਜਣਹਾਰੈ ਧਾਰਿਆ॥** *(ਪੰਨਾ ੯੬੮)*

ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਪ੍ਰਕਾਸ਼ ਪੁਰਬ ਮੌਕੇ ਸਮੂਹ ਸਿੱਖ ਜਗਤ ਨੂੰ ਮੁਬਾਰਕਬਾਦ ਦਿੰਦਿਆਂ ਬੇਨਤੀ ਹੈ ਕਿ ਆਉ ! ਗੁਰੂ ਸਾਹਿਬ ਦੇ ਮਹਾਨ ਜੀਵਨ ਨੂੰ ਯਾਦ ਕਰਦਿਆਂ ਆਪਣੇ ਅੰਦਰ ਨਿਮਰਤਾ, ਸੇਵਾ ਅਤੇ ਸਿਮਰਨ ਦੇ ਭਾਵ ਪੈਦਾ ਕਰਦੇ ਹੋਏ ਸਿੱਖ ਪੰਥ ਦੇ ਸਿਧਾਂਤਾਂ ਨੂੰ ਵਿਵਹਾਰਕ ਜੀਵਨ ਦਾ ਹਿੱਸਾ ਬਣਾਈਏ ਅਤੇ ਸ੍ਰੀ ਦਸਮੇਸ਼ ਪਿਤਾ ਜੀ ਵੱਲੋਂ ਬਖਸ਼ਿਸ਼ ਕੀਤੇ, ਖੰਡੇ-ਬਾਟੇ ਦੀ ਪਾਹੁਲ ਛਕ ਕੇ, ਸਿੱਖ ਪਰਿਵਾਰ ਦਾ ਅੰਗ ਬਣੀਏ ਅਤੇ ਸਿੱਖ ਹੋਣ 'ਤੇ ਮਾਣ ਕਰੀਏ।

■

# ਸ੍ਰੀ ਗੁਰੂ ਰਾਮਦਾਸ ਜੀ ਦਾ ਸਿੱਖ ਕੌਮ ਦੀ ਉਸਾਰੀ ਵਿਚ ਯੋਗਦਾਨ

*-ਡਾ. ਇੰਦਰਜੀਤ ਸਿੰਘ ਵਾਸੂ**

ਭਾਈ ਜੇਠਾ ਜੀ (ਜੋ ਮਗਰੋਂ ਸ੍ਰੀ ਗੁਰੂ ਰਾਮਦਾਸ ਜੀ ਕਹਾਏ) ਦਾ ਪ੍ਰਕਾਸ਼ ਚੂਨਾ ਮੰਡੀ, ਲਾਹੌਰ ਵਿਖੇ ੧੫੩੪ ਈ. ਵਿਚ ਹੋਇਆ। ਆਪ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ੩੧ ਰਾਗਾਂ ਵਿੱਚੋਂ ੩੦ ਰਾਗਾਂ ਵਿਚ ਬਾਣੀ ਰਚੀ। ਉਨ੍ਹਾਂ ਦੀ ਬਾਣੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਨੁੱਖੀ ਨਵ-ਨਿਰਮਾਣ ਦੀ ਵਿਚਾਰਧਾਰਾ ਨੂੰ ਅੱਗੇ ਤੋਰਦੀ ਹੈ। ਰੱਬੀ ਪ੍ਰੀਤ ਤੇ ਬਿਰਹਾ, ਸਿਮਰਨ ਤੇ ਸੇਵਾ, ਸੱਚੀ ਲਗਨ ਤੇ ਕੁਰਬਾਨੀ ਉਨ੍ਹਾਂ ਦੇ ਜੀਵਨ-ਆਦਰਸ਼ ਉਨ੍ਹਾਂ ਦੁਆਰਾ ਕੌਮੀ ਸਿਰਜਣਾ ਦੀ ਨੀਂਹ ਬਣੇ। ਉਨ੍ਹਾਂ ਨੇ ਬੜੀ ਜ਼ਿੰਮੇਵਾਰੀ ਨਾਲ ਸਿੱਖ ਧਰਮ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਨਿਸ਼ਚਿਤ ਲੀਹਾਂ 'ਤੇ ਤੋਰਿਆ। ਉਨ੍ਹਾਂ ਦੁਆਰਾ ਰਚੀ ਬਾਣੀ ਰਾਹੀਂ ਅਸੀਂ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਹੇਠ ਲਿਖੇ ਅਨੁਸਾਰ ਸਮਝਣ ਦਾ ਯਤਨ ਕਰ ਸਕਦੇ ਹਾਂ:

**ਪ੍ਰਭੂ ਪ੍ਰਾਪਤੀ ਲਈ ਆਤਮ ਸਮਰਪਣ:** ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਅਨੁਸਾਰ ਮਨੁੱਖ ਦਾ ਜੀਵਨ-ਮਨੋਰਥ ਪਰਮਾਤਮਾ ਅਥਵਾ ਪਰਮ ਹਕੀਕਤ ਦੀ ਪ੍ਰਾਪਤੀ ਹੈ। ਇਸ ਪ੍ਰਾਪਤੀ ਵਿਚ ਸਹਾਇਕ ਬਣਨ ਵਾਲੇ ਵਿਅਕਤੀ ਲਈ ਉਹ ਆਪਾ ਵੇਚਣ ਲਈ ਤਿਆਰ ਹਨ। ਇੱਥੋਂ ਤਕ ਕਿ ਪ੍ਰਭੂ ਵਸਲ ਲਈ ਆਪਣੇ ਤਨ ਦੇ ਟੁੱਕੜੇ-ਟੁੱਕੜੇ ਕਰਾਉਣ ਵਿਚ ਵੀ ਉਨ੍ਹਾਂ ਨੂੰ ਕੋਈ ਉਜ਼ਰ ਨਹੀਂ। ਅਜਿਹੀ ਤੜਪ ਦਾ ਯਥਾਰਥਕ ਵਰਣਨ ਦੁਨਿਆਵੀ ਸਾਹਿਤ ਵਿਚ ਕਿਧਰੇ ਨਹੀਂ ਮਿਲਦਾ ਜਿਵੇਂ:

**ਕੋਈ ਆਣਿ ਮਿਲਾਵੈ ਮੇਰਾ ਪ੍ਰੀਤਮੁ ਪਿਆਰਾ ਹਉ ਤਿਸੁ ਪਹਿ ਆਪੁ ਵੇਚਾਈ॥...**
**ਜੇ ਸੁਖੁ ਦੇਹਿ ਤ ਤੁਝਹਿ ਅਰਾਧੀ ਦੁਖਿ ਭੀ ਤੁਝੈ ਧਿਆਈ॥**
**ਜੇ ਭੁਖ ਦੇਹਿ ਤ ਇਤ ਹੀ ਰਾਜਾ ਦੁਖ ਵਿਚਿ ਸੂਖ ਮਨਾਈ॥**
**ਤਨੁ ਮਨੁ ਕਾਟਿ ਕਾਟਿ ਸਭੁ ਅਰਪੀ ਵਿਚਿ ਅਗਨੀ ਆਪੁ ਜਲਾਈ॥**

*(ਪੰਨਾ ੭੫੭)*

**ਜੀਵਨ ਪਰਿਵਰਤਨ:** ਉਪਰੋਕਤ ਆਤਮ-ਸਮਰਪਨ ਦੀ ਭਾਵਨਾ ਉਨ੍ਹਾਂ ਦੇ ਜੀਵਨ ਵਿਚ ਵੀ ਮਿਲਦੀ ਹੈ। ਇਸੇ ਭਾਵਨਾ ਨੇ ਉਨ੍ਹਾਂ ਦੇ ਜੀਵਨ ਦਾ ਕਾਇਆ-ਕਲਪ ਕੀਤਾ। ਆਪ ਦੀ ਸੇਵਾ ਪ੍ਰਵਾਨ ਹੋਈ। ਘੁੰਗਣੀਆਂ ਵੇਚਣ ਦੀ ਕਿਰਤ ਨੂੰ ਫਲ ਲੱਗਾ। ਸੇਵਾ, ਸਿਮਰਨ ਤੇ ਸਾਦਗੀ ਸਦਕਾ ਆਪ ਨੂੰ ਗੁਰਿਆਈ ਦੀ ਬਖਸ਼ਿਸ਼ ਹੋਈ। ਇਸ ਚਮਤਕਾਰੀ ਤਬਦੀਲੀ ਬਾਰੇ ਆਪ ਨੇ ਆਪਣੀ ਬਾਣੀ ਵਿਚ ਜ਼ਿਕਰ ਕੀਤਾ ਹੈ:

**ਜੋ ਹਮਰੀ ਬਿਧਿ ਹੋਤੀ ਮੇਰੇ ਸਤਿਗੁਰਾ ਸਾ ਬਿਧਿ ਤੁਮ ਹਰਿ ਜਾਣਹੁ ਆਪੇ॥**
**ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ॥**

*(ਪੰਨਾ ੧੬੭)*

**ਹਉਮੈਂ ਦੀ ਭਾਵਨਾ ਦਾ ਵਿਨਾਸ਼:** ਪ੍ਰਭੂ-ਪ੍ਰਾਪਤੀ ਅਥਵਾ ਜੀਵਨ ਦੀ ਸੰਪੂਰਨਤਾ ਵਿਚ ਵੱਡੀ ਰੋਕ ਹਉਮੈਂ ਦੀ ਹੈ। ਇਹ ਮਨੁੱਖ ਦੀ ਸ੍ਵੈ-ਕੇਂਦਰੀਅਤਾ ਨਾਲ ਸੰਬੰਧਿਤ ਹੈ। ਇਹ ਮਨੁੱਖ ਨੂੰ ਕਈ ਸ਼੍ਰੇਣੀਆਂ ਵਿਚ ਵੰਡ ਕੇ, ਝੂਠੀਆਂ ਕੀਮਤਾਂ ਵਿਚ ਉਲਝਾ ਕੇ, ਭ੍ਰਿਸ਼ਟਾਚਾਰ ਦਾ ਕਾਰਨ ਬਣਦੀ ਹੈ। ਮਨੁੱਖ ਹਉਮੈਂ ਦੀ ਦਸ਼ਾ ਵਿਚ ਘਟ ਘਟ ਵਸਦੀ ਪਰਮ ਹੋਂਦ ਤੋਂ ਆਪਣੇ ਆਪ ਨੂੰ ਵੱਖ ਸਮਝਣ ਲਗਦਾ ਹੈ ਤੇ ਸਮਾਜਿਕ ਇਕਸੁਰਤਾ ਨੂੰ ਤੋੜਨ ਦੇ ਆਹਰ ਵਿਚ ਲਗਦਾ ਹੈ।

**ਪ੍ਰੋਫ਼ੈਸਰ, ਸ੍ਰੀ ਗੁਰੂ ਅੰਗਦ ਦੇਵ ਇੰਸਟੀਚਿਊਟ ਆਫ਼ ਰਿਲੀਜੀਅਸ ਸਟੱਡੀਜ਼, ਖਡੂਰ ਸਾਹਿਬ (ਤਰਨ ਤਾਰਨ)।*

**-ਹੰਉਮੈ ਅੰਦਰਿ ਖੜਕੁ ਹੈ ਖੜਕੇ ਖੜਕਿ ਵਿਹਾਇ॥**
**ਹੰਉਮੈ ਵਡਾ ਰੋਗੁ ਹੈ ਮਰਿ ਜੰਮੈ ਆਵੈ ਜਾਇ॥**

*(ਪੰਨਾ ੫੯੨)*

**-ਮੇਰੈ ਮਨਿ ਤਨਿ ਨਾਮੁ ਆਧਾਰੁ ਹੈ ਹਉਮੈ ਬਿਖੁ ਜਾਲੀ॥**

*(ਪੰਨਾ ੪੪੯)*

**ਮਾਨਵੀ ਹਸਤੀ ਦਾ ਸੰਕਟ ਤੇ ਸਮਾਧਾਨ:** ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਮਾਨਵੀ ਹਸਤੀ ਦੇ ਸੰਕਟ ਨਾਲ ਜੁੜਦੀ ਹੈ। ਇਹ ਸੰਕਟ ਮਾਨਵੀ ਰਿਸ਼ਤਿਆਂ ਦੀ ਅਣਸਥਿਰਤਾ, ਸੰਸਾਰ ਦੀਆਂ ਨਾਸ਼ਵਾਨ ਵਸਤਾਂ ਤੇ ਜੀਵਨ ਦੀ ਛਿੰਨ ਭੰਗਰਤਾ ਦੇ ਅਹਿਸਾਸ ਤੋਂ ਉਤਪੰਨ ਹੁੰਦਾ ਹੈ। ਰਿਸ਼ਤੇਦਾਰਾਂ ਦੀ ਖੁਦਗਰਜ਼ੀ ਜੀਵਨ ਵਿਚ ਬੇ-ਰਸੀ ਪੈਦਾ ਕਰਦੀ ਹੈ। ਗਰਜ਼ ਖਤਮ ਹੋਣ 'ਤੇ ਰਿਸ਼ਤੇ ਛਾਈ ਮਾਂਈ ਹੋ ਜਾਂਦੇ ਹਨ। ਮਾਨਵੀ ਹਸਤੀ ਦੇ ਵਿਘਟਨ ਨੂੰ ਸੰਘਟਨ ਵਿਚ ਬਦਲਣ ਦਾ ਚਮਤਕਾਰ ਇੱਕੋ ਇੱਕ ਗੁਰੂ ਦੀ ਹਸਤੀ ਕੋਲ ਹੈ ਜੋ ਮਨੁੱਖ ਨੂੰ ਸੱਚੀ ਲਿਵ ਪ੍ਰਦਾਨ ਕਰ ਕੇ, ਉਸ ਦੇ ਨੈਣਾਂ ਵਿਚ ਪ੍ਰਭੂ ਦੇ ਦੀਦਾਰ ਦੀ ਸਿੱਕ ਪੈਦਾ ਕਰ ਕੇ ਉਸ ਨੂੰ ਪ੍ਰਭੂ ਮਿਲਾਪ ਦੇ ਸਮਰਥ ਬਣਾ ਸਕਦੀ ਹੈ ਅਤੇ ਉਸ ਦੀ ਰੂਹ ਦੀ ਬੇਕਰਾਰੀ ਨੂੰ ਮਿਟਾ ਕੇ, ਉਸ ਨੂੰ ਨਾਮ ਦੀ ਸੀਤਲਤਾਈ ਪ੍ਰਦਾਨ ਕਰ ਕੇ ਸਦੀਵੀ ਮਾਨਸਿਕ ਅਨੰਦ ਤੇ ਚੈਨ ਨਸੀਬ ਕਰਵਾ ਸਕਦੀ ਹੈ। ਇਸ ਤਰ੍ਹਾਂ ਗੁਰੂ ਦੀ ਹਸਤੀ ਮਨੁੱਖੀ ਜੀਵਨ ਦੀ ਊਲ ਜਲੂਲਤਾ ਅਥਵਾ ਬੇ-ਤੁਕੇਪਣ ਨੂੰ ਨਿਸਪ੍ਰਭਾਵ ਕਰ ਸਕਦੀ ਹੈ। ਇਸ ਸੰਦਰਭ ਵਿਚ ਗੁਰਬਾਣੀ ਦੇ ਕੁਝ ਫੁਰਮਾਨ ਹੇਠ ਲਿਖੇ ਹਨ:

**-ਜੋ ਸੰਸਾਰੈ ਕੇ ਕੁਟੰਬ ਮਿਤ੍ਰ ਭਾਈ ਦੀਸਹਿ ਮਨ ਮੇਰੇ ਤੇ ਸਭਿ ਅਪਨੈ ਸੁਆਇ ਮਿਲਾਸਾ॥**
**ਜਿਤੁ ਦਿਨਿ ਉਨ੍ ਕਾ ਸੁਆਉ ਹੋਇ ਨ ਆਵੈ ਤਿਤੁ ਦਿਨਿ ਨੇੜੈ ਕੋ ਨ ਢੁਕਾਸਾ॥**

*(ਪੰਨਾ ੮੬੦)*

**-ਮਨਿ ਤ੍ਰਿਸਨਾ ਨ ਬੁਝੀ ਮੇਰੇ ਪਿਆਰੇ ਨਿਤ ਆਸ ਕਰੇ॥**
**ਨਿਤ ਜੋਬਨੁ ਜਾਵੈ ਮੇਰੇ ਪਿਆਰੇ ਜਮੁ ਸਾਸ ਹਿਰੇ॥**

*(ਪੰਨਾ ੪੫੧)*

**-ਪਿਰ ਰਤਿਅੜੇ ਮੈਡੇ ਲੋਇਣ ਮੇਰੇ ਪਿਆਰੇ ਚਾਤ੍ਰਿਕ ਬੂੰਦ ਜਿਵੈ॥ . . .**
**ਹਰਿ ਸਜਣੁ ਲਧਾ ਮੇਰੇ ਪਿਆਰੇ ਨਾਨਕ ਗੁਰੂ ਲਿਵੈ॥**

*(ਪੰਨਾ ੪੫੨)*

**ਨਾਮ ਦੀ ਮਹਾਨਤਾ:** ਗੁਰੂ ਜੀ ਨੇ ਮਨੁੱਖ ਨੂੰ ਪ੍ਰਭੂ ਦੇ ਨਾਮ-ਸਿਮਰਨ ਦੀ ਮਹਾਨਤਾ 'ਤੇ ਜ਼ੋਰ ਦਿੱਤਾ ਅਤੇ ਇਸ ਗੁਰਮਤਿ ਦੀ ਰਹੁ-ਰੀਤੀ ਨੂੰ ਤੀਰਥ-ਯਾਤਰਾ ਪੁੰਨ-ਦਾਨ ਕਰਨ ਅਤੇ ਵਰਤ ਰੱਖਣ ਆਦਿ ਦੇ ਬਾਹਰਲੇ ਕਰਮ-ਕਾਂਡ ਤੋਂ ਉਚੇਰਾ ਦੱਸਿਆ ਕਿਉਂਕਿ ਨਾਮ ਸਿਮਰਨ ਇਕ ਮਨੋਵਿਗਿਆਨਕ ਅਨੁਸ਼ਾਸਨ ਵਿਧੀ ਹੈ। ਜਿਸ ਨਾਲ ਮਾਨਸਿਕ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ, ਵਿਅਕਤੀ ਬਦੀ ਤੋਂ ਰਹਿਤ ਹੋ ਜਾਂਦਾ ਹੈ ਤੇ ਉਤਸ਼ਾਹੀ ਜੀਵਨ ਦਾ ਧਾਰਨੀ ਹੋ ਜਾਂਦਾ ਹੈ। ਇਹੋ ਜਿਹਾ ਵਿਅਕਤੀ ਪ੍ਰਵਾਨ ਪੁਰਖ ਦੀ ਪਦਵੀ ਗ੍ਰਹਿਣ ਕਰਦਾ ਹੈ ਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਫੁਰਮਾਨ ਜਿਨ ਹਰਿ ਜਪਿਆ ਸੇ ਹਰਿ ਹੋਏ ਦੀ ਰੋਸ਼ਨੀ ਵਿਚ ਉਹ ਪ੍ਰਭੂ ਨਾਲ ਅਭੇਦ ਹੋ ਜਾਂਦਾ ਹੈ। ਗੁਰਬਾਣੀ ਕੁਝ ਦੇ ਫੁਰਮਾਨ ਇਸ ਤੱਥ ਨੂੰ ਸਪੱਸ਼ਟ ਕਰਦੇ ਹਨ:

**-ਸਭਿ ਤੀਰਥ ਵਰਤ ਜਗ ਪੁੰਨ ਤੁੋਲਾਹਾ॥**
**ਹਰਿ ਹਰਿ ਨਾਮ ਨ ਪੁਜਹਿ ਪੁਜਾਹਾ॥**

*(ਪੰਨਾ ੬੯੯)*

**-ਜੋ ਹਰਿ ਨਾਮੁ ਧਿਆਇਦੇ ਤੇ ਜਨ ਪਰਵਾਨਾ॥**
**ਤਿਨ ਵਿਟਹੁ ਨਾਨਕੁ ਵਾਰਿਆ ਸਦਾ ਸਦਾ ਕੁਰਬਾਨਾ॥** *(ਪੰਨਾ ੭੨੫)*

**-ਜਿਨ ਹਰਿ ਜਪਿਆ ਸੇ ਹਰਿ ਹੋਏ ਹਰਿ ਮਿਲਿਆ ਕੇਲ ਕੇਲਾਲੀ॥**

*(ਪੰਨਾ ੬੬੭)*

**ਉੱਤਮ ਸ਼ਖ਼ਸੀਅਤ ਦਾ ਨਿਰਮਾਣ:** ਗੁਰੂ ਜੀ ਨੇ ਉੱਤਮ ਸ਼ਖ਼ਸੀਅਤ ਦੀ ਉਸਾਰੀ ਲਈ ਨਿਮਰਤਾ 'ਤੇ ਪ੍ਰੇਮ ਦੀ ਭਾਵਨਾ ਨੂੰ ਮੁੱਖ ਸਥਾਨ ਦਿੱਤਾ। ਉਨ੍ਹਾਂ ਦੇ ਵਿਚਾਰ ਅਨੁਸਾਰ ਪ੍ਰਭੂ ਦੇ ਦਰ 'ਤੇ ਨਾ ਝੁਕਣ ਵਾਲਾ ਸਿਰ ਕੱਟ ਦੇਣਾ ਚਾਹੀਦਾ ਹੈ ਤੇ ਪ੍ਰਭੂ-ਪ੍ਰੇਮ ਤੋਂ ਸੱਖਣਾ ਸਰੀਰ ਸਾੜਨ ਯੋਗ ਹੈ। ਗੁਰਸਿੱਖ ਦੇ ਮਨ ਵਿਚ ਗੁਰੂ-ਪ੍ਰੀਤ ਦਾ ਪਿਆਰ ਇਸ ਤਰ੍ਹਾਂ ਦਾ ਹੋਣਾ ਚਾਹੀਦਾ ਹੈ ਜਿਵੇਂ ਭਿਖਾਰੀ ਦਾ ਖੈਰ ਨਾਲ, ਭੁੱਖੇ ਦਾ ਅੰਨ ਨਾਲ, ਚਕਵੀ ਦਾ ਸੂਰਜ ਨਾਲ ਜਾਂ ਬਛੜੇ ਦਾ ਗਊ ਨਾਲ। ਉਨ੍ਹਾਂ ਨੇ ਇਸ ਸਬੰਧ ਵਿਚ ਮਨੁੱਖੀ ਜੀਵਨ ਤੇ ਪ੍ਰਕਿਰਤੀ 'ਚੋਂ ਮਿਸਾਲਾਂ ਦਿੱਤੀਆਂ ਜਿਵੇਂ:

**-ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਦੀਜੈ ਡਾਰਿ॥**
**ਨਾਨਕ ਜਿਸੁ ਪਿੰਜਰ ਮਹਿ ਬਿਰਹਾ ਨਹੀ ਸੋ ਪਿੰਜਰੁ ਲੈ ਜਾਰਿ॥**

*(ਪੰਨਾ ੮੯)*

**-ਭੀਖਕ ਪ੍ਰੀਤਿ ਭੀਖ ਪ੍ਰਭ ਪਾਇ॥ ਭੂਖੇ ਪ੍ਰੀਤਿ ਹੋਵੈ ਅੰਨੁ ਖਾਇ॥...**
**ਚਕਵੀ ਪ੍ਰੀਤਿ ਸੂਰਜੁ ਮੁਖਿ ਲਾਗੈ॥...**
**ਬਛਰੇ ਪ੍ਰੀਤਿ ਖੀਰੁ ਮੁਖਿ ਖਾਇ॥**

*(ਪੰਨਾ ੧੬੪)*

**ਨਿਰਭਉ ਵਿਅਕਤਿਤਵ ਦੀ ਉਸਾਰੀ:** ਨਿਰਭੈਅ ਸ਼ਖ਼ਸੀਅਤ ਦੀ ਉਸਾਰੀ ਲਈ ਗੁਰੂ ਜੀ ਨੇ ਮਨੁੱਖ ਨੂੰ ਪ੍ਰੇਰਨਾ ਕੀਤੀ ਕਿ ਉਹ ਪ੍ਰਭੂ ਨੂੰ ਹਾਜ਼ਰ-ਨਾਜ਼ਰ ਰਹਿਣ ਵਾਲੀ ਹਸਤੀ ਮੰਨੇ ਤਾਂਕਿ ਉਹ ਪਾਪ-ਭਾਵਨਾ ਤੋਂ ਮੁਕਤ ਹੋ ਸਕੇ, ਮਨ ਦੀ ਪਵਿੱਤਰਤਾ ਵਾਲੀ ਦਸ਼ਾ ਪ੍ਰਾਪਤ ਕਰ ਸਕੇ ਜਿਸ ਦੀ ਪ੍ਰਾਪਤੀ ਨਾਲ ਮਨੁੱਖ ਹਰੇਕ ਕਿਸਮ ਦੇ ਡਰ ਤੋਂ ਮੁਕਤ ਹੋ ਸਕਦਾ ਹੈ। ਜਿਵੇਂ:

**-ਸੋ ਡਰੈ ਜਿ ਪਾਪ ਕਮਾਵਦਾ ਧਰਮੀ ਵਿਗਸੇਤੁ॥**

*(ਪੰਨਾ ੮੪)*

**-ਜਿਸੁ ਅੰਤਰੁ ਹਿਰਦਾ ਸੁਧੁ ਹੈ ਮੇਰੀ ਜਿੰਦੁੜੀਏ ਤਿਨਿ ਜਨਿ ਸਭਿ ਡਰ ਸੁਟਿ ਘਤੇ ਰਾਮ॥**

*(ਪੰਨਾ ੫੪੦)*

ਸ੍ਰੀ ਗੁਰੂ ਰਾਮਦਾਸ ਜੀ ਦੇ ਸਮੇਂ ਸਤਿਗੁਰੂ ਲਈ ਸੱਚੇ ਪਾਤਸ਼ਾਹ ਵਿਸ਼ੇਸ਼ਣ ਦੀ ਵਰਤੋਂ ਸ਼ੁਰੂ ਹੋ ਜਾਂਦੀ ਹੈ ਜੋ ਇਸ ਲਹਿਰ ਦੇ ਸਰਵੋਤਮ ਤੇ ਦੈਵੀ ਮਿਆਰ ਦੀ ਪ੍ਰਤੀਕ ਹੈ। ਗੁਰੂ ਦੀ ਪਦਵੀ ਨੂੰ ਦਿੱਤਾ ਇਹ ਰੁਤਬਾ ਸਿੱਖਾਂ ਦੇ ਮਨਾਂ ਵਿੱਚੋਂ ਦੁਨਿਆਵੀ ਪਾਤਸ਼ਾਹ ਦੇ ਰੋਹਬ ਤੇ ਦਬਦਬੇ ਨੂੰ ਨਿਰਾਰਥਕ ਕਰਦਾ ਹੈ। ਇਸ ਤਰ੍ਹਾਂ ਗੁਰੂ ਜੀ ਦੀ ਨਿਰਭੈਅ ਪ੍ਰਭੂਤਾ ਨਾਲ ਸਿੱਖ ਧਰਮ ਨਿਰਭੈਅ ਸਮਾਜ ਦੀ ਉਸਾਰੀ ਵੱਲ ਕਦਮ ਪੁੱਟਦਾ ਹੈ।

**ਨਿਸ਼ਕਾਮ ਲੋਕ ਸੇਵਾ:** ਨਿਸ਼ਕਾਮ ਲੋਕ-ਸੇਵਾ ਮਨੁੱਖੀ ਸ਼ਖ਼ਸੀਅਤ ਨੂੰ ਹਰਮਨ ਪਿਆਰਾ ਬਣਾਉਂਦੀ ਹੈ ਤੇ ਸਾਰੇ ਸੁੱਖਾਂ ਦਾ ਸੋਮਾ ਹੋ ਨਿੱਬੜਦੀ ਹੈ। ਇਹ ਮਨੁੱਖ ਨੂੰ ਪਵਿੱਤਰ ਬਣਾਉਂਦੀ ਹੈ ਤੇ ਸਤਿਗੁਰਾਂ ਦੀ ਪ੍ਰਸੰਨਤਾ ਦੀ ਪ੍ਰਾਪਤੀ ਦਾ ਵਸੀਲਾ ਹੈ ਜਿਵੇਂ:

**-ਨਿਹਕਪਟ ਸੇਵਾ ਕੀਜੈ ਹਰਿ ਕੇਰੀ ਤਾਂ ਮੇਰੇ ਮਨ ਸਰਬ ਸੁਖ ਪਈਐ॥** *(ਪੰਨਾ ੮੬੧)*
**-ਸਾ ਸੇਵਾ ਕੀਤੀ ਸਫਲ ਹੈ ਜਿਤੁ ਸਤਿਗੁਰ ਕਾ ਮਨੁ ਮੰਨੇ॥**
**ਜਾ ਸਤਿਗੁਰ ਕਾ ਮਨੁ ਮੰਨਿਆ ਤਾ ਪਾਪ ਕਸੰਮਲ ਭੰਨੇ॥**

*(ਪੰਨਾ ੩੧੪)*

**ਸਿੱਖ ਆਚਾਰ ਨੀਤੀ ਦਾ ਨਿਰਮਾਣ:** ਸ੍ਰੀ ਗੁਰੂ ਰਾਮਦਾਸ ਜੀ ਦੇ ਸਮੇਂ ਤਕ ਸਿੱਖ ਧਰਮ ਤੇਜ਼ੀ ਨਾਲ ਵਿਕਸਿਤ ਹੋ ਰਿਹਾ ਸੀ। ਹੁਣ ਇਸ ਧਰਮ ਦੀ ਜੀਵਨ-ਜਾਚ ਨਿਸ਼ਚਿਤ ਕਰਨ ਦੀ ਲੋੜ ਸੀ। ਗੁਰੂ ਜੀ ਨੇ ਸਿੱਖਾਂ ਲਈ ਇਕ

ਆਚਾਰ ਨੀਤੀ ਤਿਆਰ ਕੀਤੀ। ਸਿੱਖ ਨੂੰ ਅੰਮ੍ਰਿਤ ਵੇਲੇ ਉੱਠਣ, ਇਸ਼ਨਾਨ ਕਰਨ, ਨਾਮ ਸਿਮਰਨ ਕਰਨ, ਗੁਰਬਾਣੀ ਗਾਇਨ ਤੇ ਪ੍ਰਭੂ ਦੇ ਹਰ ਵੇਲੇ ਨਾਮ ਜਪਣ ਦੀ ਮਨੋਵਿਗਿਆਨਕ ਵਿਧੀ ਨੂੰ ਅਪਣਾਉਣ ਦੀ ਪ੍ਰੇਰਨਾ ਕੀਤੀ ਤਾਂਕਿ ਉਹ ਪਵਿੱਤਰ ਜੀਵਨ ਜੀਅ ਸਕਣ। ਜਿਵੇਂ:

**ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ॥**
**ਉਦਮੁ ਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ॥**

*(ਪੰਨਾ ੩੦੫)*

ਸਿੱਖਾਂ ਦੀ ਵਿਆਹ-ਸੰਸਥਾ ਦੇ ਸਬੰਧ ਵਿਚ ਸੂਹੀ ਰਾਗ ਵਿਚ ਲਾਂਵ ਨਾਲ ਸੰਬੰਧਿਤ ਸ਼ਬਦ ਉਚਾਰੇ ਗਏ ਜਿਨ੍ਹਾਂ ਵਿਚ ਲੋਕ-ਪ੍ਰਲੋਕ ਦੀ ਖੁਸ਼ਹਾਲੀ ਨੂੰ ਸਾਹਵੇਂ ਰੱਖ ਕੇ ਸ਼ਬਦਾਂ ਦੀ ਰਚਨਾ ਕੀਤੀ ਗਈ ਜਿਨ੍ਹਾਂ ਵਿਚ ਪਹਿਲੀ ਲਾਵ ਇਸ ਤੁਕ ਨਾਲ ਅਰੰਭ ਹੁੰਦੀ ਹੈ:

**ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ॥**

*(ਪੰਨਾ ੭੭੩)*

**ਸਤਿਗੁਰੂ ਦੀ ਸਰਬਪੱਖੀ ਅਗਵਾਈ:** ਮਨੁੱਖੀ ਸ਼ਖ਼ਸੀਅਤ ਦੀ ਪੁਨਰ-ਉਸਾਰੀ ਵਿਚ ਸਤਿਗੁਰ ਦੀ ਅਗਵਾਈ ਦਾ ਵਿਸ਼ੇਸ਼ ਮਹੱਤਵ ਹੈ। ਡਾ. ਸੁਰਜੀਤ ਹਾਂਸ (ਕਰਤਾ ਪੁਸਤਕ ਬਾਣੀ ਦਾ ਅਜੋਕੀ ਕਵਿਤਾ ਵਿਚ ਮਹੱਤਵ) ਅਨੁਸਾਰ ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਵਿਚ ਗੁਰੂ ਦੀ ਸੰਗਤ ਕਰਨ ਦਾ ਵਿਸ਼ਾ ਸ਼ਾਇਦ ਪਹਿਲੀ ਵਾਰ ਬਾਣੀ ਵਿਚ ਪ੍ਰਵੇਸ਼ ਕਰਦਾ ਹੈ ਕਿਉਂਕਿ ਉਸ ਵੇਲੇ ਸਿੱਖ ਧਾਰਮਿਕ ਜਾਗ੍ਰਿਤੀ ਦਾ ਅੰਦੋਲਨ ਬਲਵਾਨ ਹੋ ਰਿਹਾ ਸੀ। ਸਤਿਗੁਰਾਂ ਦੇ ਨਿਯੁਕਤ ਕੀਤੇ ਪ੍ਰਚਾਰਕਾਂ ਦੁਆਰਾ ਦਲਿਤ ਵਰਗ ਵਿੱਚੋਂ ਸਿੱਖੀ ਦੇ ਦਾਇਰੇ ਵਿਚ ਪ੍ਰਵੇਸ਼ ਕਰਨ ਵਾਲੇ ਨਵੇਂ ਸਿੱਖਾਂ ਵਿਚ ਗੁਰੂ ਪ੍ਰਤੀ ਸ਼ਰਧਾ ਤੇ ਅਨਿੰਨ ਭਗਤੀ ਦਾ ਮਾਦਾ ਹੋਣੀ ਕੁਦਰਤੀ ਸੀ। ਉਨ੍ਹਾਂ ਦੇ ਮਨ ਵਿਚ ਗੁਰੂ ਪ੍ਰਤੀ ਤਾਂਘ ਦਾ ਪ੍ਰਗਟਾਵਾ "ਹਉ ਪੰਥੁ ਦਸਾਈ ਨਿਤ ਖੜੀ ਕੋਈ ਪ੍ਰਭੁ ਦਸੇ ਤਿਨਿ ਜਾਉ॥" ਅਤੇ "ਹਮਰੈ ਮਨਿ ਚਿਤਿ ਹਰਿ ਆਸ ਨਿਤ ਕਿਉ ਦੇਖਾ ਹਰਿ ਦਰਸੁ ਤੁਮਾਰਾ॥" ਆਦਿ ਸ਼ਬਦਾਂ ਵਿਚ ਪ੍ਰਤੱਖ ਮਿਲਦਾ ਹੈ। ਸ੍ਰੀ ਗੁਰੂ ਰਾਮਦਾਸ ਜੀ ਨੇ ਸਤਿਗੁਰ ਦੇ ਲੱਛਣ ਵੀ ਬਿਆਨ ਕੀਤੇ ਹਨ। ਉਨ੍ਹਾਂ ਦੇ ਵਿਚਾਰ ਅਨੁਸਾਰ ਉਹੀ ਹਸਤੀ ਸਤਿਗੁਰ ਦੀ ਪਦਵੀ ਦਾ ਅਧਿਕਾਰ ਰੱਖਦੀ ਹੈ ਜਿਸ ਦੇ ਮਿਲਣ ਨਾਲ ਅਨੰਦ ਦੀ ਪ੍ਰਾਪਤੀ ਭਰਮ ਦਾ ਨਾਸ਼ ਤੇ ਉੱਚਤਮ ਆਤਮਿਕ ਬੁਲੰਦੀ ਦੀ ਦਸ਼ਾ ਪ੍ਰਾਪਤ ਹੋਵੇ। ਜਿਵੇਂ:

**ਜਿਸੁ ਮਿਲਿਐ ਮਨਿ ਹੋਇ ਅਨੰਦੁ ਸੋ ਸਤਿਗੁਰੁ ਕਹੀਐ॥**

*(ਪੰਨਾ ੧੬੮)*

**ਸਿੱਖ ਸੰਗਠਨ ਦੀ ਸੁਰੱਖਿਆ:** ਗੁਰੂ ਜੀ ਨੇ ਸਿੱਖ ਸੰਗਤ ਨੂੰ ਸਿੱਖ ਪੰਥ ਦੇ ਸੰਗਠਨ ਪ੍ਰਤੀ ਆ ਰਹੀਆਂ ਨਵੀਆਂ ਵੰਗਾਰਾਂ ਪ੍ਰਤੀ ਸੁਚੇਤ ਕੀਤਾ। ਮੀਣਾ ਸੰਪਰਦਾਇ ਨਾਲ ਸੰਬੰਧਿਤ ਬਾਬਾ ਪ੍ਰਿਥੀ ਚੰਦ ਤੇ ਉਨ੍ਹਾਂ ਦਾ ਬੇਟਾ ਮਿਹਰਬਾਨ 'ਨਾਨਕ ਛਾਪ' ਹੇਠ 'ਕੱਚੀ ਬਾਣੀ' ਰਚ ਕੇ ਸਿੱਖ ਸੰਗਤਾਂ ਵਿਚ ਜਿੱਥੇ ਭਰਮ-ਭੁਲੇਖੇ ਪਸਾਰ ਰਹੇ ਸਨ, ਉੱਥੇ ਨਾਲ ਹੀ ਸਿੱਖ ਪੰਥ ਦੇ ਖ਼ਿਲਾਫ ਸਰਕਾਰ ਨਾਲ ਸਾਜ਼ਬਾਜ਼ੀ ਵੀ ਕਰ ਰਹੇ ਸਨ। ਗੁਰੂ ਜੀ ਹੇਠ ਲਿਖੇ ਫੁਰਮਾਨ ਵਿਚ ਅਜਿਹੇ ਗੁਰੂ ਵਿਰੋਧੀਆਂ ਦੀ ਦੁਰਦਸ਼ਾ ਦਾ ਬਿਆਨ ਕਰਦੇ ਹਨ। ਜਿਵੇਂ:

**ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥**
**ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ॥**
**ਓਨ੍ਾ ਅੰਦਰਿ ਹੋਰੁ ਮੁਖਿ ਹੋਰੁ ਹੈ ਬਿਖੁ ਮਾਇਆ ਨੋ ਝਖਿ ਮਰਦੇ ਕੜੀਐ॥**

*(ਪੰਨਾ ੩੦੪)*

**ਅਰੋਗ ਸੱਭਿਆਚਾਰ ਦੀ ਉਸਾਰੀ:** ਤੰਦਰੁਸਤ ਸੱਭਿਆਚਾਰ ਦੀ ਉਸਾਰੀ ਲਈ ਆਪ ਨੇ ਨਿੰਦਾ ਚੁਗਲੀ ਦੀ ਨਿਖੇਧੀ ਕੀਤੀ ਕਿਉਂਕਿ ਇਹ ਆਦਤ ਸਮਾਜ ਵਿਚ ਜ਼ਹਿਰੀ ਵਾਤਾਵਰਨ ਉਸਾਰਨ ਵਿਚ ਮਦਦ ਕਰਦੀ ਹੈ। ਨਿੰਦਾ ਕਰਨ ਵਾਲਾ ਸਮਾਜ ਵਿਚ ਉੱਜਲੇ ਮੁਖ ਨਹੀਂ ਚੱਲ ਸਕਦਾ ਤੇ ਲੋਕਾਂ ਦਾ ਇਤਬਾਰ ਗੁਆ ਕੇ ਆਪਣੀ ਜ਼ਿੰਦਗੀ ਨੂੰ

ਮਾਰੂਥਲ ਵਾਂਗ ਸੁੰਨਸਾਨ ਬਣਾ ਲੈਂਦਾ ਹੈ ਜਿਵੇਂ:

**ਜਿਸੁ ਅੰਦਰਿ ਤਾਤਿ ਪਰਾਈ ਹੋਵੈ ਤਿਸ ਦਾ ਕਦੇ ਨ ਹੋਵੀ ਭਲਾ॥**
**ਓਸ ਦੈ ਆਖਿਐ ਕੋਈ ਨ ਲਗੈ ਨਿਤ ਓਜਾੜੀ ਪੂਕਾਰੇ ਖਲਾ॥**

*(ਪੰਨਾ ੩੦੮)*

ਤਤਕਾਲੀਨ ਸਮੇਂ ਵਿਚ ਦਾਜ ਵਿਖਾਣ ਦੀ ਰਸਮ ਬਹੁਤ ਪ੍ਰਚਲਿਤ ਸੀ। ਇਸ ਰਸਮ ਨੂੰ ਗੁਰੂ ਜੀ ਨੇ ਝੂਠ, ਹੰਕਾਰ ਤੇ ਪਖੰਡ ਦਾ ਪ੍ਰਤੀਕ ਦੱਸਿਆ ਗੁਰੂ ਜੀ ਦੇ ਵਿਚਾਰ ਅਨੁਸਾਰ ਵਿਆਂਹਦੜ ਲੜਕੀ ਲਈ ਪ੍ਰਭੂ ਦਾ ਨਾਮ ਹੀ ਵੱਡਾ ਤੋਹਫਾ ਤੇ ਦਾਜ ਦਾ ਸਮਾਨ ਹੈ ਜਿਵੇਂ:

**ਹੋਰਿ ਮਨਮੁਖ ਦਾਜੁ ਜਿ ਰਖਿ ਦਿਖਾਲਹਿ ਸੁ ਕੂੜੁ ਅਹੰਕਾਰੁ ਕਚੁ ਪਾਜੋ॥**
**ਹਰਿ ਪ੍ਰਭ ਮੇਰੇ ਬਾਬੁਲਾ ਹਰਿ ਦੇਵਹੁ ਦਾਨੁ ਮੈ ਦਾਜੋ॥**

*(ਪੰਨਾ ੭੯)*

ਸ੍ਰੀ ਗੁਰੂ ਰਾਮਦਾਸ ਜੀ ਨੇ ਅਰੋਗ ਸੱਭਿਆਚਾਰ ਦੀ ਉਸਾਰੀ ਲਈ ਵਰਗ ਰਹਿਤ ਸਮਾਜ ਦੀ ਉਸਾਰੀ ਨੂੰ ਪ੍ਰਮੁੱਖ ਲੋੜ ਦੱਸਿਆ। ਗੁਰੂ ਜੀ ਅਨੁਸਾਰ ਚਾਰੇ ਜਾਤਾਂ ਵਿੱਚੋਂ ਕੋਈ ਵੀ ਵਿਅਕਤੀ ਪ੍ਰਭੂ ਦਾ ਨਾਮ ਜਪ ਕੇ ਉੱਤਮ ਪਦਵੀ ਪ੍ਰਾਪਤ ਕਰ ਸਕਦਾ ਜਿਵੇ:

**ਬ੍ਰਾਹਮਣੁ ਖਤ੍ਰੀ ਸੂਦ ਵੈਸ ਚਾਰਿ ਵਰਨ ਚਾਰਿ ਆਸ੍ਰਮ ਹਹਿ ਜੋ ਹਰਿ ਧਿਆਵੈ ਸੋ ਪਰਧਾਨੁ॥**


*(ਪੰਨਾ ੮੬੧)*

**ਸਾਰ:–** ਸੰਖੇਪ ਵਿਚ ਇਹ ਕਿਹਾ ਜਾ ਸਕਦਾ ਹੈ ਕਿ ਸਿੱਖ ਕੌਮ ਦੀ ਉਸਾਰੀ ਵਿਚ ਸ੍ਰੀ ਗੁਰੂ ਰਾਮਦਾਸ ਜੀ ਦਾ ਵਿਸ਼ੇਸ਼ ਯੋਗਦਾਨ ਹੈ। ਉਨ੍ਹਾਂ ਨੇ ਆਪਣੇ ਵੇਲੇ ਦੀਆਂ ਸੰਗਤਾਂ ਨੂੰ ਕੁਰਬਾਨੀ, ਸੇਵਾ, ਆਤਮ ਸਮਰਪਨ, ਨਿਰਭੈਤਾ, ਪ੍ਰਭੂ-ਨਦਰ ਤੇ ਆਸ਼ਾਵਾਦ ਤੇ ਗੁਣ ਪ੍ਰਦਾਨ ਕੀਤੇ, ਜਿਨ੍ਹਾਂ ਨਾਲ ਪੰਜਾਬ ਵਾਸੀਆਂ ਵਿਚ ਗਤੀਸ਼ੀਲਤਾ, ਕਰਮਸ਼ੀਲਤਾ, ਸੰਘਰਸ਼ਸ਼ੀਲਤਾ ਆਦਿ ਸਿਰਜਨਾਤਮਿਕ ਪ੍ਰਵਿਰਤੀਆਂ ਦੀ ਉਤਪਤੀ ਹੋਈ। ਗੁਰੂ ਜੀ ਨੇ ਸਿੱਖ ਸੰਸਥਾਵਾਂ ਦੇ ਉਭਰਨ ਤੇ ਵਿਗਸਣ ਲਈ ਸਿੱਖਾਂ ਲਈ ਵਿਸ਼ੇਸ਼ ਜੀਵਨ-ਜਾਚ ਦੀ ਰੂਪ ਰੇਖਾ ਪੇਸ਼ ਕੀਤੀ। ਗੁਰਬਾਣੀ ਦੇ ਮੂਲ ਸਰੂਪ ਨੂੰ ਵਿਗਾੜਨ ਵਾਲੀਆਂ, ਪੰਥ ਦੋਖੀਆਂ ਦੀਆਂ ਕੋਸ਼ਿਸ਼ਾਂ ਨੂੰ ਵਿਫਲ ਕਰਨ ਦੇ ਉਪਰਾਲੇ ਕੀਤੇ। ਅਰੋਗ ਸੱਭਿਆਚਾਰ ਦੀ ਉਸਾਰੀ ਲਈ ਵਰਗ-ਰਹਿਤ ਪ੍ਰਣਾਲੀ ਨੂੰ ਆਧਾਰ ਬਣਾਉਣ ਦੀ ਪ੍ਰੇਰਨਾ ਕੀਤੀ। ਸ੍ਰੀ ਅੰਮ੍ਰਿਤਸਰ ਸ਼ਹਿਰ ਵਿਚ ਦਸਤਕਾਰੀ ਦਾ ਕੰਮ ਪ੍ਰਚਲਿਤ ਕਰਵਾਇਆ ਜਿਸ ਨਾਲ ਪੰਜਾਬ ਨੇ ਪੇਸ਼ਿਆਂ ਦੀ ਮੁਹਾਰਤ ਵਾਲੀ ਨਵੀਂ ਸੱਭਿਅਤਾ ਦੇ ਨਿਰਮਾਣ ਵਲ ਕਦਮ ਪੁੱਟਿਆ। ਗੁਰੂ ਜੀ ਦੀ ਬਾਣੀ ਤੇ ਜੀਵਨ ਅਮਲ ਜਿੱਥੇ ਸਿੱਖ ਧਰਮ ਦੀ ਨਿਆਰੀ ਹਸਤੀ ਤੇ ਨਿਆਰੇ ਸਰੂਪ ਦੇ ਪ੍ਰਤੀਕ ਹਨ, ਉੱਥੇ ਇਹ ਸਿੱਖ ਕੌਮ ਦੀ ਉਸਾਰੀ ਵਿਚ ਨਵੇਂ ਮੀਲ-ਪੱਥਰ ਵੀ ਹਨ।

■


## ਅੰਮ੍ਰਿਤ ਸੰਚਾਰ

*ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।*



# ਕਿਰਤੀ ਸਿੱਖ ਭਾਈ ਲਾਲੋ ਜੀ

*-ਦਿਲਜੀਤ ਸਿੰਘ 'ਬੇਦੀ'**

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਲੋਕਾਈ ਨੂੰ ਤਾਰਨ ਲਈ ਸੰਸਾਰ ਦੇ ਵੱਖ-ਵੱਖ ਪ੍ਰਚਾਰ ਦੌਰੇ ਕੀਤੇ। ਇਨ੍ਹਾਂ ਪ੍ਰਚਾਰ ਦੌਰਿਆਂ ਸਮੇਂ ਆਪ ਜੀ ਜਿਥੇ-ਜਿਥੇ ਵੀ ਗਏ ਉਥੋਂ ਦੇ ਹਾਲਾਤ ਅਨੁਸਾਰ ਆਪ ਨੇ ਮਨੁੱਖਤਾ ਨੂੰ ਉਪਦੇਸ਼ ਕੀਤਾ। ਪਹਿਲੀ ਉਦਾਸੀ ਸਮੇਂ ਸ੍ਰੀ ਗੁਰੂ ਨਾਨਕ ਦੇਵ ਜੀ ਸੈਦਪੁਰ ਪਹੁੰਚੇ, ਜਿਸ ਦਾ ਨਾਮ ਬਾਅਦ ਵਿਚ ਐਮਨਾਬਾਦ ਕਰਕੇ ਪ੍ਰਸਿੱਧ ਹੋਇਆ।

ਐਮਨਾਬਾਦ ਵਿਚ ਭਾਈ ਲਾਲੋ ਨਾਮ ਦਾ ਇਕ ਕਿਰਤੀ ਸਿੱਖ ਰਹਿੰਦਾ ਸੀ। ਭਾਈ ਲਾਲੋ ਜੀ ਬੜੇ ਸੱਚੇ-ਸੁੱਚੇ, ਧਰਮ ਦੀ ਕਿਰਤ ਕਰਨ ਵਾਲੇ, ਮਿਹਨਤੀ ਤੇ ਸਾਧੂ ਸੁਭਾ ਵਾਲੇ ਸਨ, ਜੋ ਆਪਣੀ ਕਿਰਤ ਕਮਾਈ ਨੂੰ ਹਮੇਸ਼ਾਂ ਵੰਡ ਕੇ ਛਕਦੇ ਸਨ। ਭਾਈ ਲਾਲੋ ਜੀ ਦਾ ਜਨਮ ੧੪੫੨ ਈ: ਵਿਚ ਸੈਦਪੁਰ ਜ਼ਿਲ੍ਹਾ ਗੁੱਜਰਾਂਵਾਲਾ (ਪਾਕਿਸਤਾਨ) ਵਿਚ ਪਿਤਾ ਭਾਈ ਜਗਤ ਰਾਮ ਦੇ ਘਰ ਮਾਤਾ ਬੀਬੀ ਖੇਮੋ ਦੀ ਕੁੱਖ ਤੋਂ ਹੋਇਆ। ਭਾਈ ਲਾਲੋ ਜੀ ਲੱਕੜ ਦੇ ਕੰਮ ਦੇ ਮਾਹਰ ਕਾਰੀਗਰ ਸਨ। ਉਹ ਇਸ ਕੰਮ ਦੇ ਨਾਲ-ਨਾਲ ਹਕੀਮੀ ਵੀ ਜਾਣਦੇ ਸਨ। ਉਸ ਸਮੇਂ ਸਮਾਜ ਅੰਦਰ ਜਾਤੀਵਾਦ ਦਾ ਕੋਹੜ ਏਨਾ ਭਾਰੀ ਸੀ ਕਿ ਆਪਣੇ ਆਪ ਨੂੰ ਉੱਚ ਜਾਤੀ ਦੇ ਸਮਝਣ ਵਾਲੇ ਲੋਕ ਗਰੀਬ ਲੋਕਾਂ ਦਾ ਪਰਛਾਵਾਂ ਵੀ ਬਰਦਾਸ਼ਤ ਨਹੀਂ ਸਨ ਕਰਦੇ। ਸ੍ਰੀ ਗੁਰੂ ਨਾਨਕ ਦੇਵ ਜੀ ਸਮਾਜ ਦੀਆਂ ਪਾਈਆਂ ਹੋਈਆਂ ਅਖੌਤੀ ਜਾਤ-ਪਾਤ ਦੀਆਂ ਵੰਡੀਆਂ ਨੂੰ ਤੋੜ ਕੇ ਭਾਈ ਲਾਲੋ ਜੀ ਦੇ ਘਰ ਆ ਠਹਿਰੇ ਹੋਏ ਸਨ। ਗੁਰੂ ਸਾਹਿਬ ਦੇ ਭਾਈ ਲਾਲੋ ਦੇ ਘਰ ਰਹਿਣ ਕਾਰਨ ਐਮਨਾਬਾਦ ਦੇ ਅਖੌਤੀ ਉੱਚ ਜਾਤੀ ਲੋਕਾਂ ਵਿਚ ਚਰਚਾ ਛਿੜੀ ਹੋਈ ਸੀ, ਕਿ ਗੁਰੂ ਸਾਹਿਬ ਉੱਚੀ ਕੁਲ ਵਿੱਚੋਂ ਹੋ ਕੇ ਇਕ ਸ਼ੂਦਰ ਦੇ ਘਰ ਠਹਿਰੇ ਹੋਏ ਹਨ।

ਐਮਨਾਬਾਦ ਵਿਚ ਉਥੋਂ ਦੇ ਪਠਾਣ ਫੌਜਦਾਰ ਜ਼ਾਲਮ ਖਾਂ ਦਾ ਇੱਕ ਹਿੰਦੂ ਅਹਿਲਕਾਰ ਮਲਕ ਭਾਗੋ ਵੀ ਰਹਿੰਦਾ ਸੀ। ਉਹ ਹੰਕਾਰੀ ਜਾਬਰ ਤੇ ਵੱਡਾ ਵੱਡੀ-ਖੋਰ ਸੀ। ਉਹ ਲੋਕਾਂ ਦੇ ਹੱਕ ਦੀ ਕਮਾਈ ਨੂੰ ਲੁੱਟ ਰਿਹਾ ਸੀ। ਉਸ ਨੂੰ ਆਪਣੀ ਉੱਚੀ ਜਾਤ ਤੇ ਹੰਕਾਰ ਸੀ। ਲੋਕਾਂ ਦੀ ਕਮਾਈ ਤੇ ਐਸ਼ ਕਰਨ ਵਾਲਾ ਇਹ ਮਲਕ ਭਾਗੋ ਅਖੌਤੀ ਨੀਵੀਂ ਜਾਤ ਵਾਲਿਆਂ ਨਾਲ ਹਮੇਸ਼ਾਂ ਮਾੜਾ ਵਿਵਹਾਰ ਕਰਦਾ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਜਦ ਐਮਨਾਬਾਦ ਵਿਚ ਹੀ ਸਨ ਤਾਂ ਮਲਕ ਭਾਗੋ ਨੇ ਆਪਣੇ ਘਰ 'ਬ੍ਰਹਮ ਭੋਜ' ਰੱਖਿਆ ਜਿਸ ਲਈ ਉਸ ਨੇ ਬ੍ਰਾਹਮਣਾ, ਸਾਧੂ-ਸੰਤਾਂ ਦੇ ਨਾਲ ਗੁਰੂ ਸਾਹਿਬ ਨੂੰ ਵੀ ਸੱਦਾ ਭੇਜਿਆ ਪਰ ਗੁਰੂ ਜੀ ਉਸ ਦੇ ਭੋਜ ਤੇ ਨਾ ਆਏ। ਮਲਕ ਭਾਗੋ ਨੇ ਇਸ ਵਿਚ ਆਪਣੀ ਨਿਰਾਦਰੀ ਸਮਝਦਿਆਂ ਦੁਬਾਰਾ ਆਪਣੇ ਨੌਕਰਾਂ ਨੂੰ ਗੁਰੂ ਜੀ ਨੂੰ ਲੈਣ ਲਈ ਭੇਜਿਆ। ਜਦ ਗੁਰੂ ਜੀ ਆਏ ਤਾਂ ਮਲਕ ਭਾਗੋ ਨੇ ਗੁਰੂ ਜੀ ਨੂੰ ਭਾਈ ਲਾਲੋ ਦੇ ਘਰ ਦੀ ਰੁੱਖੀ-ਸੁੱਖੀ ਰੋਟੀ ਦੀ ਜਗ੍ਹਾ ਆਪਣੇ ਵੱਲੋਂ ਤਿਆਰ ਕਰਵਾਏ ਵੱਖ-ਵੱਖ ਪ੍ਰਕਾਰ ਦੇ ਭੋਜਨ ਨਾ ਛਕਣ ਦਾ ਕਾਰਨ ਪੁਛਿਆ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਲਕ ਭਾਗੋ ਨੂੰ ਸਮਝਾਇਆ ਕਿ ਤੁਹਾਡੇ ਦੁਆਰਾ ਤਿਆਰ ਕਰਵਾਇਆ ਗਿਆ ਭੋਜਨ ਗਰੀਬ ਲੋਕਾਂ ਦੇ ਲਹੂ ਨਾਲ ਭਰਿਆ ਪਿਆ ਹੈ। ਤੁਸੀਂ ਗਰੀਬ ਤੇ ਮਿਹਨਤੀ ਲੋਕਾਂ ਦੀ ਲਹੂ-ਪਸੀਨੇ ਨਾਲ ਕੀਤੀ ਕਮਾਈ ਨੂੰ ਧੱਕੇ ਨਾਲ ਖੋਹ ਕਿ ਉਸ ਨਾਲ ਬ੍ਰਹਮ ਭੋਜ ਕਰ ਰਹੇ ਹੋ। ਪਾਪਾਂ ਰਾਹੀਂ ਇਕੱਠੀ ਕੀਤੀ ਮਾਇਆ ਨਾਲ ਜੇਕਰ ਜਗ ਲਾ ਦਈਏ ਤਾਂ ਉਹ ਹੱਕ ਹਲਾਲ ਦੀ ਨਹੀਂ ਹੋ ਜਾਂਦੀ।

*(ਬਾਕੀ ਪੰਨਾ ੨੨ 'ਤੇ)*

**ਐਡੀ. ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

# ਖ਼ਾਲਸਾਈ ਜਾਹੋ-ਜਲਾਲ ਨਾਲ ਸੰਪਨ ਹੋਈ

# ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਦੇ ਸਰੋਵਰ ਦੀ ਕਾਰ-ਸੇਵਾ





ਦਿਲਜੀਤ ਸਿੰਘ 'ਬੇਦੀ'

ਜਦ ਵੀ ਸੇਵਾ ਦਾ ਜ਼ਿਕਰ ਆਉਂਦਾ ਹੈ ਤਾਂ ਸਿੱਖ ਧਰਮ ਦੀਆਂ ਵਡਮੁੱਲੀਆਂ ਪਰੰਪਰਾਵਾਂ ਆਪਣੇ ਆਪ ਉਜਾਗਰ ਹੋ ਜਾਂਦੀਆਂ ਹਨ। ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚਲਦਾ ਹੋਇਆ ਸਿੱਖ ਹਰ ਸਮੇਂ ਮਨੁੱਖਤਾ ਦੀ ਸੇਵਾ ਲਈ ਤੱਤਪਰ ਰਹਿੰਦਾ ਹੈ। ਗੁਰਬਾਣੀ ਅੰਦਰ ਤਨ, ਮਨ, ਧਨ ਅਤੇ ਸੁਰਤ ਦੁਆਰਾ ਸੇਵਾ ਦਾ ਜ਼ਿਕਰ ਮਿਲਦਾ ਹੈ। ਕਹਿਣ ਦਾ ਭਾਵ ਕਿ ਸੇਵਾ ਦਾ ਸਿੱਖ ਧਰਮ ਅੰਦਰ ਵੱਡਾ ਮਹੱਤਵ ਹੈ। ਸਿੱਖ ਜਿਥੇ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਲਈ ਸਦਾ ਤਿਆਰ ਰਹਿੰਦਾ ਹੈ, ਉਥੇ ਸਮੇਂ-ਸਮੇਂ ਗੁਰ-ਅਸਥਾਨਾਂ ਦੀ ਸੇਵਾ ਕਰਨਾ ਵੀ ਆਪਣਾ ਫਰਜ਼ ਸਮਝਦਾ ਹੈ। ਹੱਥੀਂ ਸੇਵਾ ਕਰਨ ਦੀ ਮਹਾਨਤਾ ਨੂੰ ਦਰਸਾਉਂਦਾ ਭਾਈ ਗੁਰਦਾਸ ਜੀ ਦਾ ਕਥਨ ਹੈ:

ਵਿਣੁ ਸੇਵਾ ਧ੍ਰਿਗੁ ਹਥ ਪੈਰ ਹੋਰ ਨਿਹਫਲ ਕਰਣੀ॥

ਗੁਰੂ ਸਾਹਿਬਾਨ ਨੇ ਆਪਣੇ ਜੀਵਨ ਵਿਚ ਸੇਵਾ ਦੇ ਇਸ ਸਿਧਾਂਤ ਨੂੰ ਅਮਲੀ ਤੌਰ 'ਤੇ ਨਿਭਾਇਆ ਜਿਸ ਦਾ ਜ਼ਿਕਰ ਇਤਿਹਾਸ ਵਿੱਚੋਂ ਮਿਲਦਾ ਹੈ। ਸਮੇਂ-ਸਮੇਂ ਸਿੱਖ ਕੌਮ ਨੇ ਗੁਰੂ ਸਾਹਿਬਾਨ ਨਾਲ ਸਬੰਧਤ ਅਸਥਾਨਾ ਦੀ ਸੇਵਾ ਕਰਵਾਈ। ਇਸੇ ਤਹਿਤ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਦੇ ਸਰੋਵਰ ਦੀ ਕਾਰ-ਸੇਵਾ ਦੀ ਆਰੰਭਤਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਗਈ। ਸੇਵਾ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਜਿੰਦਰ ਸਿੰਘ ਅਤੇ ਬੀਬੀ ਸੁਪਰੀਤ ਕੌਰ ਸੋਰੋਂ ਦੇ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ ਤੇ



ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਇਲਾਹੀ ਗੁਰਬਾਣੀ ਦਾ ਹੁਕਮਨਾਮਾ ਲਿਆ ਗਿਆ।

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀ. ਹੈਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕਿਹਾ ਕਿ ਇਹ ਉਹ ਪਾਵਨ ਅਸਥਾਨ ਹੈ ਜਿੱਥੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਪਾਣੀ ਦੀ ਲੋੜ ਨੂੰ ਮਹਿਸੂਸ ਕਰਦਿਆਂ ਇੱਕ ਪਾਵਨ ਸਰੋਵਰ ਤਿਆਰ ਕਰਵਾਇਆ ਜਿਸ ਦਾ ਨਾਂ ਰਾਮਸਰ ਸਾਹਿਬ ਰੱਖਿਆ। ਇਸ ਸਰੋਵਰ ਦੇ ਆਸੇ-ਪਾਸੇ ਦੇ ਸ਼ਾਂਤ-ਮਈ ਮਾਹੌਲ ਨੂੰ ਦੇਖਦੇ ਹੋਏ ਸਰੋਵਰ ਦੇ ਲਹਿੰਦੇ ਪਾਸੇ ਕੰਢੇ 'ਤੇ ਤੰਬੂ ਲਗਾ ਕੇ ਲੋਕਾਈ ਨੂੰ ਤਾਰਨ ਹਿਤ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਭਾਈ ਗੁਰਦਾਸ ਜੀ ਤੋਂ ਲਿਖਵਾਈ, ਜਿਸ ਵਿੱਚ ਆਪਣੇ ਸਮੇਤ ਪਹਿਲੇ ਚਾਰ ਗੁਰੂ ਸਾਹਿਬਾਨਾਂ ਦੀ ਪਵਿੱਤਰ ਬਾਣੀ ਦੇ ਨਾਲ ਭਗਤ ਸਾਹਿਬਾਨ, ਭੱਟ ਸਾਹਿਬਾਨ ਅਤੇ ਗੁਰਸਿੱਖਾਂ ਦੀ ਬਾਣੀ ਨੂੰ ਵੀ ਸ਼ਾਮਲ ਕੀਤਾ। ਉਨ੍ਹਾਂ ਕਿਹਾ ਕਿ ਬੀੜ ਤਿਆਰ ਹੋਣ ਉਪਰੰਤ ੧੬੦੪ ਈਸਵੀ ਨੂੰ ਇਸ ਦਾ ਪ੍ਰਕਾਸ਼ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੀਤਾ। ਇਸ ਤੋਂ ਇਲਾਵਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਟੇਜ ਦੀ ਸੇਵਾ ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ ਨੇ ਨਿਭਾਈ।

ਇਸ ਉਪਰੰਤ ਸੇਵਾ ਵਿਚ ਸ਼ਾਮਲ ਸਮੂਹ ਸੰਤਾਂ ਮਹਾਂਪੁਰਸ਼ਾਂ ਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਸਨਮਾਨਿਤ ਕੀਤਾ ਗਿਆ। ਸੇਵਾ ਦੀ ਆਰੰਭਤਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀ. ਹੈਡ ਗ੍ਰੰਥੀ, ਗਿਆਨੀ ਰਘਬੀਰ ਸਿੰਘ ਗ੍ਰੰਥੀ, ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਅਵਤਾਰ ਸਿੰਘ ਸੁਰ ਸਿੰਘ ਅਤੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੇ ਟਕ ਲਗਾ ਕੇ ਕਰਵਾਈ। ਬਾਟਿਆਂ ਦੀ ਸੇਵਾ ਬਾਬਾ ਅਨੂਪ ਸਿੰਘ ਸ੍ਰੀ ਹਜ਼ੂਰ ਸਾਹਿਬ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ, ਬਾਬਾ ਰਣਜੀਤ ਸਿੰਘ ਸੇਵਾ ਪੰਥੀ ਅਤੇ ਬਾਬਾ ਅਜੀਤ ਸਿੰਘ ਮਿੱਠਾ ਟਿਵਾਣਾ ਵਾਲਿਆਂ ਨੇ ਕੀਤੀ। ਇਸ ਦੇ ਇਲਾਵਾ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੁਖਦੇਵ ਸਿੰਘ ਨਗਰਾਸੂ, ਬਾਬਾ ਪ੍ਰਿਤਪਾਲ ਸਿੰਘ, ਬਾਬਾ ਅਜੀਤ ਸਿੰਘ ਮਿੱਠਾ ਟਿਵਾਣਾ,ਬਾਬਾ ਸਾਧ ਜੀ , ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ, ਸ. ਮਨਜੀਤ ਸਿੰਘ ਸਕੱਤਰ ਤੇ ਸ. ਦਿਲਜੀਤ ਸਿੰਘ ਬੇਦੀ ਅਤੇ ਸਮੁੱਚੀਆਂ ਸੰਗਤਾਂ ਨੇ ਸੇਵਾ ਵਿੱਚ ਹਿੱਸਾ ਪਾਇਆ।

ਇਸ ਸਮੇਂ ਸੰਗਤਾਂ ਦੀ ਵੱਡੀ ਗਿਣਤੀ ਵਿਚ ਸ਼ਮੂਲੀਅਤ ਸ਼ਰਧਾ ਭਾਵਨਾ ਦੀ ਸਿਖ਼ਰ ਵਜੋਂ ਦੇਖੀ ਜਾ ਸਕਦੀ ਸੀ। ਸੰਗਤਾਂ ਵੱਲੋਂ ਖ਼ਾਲਸਾਈ ਜੈਕਾਰਿਆਂ ਅਤੇ ਸਤਿਨਾਮ-ਵਾਹਿਗੁਰੂ ਦਾ ਜਾਪ ਨਿਰੰਤਰ ਜਾਰੀ ਰਿਹਾ। ਹਰ ਪਾਸੇ ਸ਼ਰਧਾ ਤੇ ਸਮਰਪਣ ਦਾ ਜਲੌ ਨਜ਼ਰ ਆ ਰਿਹਾ ਸੀ। ਸੰਗਤ ਦੇ ਭਾਰੀ ਉਤਸ਼ਾਹ ਕਾਰਨ ਕੁਝ ਘੰਟਿਆਂ ਵਿਚ ਹੀ ਸੇਵਾ ਸੰਪਨ ਹੋ ਗਈ। ਇਹ ਇਤਿਹਾਸਕ ਪਲ ਸੇਵਾ ਦੀ ਮਹਾਨ ਸਿੱਖ ਪਰੰਪਰਾ ਦੀ ਗਵਾਹੀ ਭਰ ਰਹੇ ਸਨ, ਜੋ ਦੇਖਣਯੋਗ ਸਨ।

ਇਸ ਮੌਕੇ ਸ. ਕੇਵਲ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਸਕੱਤਰ ਸਿੰਘ ਤੇ ਸ. ਬਲਵਿੰਦਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਤੇ ਸ. ਗੁਰਵਿੰਦਰ ਸਿੰਘ ਮੈਨੇਜਰ, ਸ. ਹਰਜਿੰਦਰ ਸਿੰਘ ਤੇ ਸ. ਹਰਪ੍ਰੀਤ ਸਿੰਘ ਵਧੀਕ ਮੈਨੇਜਰ, ਸ. ਗੁਰਵਿੰਦਰ ਸਿੰਘ ਨਿਜੀ ਸਹਾਇਕ, ਸ. ਰਾਮ ਸਿੰਘ ਸਾਬਕਾ ਮੀਤ ਸਕੱਤਰ, ਪ੍ਰੋ: ਸਰਦਾਰਾ ਸਿੰਘ, ਬਾਬਾ ਗੁਰਨਾਮ ਸਿੰਘ, ਬਾਬਾ ਜੱਗਾ ਸਿੰਘ, ਬਾਬਾ ਪ੍ਰੇਮ ਸਿੰਘ, ਬਾਬਾ ਫਤਿਹ ਸਿੰਘ, ਭਾਈ ਅਮਰੀਕ ਸਿੰਘ, ਬਾਬਾ ਸਰਵਣ ਸਿੰਘ, ਬਾਬਾ ਆਤਮਾ ਸਿੰਘ ਤੇ ਬਾਬਾ ਰਾਣਾ ਸਿੰਘ, ਸ. ਅਵਤਾਰ ਸਿੰਘ ਟਰੱਕਾਂ ਵਾਲੇ ਸੀਨੀਅਰ ਡਿਪਟੀ ਮੇਅਰ ਅਤੇ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



ਗੁਰਦੁਆਰਾ ਸ੍ਰੀ ਦੇਗਸਰ ਸਾਹਿਬ, ਕਟਾਣਾ (ਲੁਧਿਆਣਾ) ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਇਕੱਤਰਤਾ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਅਧਿਕਾਰੀ। (29 ਸਤੰਬਰ 2016)



ਗੁਰਦੁਆਰਾ ਸ੍ਰੀ ਦੇਗਸਰ ਸਾਹਿਬ, ਕਟਾਣਾ (ਲੁਧਿਆਣਾ) ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। (29 ਸਤੰਬਰ 2016)




ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਦੀ ਨਵੀਂ ਬਣੀ ਇਮਾਰਤ ਦਾ ਉਦਘਾਟਨ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਡਾ. ਜਸਪਾਲ ਸਿੰਘ ਵੀ.ਸੀ., ਡਾ. ਗੁਰਮੋਹਣ ਸਿੰਘ ਵਾਲੀਆ ਵੀ.ਸੀ., ਸ. ਬਲਵਿੰਦਰ ਸਿੰਘ ਜੌੜਾਸਿੰਘਾ ਐਡੀ. ਸਕੱਤਰ, ਡਾ. ਬਲਕਾਰ ਸਿੰਘ ਡਾਇਰੈਕਟਰ ਤੇ ਹੋਰ।
(14 ਸਤੰਬਰ 2016)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਨਵੀਆਂ ਬਣੀਆਂ ਭੱਠੀਆਂ ਦਾ ਉਦਘਾਟਨ ਕਰਦੇ ਹੋਏ। ਉਨ੍ਹਾਂ ਨਾਲ ਬਾਬਾ ਲਾਭ ਸਿੰਘ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਵੱਲੋਂ ਜਥੇਦਾਰ ਹਰਭਜਨ ਸਿੰਘ ਭਲਵਾਨ, ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ, ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਤੇ ਹੋਰ।
(24 ਸਤੰਬਰ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਾਸਤੇ ਬਿਜਲੀ ਦੀ ਨਿਰਵਿਘਨ ਸਪਲਾਈ ਲਈ 66 ਕੇ.ਵੀ. ਗਰਿਡ ਦਾ ਨੀਂਹ ਪੱਥਰ ਰੱਖਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਸ. ਮੈਂਬਰ ਮਗਵਿੰਦਰ ਸਿੰਘ ਖਾਪੜਖੇੜੀ ਤੇ ਸ. ਰਜਨੀਤ ਸਿੰਘ ਕਾਹਲੋਂ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ ਤੇ ਹੋਰ।

(24 ਸਤੰਬਰ 2016)



ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਪਿਤਾ ਸ, ਤਰਲੋਚਨ ਸਿੰਘ ਦੀ ਅੰਤਿਮ ਅਰਦਾਸ ਮੌਕੇ ਉਨ੍ਹਾਂ ਦੇ ਸਪੁੱਤਰ ਸ, ਅਜੀਤ ਸਿੰਘ ਨੂੰ ਦਸਤਾਰ ਭੇਟ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਵਿਦੇਸ਼ਾਂ ਵਿਚ ਸਿੱਖਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਪਹਿਚਾਣ ਸਬੰਧੀ ਕਿਤਾਬਚਾ ਜਾਰੀ ਕਰਦੇ ਹੋਏ। ਉਨ੍ਹਾਂ ਨਾਲ ਅੰਤ੍ਰਿੰਗ ਮੈਂਬਰ ਸ. ਨਿਰਮੈਲ ਸਿੰਘ ਜੌਲਾਂ, ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ ਤੇ ਸ. ਗੁਰਪ੍ਰੀਤ ਸਿੰਘ ਝੱਬਰ, ਸਕੱਤਰ ਸ. ਮਨਜੀਤ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਪਰਮਜੀਤ ਸਿੰਘ ਸਰੋਆ ਅਤੇ ਹੋਰ। (04 ਅਕਤੂਬਰ 2016)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਸਿੱਖ ਪਹਿਚਾਣ ਸਬੰਧੀ ਕਿਤਾਬਚਾ ਜਾਰੀ ਕਰਨ ਉਪਰੰਤ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ। ਉਨ੍ਹਾਂ ਨਾਲ ਅੰਤ੍ਰਿੰਗ ਮੈਂਬਰ ਸ. ਨਿਰਮੈਲ ਸਿੰਘ ਜੌਲਾਂ, ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ ਤੇ ਸ. ਗੁਰਪ੍ਰੀਤ ਸਿੰਘ ਝੱਬਰ, ਸਕੱਤਰ ਸ. ਮਨਜੀਤ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਪਰਮਜੀਤ ਸਿੰਘ ਸਰੋਆ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ ਅਤੇ ਹੋਰ। (04 ਅਕਤੂਬਰ 2016)



ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ) ਵਿਖੇ ਬਾਬਾ ਸੁਬੇਗ ਸਿੰਘ ਕਾਰ-ਸੇਵਾ ਵਾਲਿਆਂ ਵੱਲੋਂ ਤਿਆਰ ਕੀਤੇ ਅਖੰਡ ਪਾਠੀ ਸਿੰਘਾਂ ਦੇ ਰਿਹਾਇਸ਼ੀ ਕੰਪਲੈਕਸ ਦਾ ਉਦਘਾਟਨ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਮੈਂਬਰ ਭਾਈ ਮਨਜੀਤ ਸਿੰਘ, ਬਾਬਾ ਨਿਰਮਲ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਹੋਰ।

(04 ਅਕਤੂਬਰ 2016)



ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ) ਵਿਖੇ ਬਾਬਾ ਸੁਬੇਗ ਸਿੰਘ ਕਾਰ-ਸੇਵਾ ਵਾਲਿਆਂ ਵੱਲੋਂ ਤਿਆਰ ਕੀਤੀ ਗਈ ਮਾਤਾ ਗੰਗਾ ਜੀ ਛਬੀਲ ਦਾ ਉਦਘਾਟਨ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਮੈਂਬਰ ਭਾਈ ਮਨਜੀਤ ਸਿੰਘ, ਬਾਬਾ ਨਿਰਮਲ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਹੋਰ।

(04 ਅਕਤੂਬਰ 2016)



ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ) ਵਿਖੇ ਦਰਸ਼ਨੀ ਡਿਉਢੀ ਦੀ ਸੇਵਾ ਆਰੰਭ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਮੈਂਬਰ ਭਾਈ ਮਨਜੀਤ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਅਤੇ ਹੋਰ। (04 ਅਕਤੂਬਰ 2016)



ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ) ਵਿਖੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਸੁਬੇਗ ਸਿੰਘ ਕਾਰ-ਸੇਵਾ ਸ੍ਰੀ ਗੋਇੰਦਵਾਲ ਸਾਹਿਬ ਨੂੰ ਸਨਮਾਨਤ ਕਰਦੇ ਹੋਏ ਮੈਂਬਰ ਭਾਈ ਮਨਜੀਤ ਸਿੰਘ, ਬਾਬਾ ਨਿਰਮਲ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ', ਮੈਨੇਜਰ ਸ. ਜਸਪਾਲ ਸਿੰਘ ਤੇ ਹੋਰ। (04 ਅਕਤੂਬਰ 2016)

(ਪੰਨਾ ੧੮ ਦਾ ਬਾਕੀ)

ਅਜਿਹੀ ਕਮਾਈ ਨਾਲ ਕੀਤਾ ਹੋਇਆ ਦਾਨ-ਪੁਨ ਪਰਮਾਤਮਾ ਦੇ ਦਰ ਤੇ ਪ੍ਰਵਾਨ ਨਹੀਂ ਹੋਣਾ। ਚੇਤੇ ਰੱਖ:

**ਹਕੁ ਪਰਾਇਆ ਨਾਨਕਾ ਉਸੁ ਸੂਅਰ ਉਸੁ ਗਾਇ॥**
**ਗੁਰੁ ਪੀਰੁ ਹਾਮਾ ਤਾ ਭਰੇ ਜਾ ਮੁਰਦਾਰੁ ਨ ਖਾਇ॥**
**ਗਲੀ ਭਿਸਤਿ ਨ ਜਾਈਐ ਛੁਟੈ ਸਚੁ ਕਮਾਇ॥**
**ਮਾਰਣ ਪਾਹਿ ਹਰਾਮ ਮਹਿ ਹੋਇ ਹਲਾਲੁ ਨ ਜਾਇ॥**
**ਨਾਨਕ ਗਲੀ ਕੂੜੀਈ ਕੂੜੋ ਪਲੈ ਪਾਇ॥**

*(ਪੰਨਾ ੧੪੧)*

ਗੁਰੂ ਜੀ ਕਹਿਣ ਲੱਗੇ ਕਿ ਦੂਜੇ ਪਾਸੇ ਭਾਈ ਲਾਲੋ ਜੀ ਹੱਥੀਂ ਕਿਰਤ ਕਰਨ ਵਾਲਾ ਪ੍ਰਭੂ ਦਾ ਭਗਤ ਹੈ ਜੋ ਆਪਣੀ ਕੀਤੀ ਹੋਈ ਨਿਰਮਲ ਕਮਾਈ ਵਿੱਚੋਂ ਲੋੜਵੰਦਾਂ ਨੂੰ ਵੰਡ ਕੇ ਛੱਕਦਾ ਹੈ। ਇਸ ਵਾਸਤੇ ਉਸ ਦੁਆਰਾ ਤਿਆਰ ਕੀਤਾ ਰੁੱਖਾ-ਸੁੱਖਾ ਭੋਜਨ ਵੀ ਦੁੱਧ ਵਾਂਗ ਨਰੋਆ ਸੁਆਦੀ ਤੇ ਪਵਿੱਤ੍ਰ ਹੈ। ਜੇਕਰ ਤੁਸੀਂ ਉੱਚ ਜਾਤ ਦੀ ਗੱਲ ਕਰਦੇ ਹੋ ਤਾਂ ਅਸਲ ਵਿਚ ਮਨੁੱਖ ਦੁਆਰਾ ਕੀਤੇ ਕੰਮ ਹੀ ਉਸ ਦੀ ਉੱਚੀ ਜਾਂ ਨੀਵੀਂ ਜਾਤ ਦਾ ਨਿਰਣਾ ਕਰਦੇ ਹਨ। ਉੱਚੀ ਕੁਲ ਵਿਚ ਜਨਮ ਲੈ ਕੇ ਜੇਕਰ ਮਨੁੱਖ ਦੇ ਕਰਮ ਮਾੜੇ ਹਨ ਤਾਂ ਉਹ ਅਸਲ ਵਿਚ ਨੀਚ ਜਾਤ ਹੈ:

**ਜਾਤਿ ਜਨਮੁ ਨਹ ਪੂਛੀਐ ਸਚ ਘਰੁ ਲੇਹੁ ਬਤਾਇ॥**
**ਸਾ ਜਾਤਿ ਸਾ ਪਤਿ ਹੈ ਜੇਹੇ ਕਰਮ ਕਮਾਇ॥** *(ਪੰਨਾ ੧੩੩੦)*

ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਕੀਤੇ ਗਏ ਅੰਮ੍ਰਿਤਮਈ ਉਪਦੇਸ਼ਾਂ ਕਾਰਨ ਮਲਕ ਭਾਗੋ ਦੀਆਂ ਅੱਖਾਂ ਖੁੱਲ੍ਹ ਗਈਆਂ ਉਹ ਗੁਰੂ ਸਾਹਿਬ ਦੇ ਚਰਨੀਂ ਪੈ ਗਿਆ ਤੇ ਆਪਣੇ ਅਉਗਣ ਬਖਸ਼ਾਉਣ ਲਈ ਬੇਨਤੀਆਂ ਕਰਨ ਲੱਗਾ। ਮਲਕ ਭਾਗੋ ਨੇ ਪ੍ਰਣ ਕੀਤਾ ਕਿ ਉਹ ਅੱਗੇ ਤੋਂ ਕਿਸੇ ਨਾਲ ਧੱਕਾ ਜਾਂ ਵਧੀਕੀ ਨਹੀਂ ਕਰੇਗਾ, ਪਰਾਇਆ ਹੱਕ ਨਹੀਂ ਖਾਏਗਾ ਅਤੇ ਧਰਮ ਦੀ ਕਿਰਤ ਕਰੇਗਾ। ਗੁਰੂ ਜੀ ਨੇ ਮਲਕ ਭਾਗੋ ਨੂੰ ਆਪਣਾ ਸਿੱਖ ਬਣਾਇਆ। ਐਮਨਾਬਾਦ ਵਿਚ ਗੁਰੂ ਜੀ ਦੇ ਬਹੁਤ ਸਾਰੇ ਸ਼ਰਧਾਲੂ ਸਿੱਖ ਬਣ ਗਏ। ਗੁਰੂ ਜੀ ਨੇ ਭਾਈ ਲਾਲੋ ਨੂੰ ਉਥੋਂ ਦੀ ਸੰਗਤ ਦਾ ਮੁਖੀ ਪ੍ਰਚਾਰਕ ਥਾਪਿਆ।

ਸ੍ਰੀ ਗੁਰੂ ਨਾਨਕ ਦੇਵ ਜੀ ਦੂਜੀ ਉਦਾਸੀ ਸਮੇਂ ੧੫੧੭ ਈ: ਵਿਚ ਭਾਈ ਲਾਲੋ ਦੇ ਘਰ ਫਿਰ ਆਏ ਅਤੇ ਉਨ੍ਹਾਂ ਦੀ ਇਕਲੋਤੀ ਸਪੁੱਤਰੀ ਬੀਬੀ ਰੱਜੀ ਦਾ ਵਿਆਹ ਪਿੰਡ ਤਤਲੇ ਜ਼ਿਲ੍ਹਾ ਗੁੱਜਰਾਂਵਾਲਾ ਵਿਖੇ ਕਰਵਾਇਆ। ੧੫੨੧ ਈ: ਵਿਚ ਗੁਰੂ ਸਾਹਿਬ ਜਦੋਂ ਤੀਸਰੀ ਉਦਾਸੀ 'ਤੇ ਸਨ ਤਾਂ ਬਾਬਰ ਲਗਾਤਾਰ ਐਮਨਾਬਾਦ 'ਤੇ ਹਮਲੇ ਕਰ ਰਿਹਾ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਇਸ ਸਮੇਂ ਭਾਈ ਲਾਲੋ ਦੇ ਘਰ ਠਹਿਰੇ ਹੋਏ ਸਨ। ਗੁਰੂ ਜੀ ਨੇ ਬਾਬਰ ਦੁਆਰਾ ਲੋਕਾਈ ਉਪਰ ਕੀਤੇ ਜਾ ਰਹੇ ਜ਼ੁਲਮ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ। ਗੁਰੂ ਸਾਹਿਬ ਨੇ ਫੁਰਮਾਇਆ:

**ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ॥**
**ਪਾਪ ਕੀ ਜੰਞ ਲੈ ਕਾਬਲਹੁ ਧਾਇਆ ਜੋਰੀ ਮੰਗੈ ਦਾਨੁ ਵੇ ਲਾਲੋ॥**
**ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ॥**
**ਕਾਜੀਆ ਬਾਮਣਾ ਕੀ ਗਲ ਥਕੀ ਅਗਦੁ ਪੜੈ ਸੈਤਾਨੁ ਵੇ ਲਾਲੋ॥**
**ਮੁਸਲਮਾਨੀਆ ਪੜਹਿ ਕਤੇਬਾ ਕਸਟ ਮਹਿ ਕਰਹਿ ਖੁਦਾਇ ਵੇ ਲਾਲੋ॥**
**ਜਾਤਿ ਸਨਾਤੀ ਹੋਰਿ ਹਿਦਵਾਣੀਆ ਏਹਿ ਭੀ ਲੇਖੈ ਲਾਇ ਵੇ ਲਾਲੋ॥**
**ਖੂਨ ਕੇ ਸੋਹਿਲੇ ਗਾਵੀਅਹਿ ਨਾਨਕ ਰਤੁ ਕਾ ਕੁੰਗੂ ਪਾਇ ਵੇ ਲਾਲੋ॥**

*(ਪੰਨਾ ੭੨੨)*

ਭਾਈ ਲਾਲੋ ਜੀ ਨੇ ਆਪਣਾ ਸਾਰਾ ਜੀਵਨ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਮਾਰਗ ਕਿਰਤ ਕਰੋ,

ਨਾਮ ਜਪੋ ਅਤੇ ਵੰਡ ਕੇ ਛਕੋ ਦੇ ਸਿਧਾਂਤ 'ਤੇ ਚੱਲਦਿਆਂ ਬਤੀਤ ਕੀਤਾ। ਭਾਈ ਲਾਲੋ ਜੀ ਦਾ ਜੀਵਨ ਸਾਨੂੰ ਇਮਾਨਦਾਰੀ ਨਾਲ ਕਿਰਤ ਕਰਦਿਆਂ ਪਰਮਾਤਮਾ ਨੂੰ ਹਮੇਸ਼ਾਂ ਯਾਦ ਰੱਖਣ ਅਤੇ ਵੰਡ ਕੇ ਛਕਣ ਦੀ ਪ੍ਰੇਰਨਾ ਦਿੰਦਾ ਹੈ।

ਭਾਈ ਲਾਲੋ ਜੀ ਦੇ ਇਸ ਜੀਵਨ ਪ੍ਰਸੰਗ ਤੋਂ ਅਸੀਂ ਇਹ ਸਮਝ ਸਕਦੇ ਹਾਂ ਕਿ ਸਿੱਖ ਧਰਮ ਦੇ ਮੁੱਢਲੇ ਸਿਧਾਂਤਾਂ ਵਿਚ ਕਿਰਤ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ ਪਰ ਅੱਜ ਦੀ ਨੌਜਵਾਨ ਪੀੜ੍ਹੀ ਹੱਥੀਂ ਕਿਰਤ ਕਰਨ ਨੂੰ ਆਪਣੀ ਸ਼ਾਨ ਦੇ ਖਿਲਾਫ ਸਮਝਦੀ ਹੈ ਤੇ ਕਿਰਤ ਤੋਂ ਗਰੇਜ਼ ਕਰਦੀ ਹੈ। ਇਸ ਕਾਰਨ ਸਾਡਾ ਸਮਾਜ ਕਮਜ਼ੋਰ ਹੁੰਦਾ ਜਾ ਰਿਹਾ ਹੈ। ਇਤਿਹਾਸ ਗਵਾਹ ਹੈ ਕਿ ਜਿਹੜੇ ਮੁਲਕਾਂ ਨੇ ਤਰੱਕੀ ਕੀਤੀ ਹੈ ਉਨ੍ਹਾਂ ਨੇ ਕੰਮ/ਕਿਰਤ ਦੇ ਸਿਰ 'ਤੇ ਹੀ ਕੀਤੀ ਹੈ। ਅੱਜ ਅਸੀਂ ਬਾਹਰਲੇ ਮੁਲਕਾਂ ਵਿਚ ਜਾ ਕੇ ਤਾਂ ਹਰ ਤਰ੍ਹਾਂ ਦਾ ਕੰਮ ਕਰਨ ਨੂੰ ਤਿਆਰ ਹੁੰਦੇ ਹਾਂ ਪਰ ਆਪਣੇ ਦੇਸ਼ ਵਿਚ ਕੰਮ ਕਰਨ ਤੋਂ ਸ਼ਰਮ ਮਹਿਸੂਸ ਕਰਦੇ ਹਾਂ, ਜਿਸ ਕਾਰਨ ਸਾਡੇ ਮੁਲਕ ਦਾ ਸੰਤੁਲਨ ਵਿਗੜ ਰਿਹਾ ਹੈ। ਜੇ ਸਾਡੇ ਨੌਜਵਾਨ ਕਿਰਤ ਦਾ ਸਤਿਕਾਰ ਕਰਨ ਲੱਗ ਜਾਣ ਤਾਂ ਸਾਨੂੰ ਬਾਹਰਲੇ ਮੁਲਕਾਂ ਨੂੰ ਨਹੀਂ ਦੌੜਨਾ ਪਵੇਗਾ ਅਤੇ ਸਾਡੀ ਬੇਰੁਜ਼ਗਾਰੀ ਦੀ ਸਮੱਸਿਆ ਦਾ ਵੀ ਹੱਲ ਹੋ ਜਾਵੇਗਾ।

■

# ਗੁਰਦੁਆਰਾ ਪ੍ਰਬੰਧਕਾਂ ਦੇ ਧਿਆਨ ਹਿਤ

## ਗੁਰੂ-ਘਰਾਂ ਵਿਚ ਅੱਗ ਬੁਝਾਊ ਜੰਤਰ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਪਹਿਰੇਦਾਰੀ ਲਾਜ਼ਮੀ ਕੀਤੀ ਜਾਵੇ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਵਿਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤਕ ਹੀ ਜਗਾਈਆਂ ਜਾਣ, ਜਦ ਤਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ। ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਜ਼ਿਆਦਾ ਗਰਮੀ ਅਤੇ ਤੇਜ਼ ਹਵਾਵਾਂ ਆਦਿ ਚੱਲਣ ਸਮੇਂ ਅਕਸਰ ਹੀ ਤਾਰਾਂ ਸ਼ਾਰਟ ਹੋ ਜਾਂਦੀਆਂ ਹਨ, ਇਸ ਲਈ ਗੁਰੂ-ਘਰਾਂ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾਂ ਸੁਚੇਤ ਹੋ ਕੇ ਪਹਿਰੇਦਾਰੀ ਲਾਜ਼ਮੀ ਬਣਾਉਣ। ਹਰ ਗੁਰੂ-ਘਰ ਵਿਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਨਿਗਰਾਨੀ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਜਾਣ।

*ਸਕੱਤਰ,*
*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

# ਗੁਰਮਤਿ ਦ੍ਰਿਸ਼ਟੀ-੨੦੨੦

-ਡਾ. ਬਲਕਾਰ ਸਿੰਘ*

**ਜ਼ਰੂਰਤ ਤੇ ਵਿਉਂਤਬੰਦੀ:** ਸਿੱਖ ਭਾਈਚਾਰਾ ਭਾਰਤੀ ਪੰਜਾਬ ਜਾਂ ਪਾਕਿਸਤਾਨੀ ਪੰਜਾਬ ਵਿਚ ਹੀ ਨਹੀਂ ਸਗੋਂ ਇਸ ਸਮੇਂ ਵਿਸ਼ਵ ਵਿਚ ਵਿਸ਼ੇਸ਼ ਪਛਾਣ 'ਤੇ ਸਥਾਨ ਬਣਾ ਚੁੱਕਾ ਹੈ। ਸਿੱਖ ਭਾਈਚਾਰੇ ਦੀਆਂ ਮਾਣਯੋਗ ਪ੍ਰਾਪਤੀਆਂ ਹਨ, ਗੌਰਵਮਈ ਇਤਿਹਾਸ ਅਤੇ ਵਿਰਾਸਤ ਹੈ। ਪਿਛਲੇ ਕੁਝ ਦਹਾਕਿਆਂ ਤੋਂ ਸੰਸਾਰ ਵਿਚ ਵਾਪਰੀਆਂ ਵਿਸ਼ਵੀਕਰਨ ਦੀਆਂ ਨੀਤੀਆਂ ਤਹਿਤ ਇਕਰੂਪਤਾ ਪੱਖੀ ਤਬਦੀਲੀਆਂ ਨੇ ਸਾਰੇ ਸੰਸਾਰ ਦੇ ਇਲਾਕਾਈ ਸੱਭਿਆਚਾਰਾਂ ਨੂੰ ਨਵੀਆਂ ਵੰਗਾਰਾਂ ਦੇ ਸਨਮੁਖ ਲਿਆ ਖੜ੍ਹਾ ਕੀਤਾ ਹੈ। ਇਹ ਖਤਰੇ ਜਾਂ ਸ਼ੰਕੇ ਨਸਲੀ ਵਿਤਕਰਿਆਂ ਤਕ ਜਾ ਪਹੁੰਚੇ ਹਨ। ਇਸ ਦਾ ਅਸਲ ਕਾਰਨ ਸਿੱਖ ਧਰਮ ਬਾਰੇ ਅਗਿਆਨਤਾ ਹੈ। ਇਸੇ ਨੂੰ ਧਿਆਨ ਵਿਚ ਰੱਖ ਕੇ ਗੁਰਮਤਿ ਦ੍ਰਿਸ਼ਟੀ-੨੦੨੦ ਦੀ ਵਿਉਂਤਬੰਦੀ ਕੀਤੀ ਜਾ ਰਹੀ ਹੈ। ਮੌਜੂਦਾ ਸਮੇਂ ਸੈਮੀਨਾਰਾਂ, ਕਾਨਫਰੰਸਾਂ, ਗੋਸ਼ਟੀਆਂ ਅਤੇ ਮੀਡੀਆ ਵਿਚ ਹੋਰ ਅਦਾਨ-ਪ੍ਰਦਾਨ ਸਮੇਂ ਅਜਿਹੀਆਂ ਤਬਦੀਲੀਆਂ ਜਾਂ ਖ਼ਤਰਿਆਂ ਬਾਰੇ ਕਾਫੀ ਚਿੰਤਾ ਜ਼ਾਹਰ ਕੀਤੀ ਜਾ ਰਹੀ ਹੈ। ਜਿਹੜੀਆਂ ਖੇਤਰੀ ਭਾਸ਼ਾਵਾਂ, ਸੱਭਿਆਚਾਰ ਤੇ ਭਾਈਚਾਰੇ ਦਰਪੇਸ਼ ਵੰਗਾਰਾਂ ਨੂੰ ਜ਼ਮੀਨੀ ਹਕੀਕਤਾਂ ਮੁਤਾਬਿਕ ਸਮਝ ਕੇ ਆਪਣੀ ਦ੍ਰਿਸ਼ਟੀ ਅਤੇ ਉੱਦਮ ਨੂੰ ਕਾਰਗਰ ਢੰਗ ਨਾਲ ਵਿਉਂਤਬੱਧ ਨਹੀਂ ਕਰਦੇ, ਉਨ੍ਹਾਂ ਦਾ ਭਵਿੱਖ ਖ਼ਤਰਿਆਂ ਨਾਲ ਖੇਡਦਾ ਰਹਿੰਦਾ ਹੈ। ਇਸ ਦ੍ਰਿਸ਼ਟੀ ਤੋਂ ਸੋਚਣ ਅਤੇ ਸਕਰਮਕ ਹੋਣ ਦੀ ਲੋੜ ਹੈ।

ਇੰਸਟੀਚਿਊਟ ਦੀ ਪ੍ਰਤੀਬੱਧਤਾ ਹੀ ਨਹੀਂ, ਰੀਝ ਅਤੇ ਸੁਪਨਾ ਵੀ ਹੈ ਕਿ ਹਰੇਕ ਸਿੱਖ ਇਸ ਦ੍ਰਿਸ਼ਟੀ ਨੂੰ ਘੜਨ ਵਿਚ ਆਪਣਾ ਯੋਗਦਾਨ ਪਾਵੇ ਅਤੇ ਫਿਰ ਇਨ੍ਹਾਂ ਸਾਰੇ ਲੋੜੀਂਦੇ ਉੱਦਮਾਂ/ਕਾਰਜਾਂ ਵਿਚ ਪੂਰੀ ਤਨਦੇਹੀ, ਸ਼ਕਤੀ, ਸਾਧਨਾਂ ਅਤੇ ਸੂਝ ਨਾਲ ਇਨ੍ਹਾਂ ਨੂੰ ਨੇਪਰੇ ਚਾੜ੍ਹਨ ਵਿਚ ਮਦਦਗਾਰ ਹੋਵੇ। ਇਹ ਸਾਰਾ ਕਾਰਜ ਕਿਸੇ ਇਕੱਲੀ ਧਿਰ ਵੱਲੋਂ ਨਹੀਂ ਕੀਤਾ ਜਾ ਸਕਦਾ ਅਤੇ ਇਸ ਵਾਸਤੇ ਸਾਂਝੀ ਸੋਚ, ਸਾਂਝਾ ਉੱਦਮ ਅਤੇ ਸੰਗਤੀ ਅਰਦਾਸ ਹੀ ਕੰਮ ਆ ਸਕਦੀ ਹੈ। ਇਸ ਮੰਤਵ ਵਾਸਤੇ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਨੋਡਲ ਏਜੰਸੀ ਵਜੋਂ ਕੰਮ ਕਰ ਸਕਦਾ ਹੈ। ਏਸੇ ਨੂੰ ਗੁਰਮਤਿ ਦ੍ਰਿਸ਼ਟੀ ਕਿਹਾ ਜਾ ਰਿਹਾ ਹੈ।

**ਖ਼ਤਰੇ:** ਇਸ ਸਮੇਂ ਵਿਸ਼ਵੀਕਰਨ ਦੇ ਪ੍ਰਭਾਵ ਅਧੀਨ ਇਕਧਰੁਵੀ, ਇਕ ਮੰਡੀ, ਇਕ ਭਾਸ਼ਾਈ ਸੰਸਾਰ ਸਿਰਜਣ ਦੀ ਕੋਸ਼ਿਸ਼ ਹੋ ਰਹੀ ਹੈ। ਇਸ ਨਾਲ ਸਾਰੀਆਂ ਹੀ ਸਥਾਨਕ ਭਾਸ਼ਾਵਾਂ, ਸੱਭਿਆਚਾਰ ਤੇ ਧਰਮ ਖ਼ਤਰੇ ਵਿਚ ਆ ਗਏ ਹਨ। ਯੂਨੈਸਕੋ ਦੀ ਬਹੁਤ ਜ਼ਿਆਦਾ ਚਰਚਿਤ ਰਿਪੋਰਟ ਭਾਸ਼ਾ ਦੇ ਖ਼ਤਰੇ ਵੱਲ ਇਸ਼ਾਰਾ ਕਰਦੀ ਹੈ। ਯੂਨੈਸਕੋ ਦੀ ਸਾਈਟ ਉੱਪਰ ਖ਼ਤਰੇ ਹੇਠ ਆਈਆਂ ਭਾਸ਼ਾਵਾਂ ਦੇ ਹੇਠਲੇ ਕਾਰਨ ਦੱਸੇ ਗਏ ਹਨ:-

What are the causes of language endangerment and disappearance? A language disappears when its speakers disappear or when they shift to speaking another language - most often, a larger language used by a more powerful group. Languages are threatened by external forces such as military, economic. religious, cultural or educational subjugation, or by internal forces such as a community's negative attitude towards its own language. Today, Increased migration and rapid urbanization often bring along the loss of traditional ways of life and a strong pressure to speak a dominant language that is- or is perceived to be- necessary for full civic participation and economic advancement. (http://www.unesco.org/endangered-language/faq-on-endangered-language/)

*ਡਾਇਰੈਕਟਰ, ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ)।

ਅੰਗਰੇਜ਼ੀ ਭਾਸ਼ਾ ਨੇ ਪੰਜਾਬੀਆਂ ਦੀ ਸਾਧਨ ਸੰਪੰਨ ਸ਼੍ਰੇਣੀ (elite) ਵਿਚ ਸੱਭਿਆਚਾਰਕ ਪ੍ਰਭੂਸੱਤਾ ਸਥਾਪਤ ਕਰ ਲਈ ਹੈ। ਸਿੱਟੇ ਵਜੋਂ ਮੂਲ ਸਥਾਨ ਭਾਵ ਭਾਰਤੀ ਪੰਜਾਬ ਸਾਧਨ ਸੰਪੰਨ ਸ਼੍ਰੇਣੀ ਦੇ ਮਨਾਂ ਅੰਦਰ ਪੰਜਾਬੀ ਪ੍ਰਤੀ ਮੋਹ ਘਟ ਰਿਹਾ ਹੈ। ਪੰਜਾਬੀ ਦੇ ਖ਼ਤਰੇ ਵਿਚ ਹੋਣ ਦਾ ਸਿਰਫ ਇੱਕੋ ਕਾਰਨ ਜਾਪਦਾ ਹੈ, ਉਹ ਹੈ Community's negative attitude towards its own language. ਪੰਜਾਬੀ ਭਾਈਚਾਰੇ ਸਾਹਮਣੇ ਮੁੱਖ ਚੁਣੌਤੀ ਇਹ ਹੈ ਕਿ ਅਸੀਂ ਆਪਣੇ ਹੀ ਭਾਈਚਾਰੇ ਦੀ ਮਾਨਸਿਕਤਾ ਨੂੰ ਕਿਵੇਂ ਬਦਲਣਾ ਹੈ। ਵੰਗਾਰ ਇਹ ਹੋ ਗਈ ਹੈ ਕਿ ਪੰਜਾਬੀ ਨੂੰ ਬਚਾਏ ਬਿਨਾ ਸਿੱਖੀ ਨੂੰ ਨਹੀਂ ਬਚਾਇਆ ਜਾ ਸਕਦਾ। ਇਸ ਪ੍ਰਸੰਗ ਵਿਚ ਦ੍ਰਿਸ਼ਟੀ-੨੦੨੦ ਬਣਾਉਣ ਪਿੱਛੇ ਇਹ ਮੰਤਵ ਹਨ:

੧. ਦੁਨੀਆ ਭਰ ਵਿਚ ਫੈਲੇ ਸਿੱਖਾਂ ਨੂੰ ਆਪਣੀ ਹੋਂਦ ਅਤੇ ਪਹਿਚਾਣ ਲਈ ਇਕ ਸਾਂਝੇ ਦ੍ਰਿਸ਼ਟੀ (ਵਿਜ਼ਨ), ਪਲੇਟਫਾਰਮ, ਨੈਟਵਰਕ ਅਤੇ ਨੋਡਲ ਏਜੰਸੀ ਦੀ ਲੋੜ ਨਾਲ ਜੋੜਿਆ ਜਾਵੇ।

੨. ਸਿੱਖਾਂ ਦੇ ਖ਼ੂਨ ਵਿਚ ਰਮੀ ਹੋਈ ਪਰਸਪਰ ਸਹਿਹੋਂਦ ਦਾ ਸੁਭਾਅ ਅਤੇ ਚੜ੍ਹਦੀ ਕਲ੍ਹਾ ਵਾਲਾ ਜਜ਼ਬਾ, ਸਿੱਖ ਨੂੰ ਵਿਸ਼ਵ-ਸ਼ਹਿਰੀ ਹੋ ਜਾਣ ਵਾਸਤੇ ਰੋਲ-ਮਾਡਲ ਭੂਮਿਕਾ ਨਿਭਾ ਸਕਦਾ ਹੈ। ਇਸ ਨੂੰ ਲੋੜੀਂਦੀਆਂ ਵਿਧੀਆਂ ਰਾਹੀਂ ਸਾਹਮਣੇ ਲਿਆਉਣਾ ਪਵੇਗਾ। ਇਸ ਵਾਸਤੇ ਲੋੜੀਂਦੀ ਹੈ ਸਿੱਖ-ਸੁਜਗਤਾ ਦੀ ਪ੍ਰਚੰਡਤਾ।

ਇਹ ਸਪੱਸ਼ਟ ਹੈ ਕਿ ਇੰਸਟੀਚਿਊਟ ਦਾ ਮੁੱਖ ਉਦੇਸ਼ ਸਿੱਖ ਸੱਭਿਆਚਾਰ, ਸਿੱਖ ਧਰਮ ਅਤੇ ਸਿੱਖ ਅਧਿਆਤਮ ਦਾ ਸਿੱਖ-ਸੁਰ ਵਿਚ ਵਿਕਾਸ ਕਰਨਾ ਹੈ। ਇਸ ਦੀ ਜ਼ਿੰਮੇਵਾਰੀ ਖੇਤਰੀ ਹੋਣ ਦੇ ਨਾਲ-ਨਾਲ ਵਿਸ਼ਵ-ਪੱਧਰੀ ਵੀ ਹੈ ਪਰ ਇਸ ਦਾ ਅਧਿਕਾਰ ਖੇਤਰ ਸੀਮਤ ਹੈ। ਗੁਰਮਤਿ ਦ੍ਰਿਸ਼ਟੀ-੨੦੨੦ ਨੂੰ ਇਕ ਵੱਡੇ ਪ੍ਰੋਜੈਕਟ ਵਜੋਂ ਅਪਨਾਉਣ ਦਾ ਸੁਪਨਾ ਲਿਆ ਜਾਣਾ, ਇਸ ਪਾਸੇ ਪੁਲਾਂਘ ਹੋ ਸਕਦਾ ਹੈ।

ਗੁਰਮਤਿ ਦ੍ਰਿਸ਼ਟੀ-੨੦੨੦ ਉੱਪਰ ਖੁੱਲੀ ਚਰਚਾ ਕਰਨ ਲਈ ਇਕ ਇਕੱਤਰਤਾ ਬੁਲਾਈ ਜਾਣੀ ਚਾਹੀਦੀ ਹੈ ਅਤੇ ਏਸੇ ਨੂੰ ਇਸ ਸੰਸਥਾ ਦੀ ਨਵੀਂ ਇਮਾਰਤ ਦਾ ਉਦਘਾਟਨੀ-ਸਮਾਗਮ ਸਮਝ ਲੈਣਾ ਚਾਹੀਦਾ ਹੈ। ਇਸ ਦੇ ਦੋ ਸੈਸ਼ਨ ਹੋਣਗੇ। ਪਹਿਲਾ ਉਦਘਾਟਨੀ- ਸੈਸ਼ਨ ਅਤੇ ਦੂਜਾ ਚਰਚਾ-ਸੈਸ਼ਨ। ਇਸ ਵਿਚ ਅਜਿਹੇ ਵਿਦਵਾਨਾਂ ਨੂੰ ਉਚੇਚੇ ਤੌਰ 'ਤੇ ਬੁਲਾਇਆ ਜਾਣਾ ਚਾਹੀਦਾ ਹੈ, ਜਿਹੜੇ ਗੁਰਮਤਿ ਦ੍ਰਿਸ਼ਟੀ-੨੦੨੦ ਵਾਸਤੇ ਯੋਗਦਾਨ ਪਾ ਸਕਦੇ ਹਨ।

ਗੁਰਮਤਿ ਦ੍ਰਿਸ਼ਟੀ-੨੦੨੦ ਦਾ ਕਰਮ ਖੇਤਰ ਇਸ ਪ੍ਰਕਾਰ ਹੋ ਸਕਦਾ ਹੈ:-

੧. ਭਾਰਤੀ ਪੰਜਾਬ।

੨. ਭਾਰਤ ਵਿਚ ਪੰਜਾਬੋਂ ਬਾਹਰ ਪੰਜਾਬੀ ਵਸੋਂ ਵਾਲੇ ਇਲਾਕਿਆਂ ਵਿਚ ਵੱਸਦੇ ਸਿੱਖ।

(ੳ) ਪੰਜਾਬ ਦੇ ਨਾਲ ਲੱਗਦੇ ਇਲਾਕੇ (ਉਦਾਹਰਨ ਵਜੋਂ ਹਰਿਆਣਾ, ਹਿਮਾਚਲ, ਜੰਮੂ-ਕਸ਼ਮੀਰ, ਰਾਜਸਥਾਨ, ਦਿੱਲੀ ਆਦਿ) ਵਿਚ ਵੱਸਦੇ ਸਿੱਖ।

(ਅ) ਪੰਜਾਬ ਤੋਂ ਦੂਰ ਪੰਜਾਬੀ ਵਸੋਂ ਵਾਲੇ ਇਲਾਕਿਆਂ (ਉਦਾਹਰਨ ਵਜੋਂ ਮੁੰਬਈ, ਕਲਕੱਤਾ, ਧੰਨਬਾਦ, ਕਾਹਨਪੁਰ, ਬਕਾਰੋ, ਮੇਰਠ, ਅਹਿਮਦਾਬਾਦ, ਤਰਾਈ ਆਦਿ) ਵਿਚ ਵੱਸਦੇ ਸਿੱਖ।

੩. ਪਾਕਿਸਤਾਨੀ ਪੰਜਾਬ।

੪. ਵਿਦੇਸ਼ਾਂ ਵਿਚ ਪੰਜਾਬੀ ਦੇ ਵਿਚ ਪਹਿਲੀ ਪੀੜ੍ਹੀ ਅਤੇ ਪੰਜਾਬੀ ਤੋਂ ਦੂਰ ਜਾ ਰਹੀ ਦੂਜੀ ਪੀੜ੍ਹੀ। ਜਿਵੇਂ ਕਿ:-

(ੳ) ਅੰਗਰੇਜ਼ੀ ਭਾਸ਼ਾਈ ਦੇਸ਼ (ਉਦਾਹਰਨ ਵਜੋਂ ਕਨੇਡਾ, ਇੰਗਲੈਂਡ, ਅਮਰੀਕਾ, ਅਸਟਰੇਲੀਆ ਆਦਿ) ਵਿਚ ਵੱਸਦੇ ਸਿੱਖ।

(ਅ) ਯੂਰਪੀ ਦੇਸ਼ (ਉਦਾਹਰਨ ਵਜੋਂ ਫਰਾਂਸ, ਜਰਮਨੀ, ਇਟਲੀ ਆਦਿ) ਵਿਚ ਵੱਸਦੇ ਸਿੱਖ।

(ੲ) ਪੂਰਬੀ ਏਸ਼ਿਆਈ ਦੇਸ਼ (ਉਦਾਹਰਨ ਵਜੋਂ ਮਲੇਸ਼ੀਆ, ਮਿਆਂਮਾਰ, ਸਿੰਘਾਪੁਰ ਆਦਿ) ਵਿਚ ਵੱਸਦੇ ਸਿੱਖ।

(ਸ) ਮੱਧ ਪੂਰਬੀ ਦੇਸ਼ (ਉਦਾਹਰਨ ਵਜੋਂ ਦੁਬਈ, ਇਰਾਨ, ਸਊਦੀ ਅਰਬ ਆਦਿ) ਵਿਚ ਵੱਸਦੇ ਸਿੱਖ।

(ਹ) ਅਫਰੀਕੀ ਦੇਸ਼ (ਉਦਾਹਰਨ ਵਜੋਂ ਕੀਨੀਆ, ਯੂਗਾਂਡਾ ਆਦਿ) ਵਿਚ ਵੱਸਦੇ ਸਿੱਖ।

ਇਸ ਤੋਂ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਸਿੱਖ ਭਾਈਚਾਰਾ ਕਿੰਨੀਆਂ ਸੱਭਿਆਚਾਰਕ ਸ਼੍ਰੇਣੀਆਂ ਨਾਲ ਸਫਲਤਾ ਸਹਿਤ ਤੁਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਸਪੱਸ਼ਟ ਹੈ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਸਿੱਖਇਜ਼ਮ ਬਹਾਦਰਗੜ੍ਹ (ਪਟਿਆਲਾ) ਦੀ ਭੂਮਿਕਾ ਦੂਹਰੀ ਹੋ ਜਾਂਦੀ ਹੈ। ਇਕ ਪਾਸੇ ਇਸ ਨੇ ਆਪਣੀ ਸਮਰਥਾ ਅਤੇ ਸਪੇਸ ਮੁਤਾਬਕ ਸਿੱਖੀ ਅਤੇ ਪੰਜਾਬੀ ਦੇ ਵਿਕਾਸ ਲਈ ਯਤਨ ਕਰਨੇ ਹਨ ਅਤੇ ਦੂਸਰੇ ਪਾਸੇ ਅਕਾਦਮਿਕ ਅਗਵਾਈ ਦੀ ਸਿੱਖ ਭੂਮਿਕਾ ਦੇ ਨਾਲੋਂ-ਨਾਲ ਲੋੜੀਂਦਾ ਮਾਹੌਲ ਤਿਆਰ ਕਰਨਾ ਹੈ। ਨਿਸ਼ਾਨਾ ਇਹੀ ਰਹਿਣਾ ਹੈ ਕਿ ਪੰਜਾਬ, ਪੰਜਾਬੀ ਅਤੇ ਸਿੱਖੀ ਦਾ ਵਿਕਾਸ ਹੋ ਸਕੇ। ਇਸ ਨਾਲ ਸਬੰਧਤ ਯੋਜਨਾਵਾਂ ਅਤੇ ਪ੍ਰੋਜੈਕਟਾਂ ਨੂੰ ਦ੍ਰਿਸ਼ਟੀ-੨੦੨੦ ਵਿਚ ਪਹਿਲ ਦਿੱਤੀ ਜਾਵੇਗੀ। ਵਸੋਂ ਦੀ ਗਿਣਤੀ ਅਤੇ ਵੱਸਣ ਦੇ ਸਥਾਨਾਂ ਅਨੁਸਾਰ ਸਿੱਖ ਭਈਚਾਰਾ, ਸੰਸਾਰ ਦੇ ਮੁੱਖ ਭਾਈਚਾਰਿਆਂ ਵਿਚ ਆਉਂਦਾ ਹੈ ਪਰੰਤੂ ਦੇਸ਼ਾਂ, ਸੂਬਿਆਂ, ਧਰਮਾਂ ਅਤੇ ਆਰਥਿਕ ਵੰਡਾਂ ਕਾਰਨ ਇਸ ਦਾ ਰੁਤਬਾ ਉਹ ਨਹੀਂ ਜੋ ਹੋਣਾ ਚਾਹੀਦਾ ਹੈ। ਸੋ ਇਸ ਨੂੰ ਹਰ ਪੱਖੋਂ ਸੰਸਾਰ ਦੇ ਉੱਨਤ ਭਾਈਚਾਰਿਆਂ ਵਿਚ ਆਪਣੀ ਵਿਸ਼ੇਸ਼ ਥਾਂ ਬਣਾਉਣ ਦਾ ਟੀਚਾ ਹੋਣਾ ਚਾਹੀਦਾ ਹੈ। ਇਸ ਨਾਲ ਇਸ ਨਿਸ਼ਾਨੇ ਵੱਲ ਵਧਿਆ ਜਾ ਸਕੇਗਾ ਕਿ ਜੋ ਪੰਜਾਬੀ ਨਾਲ ਟੁੱਟ ਗਿਆ, ਉਸ ਨੇ ਸਿੱਖੀ ਤੋਂ ਨਿਰੰਤਰ ਦੂਰ ਹੁੰਦੇ ਜਾਣਾ ਹੈ। ਇਸ ਕਰਕੇ ਪੰਜਾਬੀ ਭਾਸ਼ਾ ਅਤੇ ਨਵੀਂ ਤਕਨਾਲੋਜੀ ਨੂੰ ਗੁਰਮਤਿ ਵਾਸਤੇ ਵਰਤਿਆ ਜਾਣਾ ਹੈ। ਇਸ ਵਾਸਤੇ ਗੁਰਮਤਿ-ਪੀਡੀਆ ਦੀ ਵਿਉਂਤ ਬਣਾਈ ਜਾ ਰਹੀ ਹੈ।

ਇਸ ਲਈ ਨਵੇਂ ਸਾਫਟਵੇਅਰ ਵਿਕਸਿਤ ਕਰਨ, ਮੌਜੂਦਾ ਸਾਫਟਵੇਅਰਾਂ ਵਿਚ ਸੁਧਾਰ ਕਰਨ, ਪ੍ਰਾਪਤ ਸਰੋਤਾਂ ਦੀ ਡਿਜ਼ੀਟਲਾਈਜ਼ੇਸ਼ਨ ਕਰਨ ਦੀ ਜ਼ਰੂਰਤ ਹੈ। ਵਰਤੋਂਕਾਰਾਂ ਵਲੋਂ ਸਮੂਹਿਕ ਯਤਨਾਂ ਨਾਲ ਨਵੇਂ ਸਰੋਤ ਬਣਾਉਣੇ (User generator) ਹਨ। ਇਸ ਸਬੰਧੀ ਨੀਤੀਗਤ ਫ਼ੈਸਲੇ ਲੈਣੇ ਅਤੇ ਸਿਖਲਾਈ ਦਾ ਪ੍ਰਬੰਧ ਕਰਨਾ ਹੈ। ਨਵੇਂ ਸਾਫਟਵੇਅਰ ਬਣਾਉਣੇ ਅਤੇ ਪੁਰਾਣਿਆਂ ਵਿਚ ਸੁਧਾਰ ਕਰਨ ਦੀ ਲੋੜ ਵਾਸਤੇ ਟੀਮ ਤਿਆਰ ਕੀਤੀ ਜਾਣ ਦੀ ਲੋੜ ਹੈ। ਇਹੋ ਜਿਹੇ ਕੰਮ ਆਊਟ-ਸੋਰਸਿੰਗ ਰਾਹੀਂ ਕਰਵਾਉਣੇ ਵੀ ਲਾਹੇਵੰਦ ਹੋ ਸਕਦੇ ਹਨ।

**ਗੁਰਮਤਿ ਸਾਹਿਤ:** ਕਿਸੇ ਵੀ ਭਾਸ਼ਾ ਦੇ ਵਿਕਾਸ ਵਿਚ ਉਸ ਭਾਸ਼ਾ ਦਾ ਸਾਹਿਤ ਮਹੱਤਵਪੂਰਨ ਰੋਲ ਅਦਾ ਕਰਦਾ ਹੈ। ਗੁਰਮਤਿ ਸਾਹਿਤ ਦੀਆਂ ਅਮੀਰ ਲਿਖਿਤ ਪਰੰਪਰਾਵਾਂ ਹਨ ਅਤੇ ਸਮਕਾਲੀ ਸਮੇਂ ਵਿਚ ਵੀ ਸਾਕਾਰਾਤਮਕ ਗੁਰਮਤਿ ਸਾਹਿਤ ਦੀ ਸਿਰਜਣਾ ਹੋ ਰਹੀ ਹੈ। ਆਧੁਨਿਕ ਯੁੱਗ ਵਿਚ ਜਦੋਂ ਗਲੋਬਲੀ ਪੱਧਰ 'ਤੇ ਭਾਸ਼ਾ, ਸਾਹਿਤ, ਸੱਭਿਆਚਾਰ ਅਤੇ ਆਮ ਲੋਕਾਂ ਦਾ ਆਦਾਨ-ਪ੍ਰਦਾਨ ਵਧਿਆ ਹੈ, ਉਸ ਵਿਚ ਇਹ ਲੋੜ ਬਣ ਜਾਂਦੀ ਹੈ ਕਿ ਗੁਰਮਤਿ ਸਾਹਿਤ ਨੂੰ ਵਿਸ਼ਵ ਪੱਧਰ 'ਤੇ ਪੇਸ਼ ਕੀਤਾ ਜਾਵੇ। ਇਸ ਸਬੰਧੀ ਵੱਖ-ਵੱਖ ਪੱਧਰਾਂ 'ਤੇ ਕਾਰਜ ਕਰਨ ਦੀ ਜ਼ਰੂਰਤ ਹੈ।

ਸਿਰਜਨਾਤਮਕ ਕਾਰਜ ਕਿਸੇ ਨੂੰ ਸਿਖਾਇਆ ਨਹੀਂ ਜਾ ਸਕਦਾ ਪਰੰਤੂ ਮੌਜੂਦਾ ਸੰਭਾਵਨਾਵਾਂ ਨੂੰ ਸਿਖਲਾਈ ਨਾਲ ਬਿਹਤਰ ਜ਼ਰੂਰ ਬਣਾਇਆ ਜਾ ਸਕਦਾ ਹੈ। ਇਸ ਲਈ ਕਈ ਦੇਸ਼ਾਂ ਵਿਚ ਨਵੀਂ ਸਿੱਖ ਪੀੜ੍ਹੀ ਨੂੰ ਸੇਧ ਦੇਣ ਲਈ ਸਿਰਜਣਾਤਮਕ ਗੁਰਮਤਿ ਸਾਹਿਤ ਨਾਲ ਜੋੜਿਆ ਜਾ ਸਕਦਾ ਹੈ। ਇਸ ਵਾਸਤੇ ਅਜਿਹੇ ਆਨ ਲਾਈਨ ਕੋਰਸ ਸ਼ੁਰੂ ਕਰਨ ਦੀ ਜ਼ਰੂਰਤ ਹੈ, ਜਿਨ੍ਹਾਂ ਨਾਲ ਵਿਰਾਸਤੀ-ਉਸਾਰ ਵਾਲੇ ਪਾਸੇ ਤੁਰਿਆ ਜਾ ਸਕਦਾ ਹੈ।

ਸਿੱਖ ਭਾਈਚਾਰਾ ਆਲਮੀ ਪ੍ਰਸੰਗ ਵਿਚ ਸੱਭਿਆਚਾਰਕ-ਵਿਭਿੰਨਤਾ ਵਿਚਕਾਰ ਅਹਿਮ ਭੂਮਿਕਾ ਪਹਿਲਾਂ ਹੀ ਨਿਭਾ ਰਿਹਾ ਹੈ। ਏਸੇ ਨੂੰ ਸਿੱਖੀ ਦੀ ਐਂਬੈਸਡੌਰੀਅਲ ਸੇਵਾ ਨਾਲ ਜੋੜ ਕੇ ਸਿੱਖੀ ਦੀਆਂ ਉਨ੍ਹਾਂ ਸਿੱਖਿਆਵਾਂ ਨੂੰ ਦੂਜੇ ਭਾਈਚਾਰਿਆਂ ਤਕ ਪਹੁੰਚਿਆ ਜਾ ਸਕਦਾ ਹੈ। ਇਸੇ ਨੂੰ ਦ੍ਰਿਸ਼ਟੀ-੨੦੨੦ ਕਿਹਾ ਜਾ ਰਿਹਾ ਹੈ।

## ਗੁਰਮਤਿ ਪੀਡੀਆ

**ਜਾਣ-ਪਛਾਣ:** ਸੰਚਾਰ ਸਾਧਨਾਂ ਦੇ ਮੌਜੂਦਾ ਦੌਰ ਵਿਚ ਵਿਸ਼ਵ ਇੱਕ ਪਿੰਡ ਬਣਦਾ ਜਾ ਰਿਹਾ ਹੈ। ਇਸ ਪਿੰਡ ਵਿਚ ਆਪਣੀ ਪਛਾਣ ਨੂੰ ਵਿਲੱਖਣਤਾਵਾਂ ਅਤੇ ਵਿਸ਼ੇਸ਼ਤਾਵਾਂ ਸਹਿਤ ਕਾਇਮ ਰੱਖਣਾ ਬੜੀ ਵੱਡੀ ਚੁਣੌਤੀ ਹੈ। ਇਸ ਤੋਂ ਇਲਾਵਾ ਮੌਜੂਦਾ ਦੌਰ ਜਾਣਕਾਰੀ ਤਕ ਸੀਮਤ ਹੁੰਦਾ ਜਾ ਰਿਹਾ ਹੈ, ਸੂਝ ਅਤੇ ਗਿਆਨ ਪਿਛੋਕੜ ਵਿਚ ਜਾ ਰਹੇ ਹਨ।

ਇਸ ਲਈ ਇਨ੍ਹਾਂ ਤਿੰਨਾਂ ਦੀ ਵਰਤੋਂ ਹੋਣੀ ਬਹੁਤ ਜ਼ਰੂਰੀ ਹੈ। ਵਿਸ਼ਵ ਪੱਧਰ 'ਤੇ ਇਹ ਵੀ ਕਿਹਾ ਜਾਂਦਾ ਹੈ ਕਿ ਇਹ ਦੌਰ ਗਿਆਨ ਦੀ ਸਰਦਾਰੀ (ਹੈਜੇਮਨੀ) ਦਾ ਦੌਰ ਹੈ। ਜਿਸ ਕੋਲ ਗਿਆਨ ਹੋਵੇਗਾ ਉਸੇ ਦੀ ਸੱਤਾ ਹੋਵੇਗੀ। ਸਿੱਖ ਧਰਮ ਨੇ ਗਿਆਨ ਅਤੇ ਵਿਸ਼ਵਾਸ ਵਿਚਕਾਰ ਸਹਿਜ-ਸਥਾਪਨ ਕਰਕੇ ਗਿਆਨ ਦਾ ਸਿੱਖ-ਪ੍ਰਸੰਗ ਸਥਾਪਿਤ ਕੀਤਾ ਹੋਇਆ ਹੈ। ਇਸ ਨੂੰ ਲੋਕਾਂ ਤਕ ਲੈ ਕੇ ਜਾਣ ਲਈ ਗੁਰਮਤਿ ਪੀਡੀਆ ਸ਼ੁਰੂ ਕੀਤਾ ਜਾ ਰਿਹਾ ਹੈ।

੧੫੦ ਮੁਲਕਾਂ ਵਿਚ ਸਿੱਖਾਂ ਦਾ ਵਾਸਾ ਮੰਨਿਆ ਜਾ ਰਿਹਾ ਹੈ। ਇਨ੍ਹਾਂ ਅਲੱਗ ਅਲੱਗ ਮੁਲਕਾਂ ਵਿਚ ਵਸੇ ਸਿੱਖ ਭਾਈਚਾਰੇ ਤਕ ਰਸਾਈ ਦਾ ਸਾਧਨ ਇੰਟਰਨੈੱਟ ਹੁੰਦਾ ਜਾ ਰਿਹਾ ਹੈ। ਸੰਚਾਰ ਦੇ ਇਸ ਯੁੱਗ ਵਿਚ ਜ਼ਰੂਰੀ ਹੈ ਕਿ ਆਵਾਸੀ ਅਤੇ ਪਰਵਾਸੀ ਸਿੱਖ ਭਾਈਚਾਰੇ ਨੂੰ ਧਰਮ ਅਤੇ ਅਧਿਆਤਮ ਦੇ ਨਾਲ-ਨਾਲ ਗਿਆਨ, ਵਿਗਿਆਨ, ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨ ਲਈ ਉਪਰਾਲਾ ਕੀਤਾ ਜਾਵੇ ਅਤੇ ਵੱਧ ਤੋਂ ਵੱਧ ਸਮੱਗਰੀ ਨੂੰ ਕੰਪਿਊਟਰ ਦਾ ਹਾਸਲ ਬਣਾਇਆ ਜਾਵੇ। ਇਸ ਦੇ ਨਾਲ ਹੀ ਅੰਗ੍ਰੇਜ਼ੀ ਭਾਸ਼ਾ ਦੇ ਨਾਲ-ਨਾਲ ਦੁਨੀਆ ਦੀਆਂ ਹੋਰਨਾਂ ਭਾਸ਼ਾਵਾਂ ਵਿਚ ਵੀ ਮਸ਼ੀਨੀ-ਟਰਾਂਸਲੇਸ਼ਨ ਦੁਆਰਾ ਗੁਰਮਤਿ ਬਾਰੇ ਪ੍ਰਚਾਰ, ਪ੍ਰਸਾਰ ਕਰਨ ਵਾਸਤੇ ਵਰਤਿਆ ਜਾਵੇ ਕਿਉਂਕਿ ਇਸ ਵਾਸਤੇ ਸਪੇਸ ਪੈਦਾ ਹੋ ਚੁੱਕੀ ਹੈ। ਇਸੇ ਮਕਸਦ ਅਧੀਨ ਹੀ ਗੁਰਮਤਿ ਪੀਡੀਆ ਨਾਂ ਦਾ ਪ੍ਰੋਜੈਕਟ ਅਰੰਭਿਆ ਗਿਆ ਹੈ ਕਿਉਂਕਿ ਤਕਨਾਲੋਜੀ ਦੇ ਵਰਤਮਾਨ ਯੁੱਗ ਵਿਚ ਹੋਰਨਾਂ ਸਮੂਹਾਂ ਵਾਂਗ ਪੰਜਾਬੀ ਭਾਈਚਾਰਾ ਵੀ ਜਾਣਕਾਰੀ ਹਾਸਲ ਕਰਨ ਲਈ ਇੰਟਰਨੈੱਟ 'ਤੇ ਆਸ਼ਰਿਤ ਹੁੰਦਾ ਜਾ ਰਿਹਾ ਹੈ। ਇਸ ਲਈ ਇਸ ਪ੍ਰੋਜੈਕਟ ਦਾ ਮਕਸਦ ਇੰਟਰਨੈੱਟ ਨਾਲ ਜੁੜੇ ਲੋਕਾਂ ਨੂੰ ਗੁਰਮਤਿ ਬਾਰੇ ਵੱਧ ਭਰੋਸੇਯੋਗ ਤੇ ਪ੍ਰਮਾਣਿਤ ਗਿਆਨ ਸਮੱਗਰੀ ਪ੍ਰਦਾਨ ਕਰਨਾ ਹੈ। ਇਹ ਲੋੜ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਸਿੱਖਇਜ਼ਮ ਰਾਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੂਰੀ ਕਰਨ ਦੇ ਯਤਨ ਨੂੰ ਹੀ ਗੁਰਮਤਿ ਪੀਡੀਆ ਕਿਹਾ ਜਾ ਰਿਹਾ ਹੈ।

**ਆਧਾਰ ਸਮੱਗਰੀ:** ਗੁਰਮਤਿ ਪੀਡੀਆ ਲਈ ਪਹਿਲੇ ਪੜਾਅ 'ਤੇ ਸ਼੍ਰੋਮਣੀ ਕਮੇਟੀ, ਯੂਨੀਵਰਸਿਟੀਆਂ ਅਤੇ ਹੋਰ ਪ੍ਰਮੁੱਖ ਅਦਾਰਿਆਂ ਦੁਆਰਾ ਗੁਰਮਤਿ ਨਾਲ ਸਬੰਧਤ ਪ੍ਰਾਪਤ ਸਮੱਗਰੀ ਨੂੰ ਵਰਤਿਆ ਜਾਵੇਗਾ। ਇਸ ਤੋਂ ਇਲਾਵਾ ਲੋੜ ਅਨੁਸਾਰ ਸੰਸਥਾ ਵੱਲੋਂ ਆਧਾਰ ਸਮੱਗਰੀ ਪੈਦਾ ਕੀਤੀ ਜਾਵੇਗੀ ਅਤੇ ਪ੍ਰਾਪਤ ਗੁਰਮਤਿ ਸਾਹਿਤ ਨੂੰ ਨਾਲ ਲਿਆ ਜਾਵੇਗਾ।

ਗੁਰਮਤਿ ਪੀਡੀਆ ਰਾਹੀਂ ਜਾਣਕਾਰੀ ਦੇਣ ਦਾ ਸਰੋਤ ਉੱਚ ਪੱਧਰ ਦੇ ਵਿਦਵਾਨਾਂ ਦੀਆਂ ਲਿਖਤਾਂ ਨੂੰ ਬਣਾਇਆ ਜਾਣਾ ਹੈ। ਇਸ ਵਾਸਤੇ ਯੂਨੀਵਰਸਿਟੀਆਂ, ਗੁਰਮਤਿ ਨਾਲ ਸੰਬੰਧਿਤ ਵਿਸ਼ਸ਼ੇਗਾਂ ਅਤੇ ਗੁਰਮਤਿ ਖੇਤਰ ਦੇ ਟਕਸਾਲੀ ਮਾਹਰਾਂ ਦੁਆਰਾ ਰਚਿਤ/ਸੰਪਾਦਤ ਗਿਆਨ ਨੂੰ ਨਾਲ ਲੈ ਕੇ ਪੀਡੀਏ ਦੇ ਇੰਦਰਾਜਾਂ ਨੂੰ ਮਿਆਰੀ ਤੇ ਭਰੋਸੇਯੋਗ ਬਣਾਇਆ ਜਾਣਾ ਹੈ। ਹੋਰ ਸਮੱਗਰੀ ਗੁਰਮਤਿ ਪੀਡੀਏ ਦਾ ਹਾਸਲ ਬਣਾਉਣ ਲਈ ਸੰਸਥਾ ਵੱਲੋਂ ਲਗਾਤਾਰ ਇਸ ਪ੍ਰੋਜੈਕਟ 'ਤੇ ਕਾਰਜ ਕੀਤਾ ਜਾਵੇਗਾ। ਗੁਰਮਤਿ ਪੀਡੀਏ ਦੁਆਰਾ ਇਕ ਕਲਿੱਕ ਨਾਲ ਹੀ ਵਰਤੋਂਕਾਰ ਮਿੰਟਾਂ ਵਿਚ ਹਰ ਜਾਣਕਾਰੀ ਗ੍ਰਹਿਣ ਕਰ ਸਕੇਗਾ। ਇਸ ਵਾਸਤੇ ਇਕ ਭਰੋਸੇਯੋਗ ਟੀਮ ਦੀ ਲੋੜ ਪਵੇਗੀ ਅਤੇ ਸੇਵਾ-ਮੁਕਤ ਸਿੱਖ-ਚਿੰਤਕਾਂ ਦਾ ਸਹਿਯੋਗ ਲਿਆ ਜਾਵੇਗਾ। ਆਊਟ-ਸੋਰਸਿੰਗ ਰਾਹੀਂ ਕੰਮ ਕਰਵਾਉਣ ਦੀ ਇਹ ਵਿਧੀ ਵਧੇਰੇ ਸਫਲ ਰਹੇਗੀ, ਅਜਿਹਾ ਮੇਰਾ ਵਿਸ਼ਵਾਸ ਹੈ।

ਗਿਆਨ ਹਾਸਲ ਕਰਨ ਲਈ ਆਪਣੀ ਭਾਸ਼ਾ ਤੇ ਲਿਪੀ ਜਿੱਥੇ ਪੰਜਾਬੀਆਂ ਨੂੰ ਸਹੀ ਮਾਅਨੇ ਵਿਚ ਗਿਆਨਵਾਨ ਕਰੇਗੀ, ਉਥੇ ਅੰਗ੍ਰੇਜ਼ੀ ਰਾਹੀਂ ਦੂਜੇ ਭਾਸ਼ਾਈ ਭਾਈਚਾਰਿਆਂ ਨੂੰ ਵੀ ਸਿੱਖ ਧਰਮ ਬਾਰੇ ਗਿਆਨ ਹਾਸਲ ਕਰਨ ਲਈ ਮੌਕਾ ਪ੍ਰਦਾਨ ਕਰੇਗੀ। ਉਮੀਦ ਹੈ ਇਹ ਕਾਰਜ ਸਮੂਹ ਸਿੱਖ ਭਾਈਚਾਰੇ ਲਈ ਗਿਆਨ ਦੇ ਦਰਵਾਜੇ ਉਨ੍ਹਾਂ ਦੀ ਅਪਣੀ ਭਾਸ਼ਾ, ਲਿਪੀ ਵਿਚ ਖੋਲੇਗਾ ਤੇ ਪੰਜਾਬੀਆਂ ਦਾ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਅਤੇ ਦੁਨੀਆ ਦੇ ਬਾਕੀ ਭਾਈਚਾਰਿਆਂ ਨੂੰ ਵੀ ਗਿਆਨਵਾਨ ਤੇ ਸੂਝਵਾਨ ਬਣਾਉਣ ਦਾ ਸੁਪਨਾ ਸਾਕਾਰ ਕਰੇਗਾ।

**ਖੇਤਰ:** ਗੁਰਮਤਿ ਪੀਡੀਆ, ਗੁਰਮਤਿ ਗਿਆਨ ਦੇ ਆਨਲਾਈਨ ਸਰੋਤ ਦਾ ਸੰਕਲਪ ਹੈ। ਇਸ ਵਿਚ ਹੇਠ ਲਿਖੀਆਂ ਪ੍ਰਮੁੱਖ ਸ਼੍ਰੇਣੀਆਂ ਨੂੰ ਸ਼ਾਮਲ ਕੀਤਾ ਜਾਣਾ ਹੈ:-

- ਗੁਰਬਾਣੀ
- ਗੁਰਬਾਣੀ ਵਿਆਖਿਆ
- ਗੁਰਮਤਿ ਸਾਹਿਤ
- ਗੁਰਮਤਿ ਅਕਾਦਮਿਕਤਾ
- ਗੁਰਮਤਿ ਇਤਿਹਾਸ
- ਗੁਰਮਤਿ ਸੰਗੀਤ
- ਗੁਰਮਤਿ ਚਿੱਤਰਕਲਾ ਅਤੇ ਹੋਰ ਕਲਾਵਾਂ

**ਕਾਰਜ-ਪ੍ਰਣਾਲੀ:** ਗੁਰਮਤਿ ਪੀਡੀਆ ਦੀ ਵੈਬਸਾਇਟ ਲਈ gurmatpedia.com ਨਾਮ 'ਤੇ domain ਰਜਿਸਟਰਡ ਕਰਵਾਇਆ ਜਾ ਚੁੱਕਾ ਹੈ। ਗੁਰਮਤਿ ਪੀਡੀਆ ਪ੍ਰੋਜੈਕਟ ਰਾਹੀਂ ਇੰਟਰਨੈੱਟ 'ਤੇ ਵਰਤੋਂਕਾਰ ਇਸ ਸਮੱਗਰੀ ਵਿਚੋਂ ਗੁਰਮਤਿ ਵਿਸ਼ਿਆਂ ਨਾਲ ਸਬੰਧਿਤ ਕਿਸੇ ਵੀ ਸ਼ਬਦ ਦਾ ਇੰਦਰਾਜ ਪਾ ਕੇ ਉਸ ਨੂੰ ਅਸਾਨੀ ਨਾਲ ਲੱਭ ਸਕਣਗੇ। ਸ਼ਬਦ ਨੂੰ ਲੱਭਣ ਦੌਰਾਨ ਇਹ ਸਰਚ ਇੰਜਣ ਉਸ ਨਾਲ ਜੁੜਦੇ ਹੋਰਨਾਂ ਸ਼ਬਦਾਂ ਨੂੰ ਵੀ ਵਰਤੋਂਕਾਰ ਨੂੰ ਦਿਖਾ ਦੇਵੇਗਾ ਭਾਵ ਅੱਗੋਂ ਵਰਤੋਂਕਾਰ ਹੋਰ ਜਾਣਕਾਰੀ ਹਾਸਲ ਕਰ ਸਕਦਾ ਹੈ। ਵਰਤੋਂਕਾਰ ਇਸ ਜਾਣਕਾਰੀ ਨੂੰ ਆਪਣੇ ਖਾਤੇ ਵਿਚ ਸਾਂਭ ਕੇ ਭਵਿੱਖ ਵਿਚ ਵੀ ਇਸ ਦੀ ਵਰਤੋਂ ਕਰ ਸਕਦਾ ਹੈ।

ਵਰਤੋਂਕਾਰ ਲਈ ਆਨ ਸਕਰੀਨ, ਫੋਨੈਟਿਕ, ਰਮਿੰਗਟਨ ਜਾਂ ਇਨਸਕਰਿਪਟ ਕੀ-ਬੋਰਡ ਦੀ ਸਹੂਲਤ ਮੁਹੱਈਆ ਕਰਵਾਈ ਜਾਣੀ ਹੈ। ਇਸਦੇ ਨਾਲ ਇਸ ਸਰਚ ਇੰਜਣ ਵਿਚ ਸ਼ਬਦਾਂ ਨੂੰ ਲੱਭਣ ਦਾ ਤਰੀਕਾ ਵੀ ਅਸਾਨ ਰੱਖਿਆ ਜਾਣਾ ਹੈ। ਗੁਰਮਤਿ ਪੀਡੀਆ ਸਮੂਹ ਪੰਜਾਬੀਆਂ ਲਈ ਜਿੱਥੇ ਸਰਚ ਇੰਜਣ ਦਾ ਕਾਰਜ ਕਰੇਗਾ, ਉੱਥੇ ਇਸ ਦੇ ਅੰਤਰਗਤ ਮੌਜੂਦ ਸਮੱਗਰੀ ਹੋਰਨਾਂ ਸਰਚ ਇੰਜਣਾਂ ਦੇ ਮੁਕਾਬਲੇ ਜ਼ਿਆਦਾ ਭਰੋਸੇਯੋਗ ਤੇ ਪ੍ਰਮਾਣਿਕ ਹੋਵੇਗੀ। ਇਸ ਕਾਰਜ ਨਾਲ ਸਮੂਹ ਸਿੱਖ ਜਗਤ ਨੂੰ ਗਿਆਨ ਹਾਸਲ ਕਰਨਾ ਜਿੱਥੇ ਸੌਖਾ ਹੋਵੇਗਾ, ਉੱਥੇ ਗਿਆਨ ਨੂੰ ਸੰਭਾਲਣ ਤੇ ਆਉਣ ਵਾਲੇ ਸਮੇਂ ਵਿਚ ਵਰਤਣ ਕਾਰਨ ਇਹ ਸਿੱਖ ਭਾਈਚਾਰੇ ਲਈ ਨਵੇਂ ਦਿਸਹੱਦੇ ਸਿਰਜੇਗਾ।

ਇਹ ਸਮੱਗਰੀ, ਸ੍ਰੋਤ-ਸਮੱਗਰੀ ਦਾ ਕਾਰਜ ਕਰੇਗੀ। ਖਾਸ ਕਰਕੇ ਇਹ ਵੈਬਸਾਈਟ ਉਨ੍ਹਾਂ ਪੰਜਾਬੀਆਂ ਲਈ ਗਿਆਨ ਦਾ ਆਧਾਰ ਬਣੇਗੀ ਜੋ ਲਾਇਬਰੇਰੀਆਂ ਤੋਂ ਦੂਰ ਬੈਠੇ ਹਨ ਜਾਂ ਜਿਨ੍ਹਾਂ ਦੁਆਰਾ ਕਿਤਾਬਾਂ ਤਕ ਪਹੁੰਚਣਾ ਮੁਸ਼ਕਲ ਹੈ। ਇਸ ਵੈਬਸਾਈਟ ਵਿਚ ਜਾਣਕਾਰੀ ਇਕ ਤੋਂ ਵੱਧ ਵਿਦਵਾਨਾਂ ਦੇ ਮਿਲਾਣ ਹੋਣ ਕਾਰਨ ਵਿਸ਼ੇ ਨੂੰ ਡੂੰਘਾਈ ਨਾਲ ਸਮਝਣਾ ਹੋਰ ਵੀ ਸੁਖੈਨ ਹੋਵੇਗਾ। ਇਹ ਵੈਬਸਾਈਟ ਗੁਰਮਤਿ ਦੇ ਪ੍ਰਚਾਰ ਅਤੇ ਪਾਸਾਰ ਲਈ ਵੀ ਸਹਾਈ ਹੋਵੇਗੀ ਅਤੇ ਆਪਣੇ ਅਮੀਰ ਵਿਰਸੇ ਤੋਂ ਜਾਣੂ ਕਰਵਾ ਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ-ਚਿੰਤਨ ਨਾਲ ਜੋੜਨ ਦਾ ਕਾਰਜ ਵੀ ਕਰੇਗੀ।

ਯੋਜਨਾ ਦਾ ਨਿਸ਼ਾਨਾ, ਸਾਂਝੀ-ਸਿੱਖ-ਸੋਚ ਪੈਦਾ ਕਰਕੇ ਸਿੱਖ ਭਾਈਚਾਰੇ ਅੰਦਰ ਇਕ ਜੁੱਟਤਾ ਪੈਦਾ ਕਰਨੀ ਅਤੇ ਸਿੱਖ-ਪਛਾਣ ਨੂੰ ਦਰਪੇਸ਼ ਚੁਣੌਤੀਆਂ ਵਾਸਤੇ ਤਿਆਰ ਕਰਨਾ ਹੋਵੇਗਾ।

■

**ਅੰਮ੍ਰਿਤ ਛਕੋ, ਸਿੰਘ ਸਜੋ**

ਖ਼ਬਰਨਾਮਾ

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ੨੦੧੧ 'ਚ ਚੁਣੇ ਜਨਰਲ ਹਾਊਸ ਸਬੰਧੀ ਰੋਕ ਖ਼ਤਮ

## ਸੁਪਰੀਮ ਕੋਰਟ ਵੱਲੋਂ ਸਹਿਜਧਾਰੀ ਵੋਟ ਖ਼ਤਮ ਕਰਨ ਦਾ ਨੋਟੀਫ਼ਿਕੇਸ਼ਨ ਪ੍ਰਵਾਨ

ਚੰਡੀਗੜ੍ਹ- ਸੁਪਰੀਮ ਕੋਰਟ ਵੱਲੋਂ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚ ਸਹਿਜਧਾਰੀ ਸਿੱਖਾਂ ਦੀ ਵੋਟ ਖ਼ਤਮ ਕਰਨ ਸਬੰਧੀ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ੫ ਮਈ, ੨੦੧੬ ਨੂੰ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਪ੍ਰਵਾਨ ਕਰ ਲਏ ਜਾਣ ਨਾਲ ਸ਼੍ਰੋਮਣੀ ਕਮੇਟੀ ਦੇ ਸਤੰਬਰ ੨੦੧੧ ਵਿਚ ਚੁਣੇ ਗਏ ਜਨਰਲ ਹਾਊਸ ਨੂੰ ਵੀ ਮਾਨਤਾ ਮਿਲ ਗਈ ਹੈ। ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੁੱਲ ਬੈਂਚ ਵੱਲੋਂ ੨੦ ਦਸੰਬਰ, ੨੦੧੧ ਨੂੰ ਦਿੱਤੇ ਆਪਣੇ ਇੱਕ ਫੈਸਲੇ ਵਿਚ ਸਹਿਜਧਾਰੀ ਵੋਟ ਖ਼ਤਮ ਕਰਨ ਸਬੰਧੀ ਸਰਕਾਰ ਦੇ ਨੋਟੀਫਿਕੇਸ਼ਨ ਨੂੰ ਰੱਦ ਕਰ ਦਿੱਤਾ ਸੀ ਜਿਸ ਕਾਰਨ ੨੦੧੧ ਵਿਚ ਸ਼੍ਰੋਮਣੀ ਕਮੇਟੀ ਦਾ ਚੁਣਿਆ ਗਿਆ ਨਵਾਂ ਜਨਰਲ ਹਾਊਸ ਗੈਰ ਵਿਧਾਨਿਕ ਬਣ ਗਿਆ ਸੀ ਕਿਉਂਕਿ ਇਸ ਜਨਰਲ ਹਾਊਸ ਦੀ ਚੋਣ ਵਿਚ ਸਹਿਜਧਾਰੀਆਂ ਨੂੰ ਵੋਟ ਦਾ ਅਧਿਕਾਰ ਨਹੀਂ ਦਿੱਤਾ ਗਿਆ ਸੀ। ਹਾਈਕੋਰਟ ਵਿਚ ਸਹਿਜਧਾਰੀ ਸਿੱਖ ਫੈਡਰੇਸ਼ਨ ਨੇ ਇਸ ਮੁੱਦੇ ਨੂੰ ਲੈ ਕੇ ਪਟੀਸ਼ਨ ਦਾਇਰ ਕੀਤੀ ਸੀ ਕਿ ਵਿਧਾਨਿਕ ਤੌਰ 'ਤੇ ਸਹਿਜਧਾਰੀਆਂ ਦਾ ਵੋਟ ਦਾ ਹੱਕ ਸ਼੍ਰੋਮਣੀ ਕਮੇਟੀ ਵਿਚ ਖ਼ਤਮ ਕਰਨਾ ਗੈਰ ਕਾਨੂੰਨੀ ਸੀ ਪਰ ਸ਼੍ਰੋਮਣੀ ਕਮੇਟੀ ਨੇ ਹਾਈਕੋਰਟ ਦੇ ਇਸ ਫੈਸਲੇ ਵਿਰੁੱਧ ਸੁਪਰੀਮ ਕੋਰਟ ਪਟੀਸ਼ਨ ਦਾਇਰ ਕੀਤੀ ਸੀ, ਜਿਸ ਦਾ ਮੰਤਵ ਹਾਈਕੋਰਟ ਦੇ ਫੈਸਲੇ ਨੂੰ ਰੱਦ ਕਰਵਾਉਣਾ ਸੀ। ਪਰ ਭਾਰਤ ਸਰਕਾਰ ਵੱਲੋਂ ਪੰਜਾਬ ਸਰਕਾਰ ਦੀ ਸਿਫਾਰਿਸ਼ 'ਤੇ ੫ ਮਈ, ੨੦੧੬ ਨੂੰ ਜੋ ਨੋਟੀਫਿਕੇਸ਼ਨ ਜਾਰੀ ਕਰਕੇ ਸ਼੍ਰੋਮਣੀ ਕਮੇਟੀ ਦੇ ਐਕਟ ਵਿਚ ਤਰਮੀਮ ਕਰ ਦਿੱਤੀ ਗਈ, ਜਿਸ ਨੂੰ ੮ ਅਕਤੂਬਰ, ੨੦੦੩ ਤੋਂ ਲਾਗੂ ਕੀਤਾ ਗਿਆ। ਹੁਣ ਇਸ ਨੂੰ ਸੁਪਰੀਮ ਕੋਰਟ ਵੱਲੋਂ ਪ੍ਰਵਾਨ ਕਰ ਲਿਆ ਗਿਆ ਹੈ।

### ਸੁਪਰੀਮ ਕੋਰਟ ਵੱਲੋਂ ਸ਼੍ਰੋਮਣੀ ਕਮੇਟੀ ਦਾ ਹਾਊਸ ਬਹਾਲ ਕਰਨਾ ਸਿੱਖਾਂ ਦੀ ਸਿਧਾਂਤਕ ਜਿੱਤ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਦੇਸ਼ ਦੀ ਸਰਵਉੱਚ ਅਦਾਲਤ ਸੁਪਰੀਮ ਕੋਰਟ ਵੱਲੋਂ ਸ਼੍ਰੋਮਣੀ ਕਮੇਟੀ ਦੇ ੨੦੧੧ ਵਿਚ ਚੁਣੇ ਗਏ ਹਾਊਸ ਨੂੰ ਬਹਾਲ ਕਰਨ ਦੇ ਫੈਸਲੇ ਦਾ ਭਰਵਾਂ ਸਵਾਗਤ ਕਰਦਿਆਂ ਇਸ ਨੂੰ ਸਿੱਖਾਂ ਦੀ ਸਿਧਾਂਤਿਕ ਜਿੱਤ ਦੱਸਿਆ ਹੈ।

ਉਨ੍ਹਾਂ ਕਿਹਾ ਕਿ ਇਹ ਕੌਮੀ ਮਸਲਾ ਸੀ ਜਿਸ ਲਈ ਸ਼੍ਰੋਮਣੀ ਕਮੇਟੀ ਨੇ ਆਪਣੀ ਨੈਤਿਕ ਜ਼ਿੰਮੇਵਾਰੀ ਸਮਝਦਿਆਂ ਲੰਮੀ ਲੜਾਈ ਲੜੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਵਿੱਚ ਕੋਈ ਵੀ ਸਹਿਜਧਾਰੀ ਨਹੀਂ ਹੈ, ਜੋ ਵਿਅਕਤੀ ਦਸ ਗੁਰੂ ਸਾਹਿਬਾਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਤੇ ਪੂਰਨ ਵਿਸ਼ਵਾਸ਼ ਰੱਖਦਾ ਹੈ, ਹੋਰ ਕਿਸੇ ਧਰਮ ਨੂੰ ਨਹੀਂ ਮੰਨਦਾ ਅਤੇ ਸਾਬਤ ਸੂਰਤ ਰਹਿੰਦਾ ਹੈ ਉਹ ਗੁਰੂ ਦਾ ਸਿੱਖ ਹੈ ਅਤੇ ਜੋ ਆਪਣੇ ਕੇਸ ਕਤਲ ਕਰਵਾ ਲੈਂਦਾ ਹੈ ਤੇ ਦੂਸਰੇ ਧਰਮ ਨੂੰ ਮੰਨਦਾ ਹੈ ਉਹ ਪਤਿਤ ਹੈ। ਉਨ੍ਹਾਂ ਕਿਹਾ ਕਿ ਇਹ ਸਬੰਧ ਵਿਚ ਮਾਣਯੋਗ ਸੁਪਰੀਮ ਕੋਰਟ ਵੱਲੋਂ ਦਿੱਤਾ ਗਿਆ ਫੈਸਲਾ ਸ਼ਲਾਘਾਯੋਗ ਹੈ।

ਉਨ੍ਹਾਂ ਸ. ਪ੍ਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਪੰਜਾਬ, ਸ. ਸੁਖਬੀਰ ਸਿੰਘ ਬਾਦਲ ਉਪ ਮੁੱਖ ਮੰਤਰੀ ਪੰਜਾਬ ਅਤੇ ਕੇਂਦਰ ਸਰਕਾਰ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਸਮੇਂ-ਸਮੇਂ 'ਤੇ ਸਹਿਜਧਾਰੀ ਸਿੱਖਾਂ ਸਬੰਧੀ ਅਦਾਲਤੀ ਕਾਰਵਾਈ ਵਿੱਚ ਸਹਿਯੋਗ ਦਿੱਤਾ।

ਸੁਪਰੀਮ ਕੋਰਟ ਵੱਲੋਂ ਭਾਰਤ ਸਰਕਾਰ ਦਾ ਨੋਟੀਫਿਕੇਸ਼ਨ ਪ੍ਰਵਾਨ ਕਰਨ ਨਾਲ ਜਿੱਥੇ ਸਤੰਬਰ ੨੦੧੧ ਵਿਚ ਚੁਣੇ ਗਏ ਜਨਰਲ ਹਾਊਸ ਨੂੰ ਕਾਨੂੰਨੀ ਮਾਨਤਾ ਅਤੇ ਕੰਮਕਾਜ ਕਰਨ ਦਾ ਅਧਿਕਾਰ ਮਿਲ ਗਿਆ ਹੈ, ਉਥੇ ਸੁਪਰੀਮ ਕੋਰਟ ਵੱਲੋਂ ਇਸ ਨਵੇਂ ਜਨਰਲ ਹਾਊਸ ਦੇ ਆਧਾਰ 'ਤੇ ਸ਼੍ਰੋਮਣੀ ਕਮੇਟੀ ਦੀ ਨਵੀਂ ਕਾਰਜਕਾਰਨੀ ਚੁਣਨ ਦੇ ਵੀ ਆਦੇਸ਼ ਦਿੱਤੇ ਗਏ ਹਨ। ਸ਼੍ਰੋਮਣੀ ਕਮੇਟੀ ਦੇ ਐਕਟ ਅਨੁਸਾਰ ੫ ਸਾਲਾਂ ਬਾਅਦ ਨਵੇਂ ਚੁਣੇ ਜਾਣ ਵਾਲੇ ਜਨਰਲ ਹਾਊਸ ਦੀ ਪਹਿਲੀ ਮੀਟਿੰਗ ਭਾਰਤ ਸਰਕਾਰ ਦੇ ਆਦੇਸ਼ਾਂ 'ਤੇ ਬੁਲਾਈ ਜਾਂਦੀ ਹੈ, ਜਿਸ ਲਈ ਰਵਾਇਤਨ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਮੀਟਿੰਗ ਦੀ ਪ੍ਰਧਾਨਗੀ ਕਰਨ ਲਈ ਕਿਹਾ ਜਾਂਦਾ ਹੈ, ਜਿਨ੍ਹਾਂ ਦੀ ਹਾਜ਼ਰੀ 'ਚ ਨਵੀਂ ਕਾਰਜਕਾਰਨੀ ਅਤੇ ਅਹੁਦੇਦਾਰਾਂ ਦੀ ਚੋਣ ਕੀਤੀ ਜਾਂਦੀ ਹੈ। ਵਰਨਣਯੋਗ ਹੈ ਕਿ ਸਤੰਬਰ ੨੦੧੧ ਵਿਚ ਹੋਈ ਚੋਣ ਦੇ ਆਧਾਰ 'ਤੇ ਨਵੇਂ ਜਨਰਲ ਹਾਊਸ ਦੇ ਗਠਨ ਸਬੰਧੀ ਨੋਟੀਫਿਕੇਸ਼ਨ ੧੭ ਦਸੰਬਰ, ੨੦੧੧ ਨੂੰ ਜਾਰੀ ਹੋਇਆ ਸੀ ਲੇਕਿਨ ੨੦ ਦਸੰਬਰ ਨੂੰ ਹਾਈਕੋਰਟ ਦਾ ਫੈਸਲਾ ਆ ਜਾਣ ਕਾਰਨ ਮਗਰਲੇ ੫ ਸਾਲਾਂ ਤੋਂ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਅਤੇ ਕਾਰਜਕਾਰਨੀ ਦੀ ਚੋਣ ਨਹੀਂ ਹੋ ਸਕੀ ਅਤੇ ੫ ਸਾਲਾਂ ਤੋਂ ਪੁਰਾਣੇ ਅਹੁਦੇਦਾਰ ਤੇ ਕਾਰਜਕਾਰਨੀ ਕੰਮ ਕਰ ਰਹੀ ਸੀ। ਸੁਪਰੀਮ ਕੋਰਟ ਦੇ ਫੈਸਲੇ ਵਿਚ ਸਪੱਸ਼ਟ ਕੀਤਾ ਗਿਆ ਹੈ ਕਿ ਨਵੇਂ ਅਹੁਦੇਦਾਰ ਤੇ ਕਾਰਜਕਾਰਨੀ ਦੀ ਚੋਣ ਤੱਕ ਮੌਜੂਦਾ ਢਾਂਚਾ ਕੰਮ ਕਰਦਾ ਰਹੇਗਾ। ਸੁਪਰੀਮ ਕੋਰਟ ਵਿਚ ਇਸ ਕੇਸ ਦੀ ਸੁਣਵਾਈ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਟੀ. ਐਸ. ਠਾਕੁਰ ਤੇ ਜਸਟਿਸ ਕੇ. ਐਮ. ਕਨਵਾਲਕਰ ਵੱਲੋਂ ਕੀਤੀ ਗਈ।

*੧੯ ਸਤੰਬਰ*

# ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ

## ਸਰਹੱਦੀ ਖੇਤਰ 'ਚੋਂ ਇਲਾਕੇ ਖਾਲੀ ਕਰਕੇ ਆਉਣ ਵਾਲੇ ਲੋਕਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਲੰਗਰ ਤੇ ਸੁਰੱਖਿਆ ਪ੍ਰਬੰਧ ਕਰਨ ਦਾ ਫੈਸਲਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਗੁਰਦੁਆਰਾ ਪਾਤਸ਼ਾਹੀ ਛੇਵੀਂ ਤੇ ਦਸਵੀਂ, ਦੇਗਸਰ, ਪਿੰਡ ਕਟਾਣਾ ਸਾਹਿਬ, ਲੁਧਿਆਣਾ ਦੇ ਇਕੱਤਰਤਾ ਘਰ ਵਿਖੇ ਹੋਈ। ਜਿਸ ਵਿੱਚ ਅਮਲਾ ਵਿਭਾਗ, ਟਰੱਸਟ ਵਿਭਾਗ, ਵਿਦਿਅਕ ਅਦਾਰੇ ਅਤੇ ਸੈਕਸ਼ਨ ੮੫ ਤੇ ੮੭ ਦੇ ਗੁਰਦੁਆਰਾ ਸਾਹਿਬਾਨ ਦੇ ਕੇਸਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਦੀ ਆਰੰਭਤਾ ਮੂਲ ਮੰਤਰ ਦੇ ਜਾਪ ਕਰਕੇ ਕੀਤੀ ਗਈ। ਇਕੱਤਰਤਾ ਸਮੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਘਟਨਾਵਾਂ ਦੀ ਬੇਅਦਬੀ, ਸ. ਜਸਵੰਤ ਸਿੰਘ ਤਾਨ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਹਰੀ ਸਿੰਘ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਮਹਾਵਾ ਨੇੜੇ ਡਿਫੈਂਸ ਡਰੇਨ ਵਿੱਚ ਡੀ ਏ ਵੀ ਪਬਲਿਕ ਸਕੂਲ ਅਟਾਰੀ ਦੀ ਬੱਸ ਡਿੱਗਣ ਕਾਰਨ ਦਰਦਨਾਕ ਹਾਦਸੇ ਵਿੱਚ ਮਾਰੇ ਗਏ ਬੱਚਿਆਂ ਪ੍ਰਤੀ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਸ਼ੋਕ ਮਤੇ ਪਾਏ ਗਏ।

ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ. ਪਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਪੰਜਾਬ, ਸ.ਸੁਖਬੀਰ ਸਿੰਘ ਬਾਦਲ ਉੱਪ ਮੁੱਖ ਮੰਤਰੀ ਪੰਜਾਬ ਅਤੇ ਸਮੁੱਚੀ ਪਾਰਟੀ ਵੱਲੋਂ ਪ੍ਰਧਾਨਗੀ ਪਦ ਲਈ ਜੋ ਵੀ ਉਚਿੱਤ ਫੈਂਸਲਾ ਲਿਆ ਜਾਵੇਗਾ ਮੈਂ ਪਾਰਟੀ ਦਾ ਵਫਾਦਾਰ ਸਿਪਾਹੀ ਹੋਣ ਦੇ ਨਾਤੇ ਉਸ ਨੂੰ ਸਵੀਕਾਰ ਕਰਾਂਗਾ। ਉਨ੍ਹਾਂ ਇਸ ਲਈ ਮੁੱਖ ਮੰਤਰੀ, ਉੱਪ ਮੁੱਖ ਮੰਤਰੀ, ਸਮੁੱਚਾ ਅਕਾਲੀ ਦਲ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਸਮੁੱਚੀ ਅੰਤ੍ਰਿੰਗ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੈਂ ਆਪਣੇ ੧੧ ਸਾਲ ਦੇ ਕਾਰਜਕਾਲ ਦੌਰਾਨ ਹਰ ਕਾਰਜ ਕਰਨ ਵਿੱਚ ਸਫਲ ਰਿਹਾ ਹਾਂ ਭਾਵੇਂ ਉਹ ਵਿਦਿਆ, ਮੈਡੀਕਲ, ਲੰਗਰ, ਸਰਾਵਾਂ, ਗੁਰਦੁਆਰਾ ਪ੍ਰਬੰਧ ਸੁਧਾਰ, ਧਰਮ ਪ੍ਰਚਾਰ, ਕੁਦਰਤੀ ਆਫਤਾਂ, ਧਰਮੀ ਫੌਜੀਆਂ, ਸਿਕਲੀਗਰਾਂ ਦੀ ਸਹਾਇਤਾ ਹੋਵੇ। ਉਨ੍ਹਾਂ ਕਿਹਾ ਕਿ ਇਸ ਸਾਰੀ ਸਫਲਤਾ ਦਾ ਸਿਹਰਾ ਅੰਤ੍ਰਿੰਗ ਕਮੇਟੀ ਦੇ ਮੈਂਬਰਾਂ ਨੂੰ ਜਾਂਦਾ ਹੈ ਜਿਨ੍ਹਾਂ ਇਨ੍ਹਾਂ ਸਾਰੇ

ਕਾਰਜਾਂ ਲਈ ਮੈਨੂੰ ਆਪਣਾ ਬਣਦਾ ਸਹਿਯੋਗ ਦਿੱਤਾ। ਇਸ ਸਮੇਂ ਅੰਤ੍ਰਿੰਗ ਕਮੇਟੀ ਮੈਂਬਰਾਂ ਨੇ ਵੀ ਜਥੇਦਾਰ ਅਵਤਾਰ ਸਿੰਘ ਦਾ ਵਿਸ਼ੇਸ਼ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਕਸ਼ਮੀਰ 'ਚ ਉੜੀ ਹਮਲੇ ਦੌਰਾਨ ਵਾਪਰੇ ਅੱਤਵਾਦੀ ਹਮਲੇ 'ਚ ਮਾਰੇ ਗਏ ਭਾਰਤੀ ਜਵਾਨਾਂ ਕਰਕੇ ਭਾਰਤ ਅਤੇ ਪਾਕਿਸਤਾਨ ਦਰਮਿਆਨ ਬਣੇ ਜੰਗ ਦੇ ਮਾਹੌਲ ਕਾਰਣ ਸਰਹੱਦੀ ਖੇਤਰ ਤੋਂ ਜੋ ਲੋਕ ਇਲਾਕੇ ਖਾਲੀ ਕਰਕੇ ਆਉਣਗੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉਨ੍ਹਾਂ ਦੀ ਦੇਖਭਾਲ ਤੇ ਲੰਗਰ ਆਦਿ ਦਾ ਪ੍ਰਬੰਧ ਕਰੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸਾਰੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ ਆਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਵੱਖ-ਵੱਖ ਸ਼ਹਿਰਾਂ ਦੇ ਸਕੂਲਾਂ ਵਿੱਚ ਸਿੱਖ ਵਿਦਿਆਰਥੀਆਂ ਨਾਲ ਨਸਲੀ ਵਿਤਕਰੇ ਖਿਲਾਫ ਕੈਲਫੋਰਨੀਆ ਅਸੈਂਬਲੀ ਵੱਲੋਂ ਕਾਨੂੰਨੀ ਰੂਪ ਵਿੱਚ ਬਿੱਲ ਪਾਸ ਕਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਸਕੂਲ ਵਿੱਚ ਸਿੱਖ ਵਿਦਿਆਰਥੀ ਨੂੰ ਨਸਲੀ ਭੇਦਭਾਵ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਤੇ ਇਸ ਦਾ ਸ਼ਿਕਾਰ ਹੋਣ ਵਾਲੇ ਵਿਦਿਆਰਥੀਆਂ ਨੂੰ ਹਿਫ਼ਾਜਤ ਲਈ ਤੁਰੰਤ ਲੋੜੀਦੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਇਸ ਬਿੱਲ ਨੂੰ ਪਾਸ ਕਰਵਾਉਣ ਤੇ ਕੈਲੀਫੋਰਨੀਆ ਸੂਬੇ ਦੇ ਗਵਰਨਰ ਜੈਰੀ ਬਰਾਊਨ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ਤਕਰੀਬਨ ੬੭ ਫੀਸਦੀ ਦਸਤਾਰ ਸਜਾਉਣ ਵਾਲੇ ਸਿੱਖ ਵਿਦਿਆਰਥੀਆਂ ਨੂੰ ਨਸਲੀ ਵਿਤਕਰੇ ਦਾ ਸ਼ਿਕਾਰ ਹੋਣਾ ਪਿਆ ਹੈ ਹੁਣ ਇਸ ਬਿੱਲ ਨਾਲ ਨਸਲੀ ਭੇਦਭਾਵ ਤੋਂ ਸਿੱਖ ਵਿਦਿਆਰਥੀਆਂ ਨੂੰ ਛੁਟਕਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖਾਂ ਦੀ ਪਹਿਚਾਣ ਸਬੰਧੀ ਕਿਤਾਬਚਾ ਛਪ ਕੇ ਤਿਆਰ ਹੋ ਗਿਆ ਹੈ ਜੋ ਵਿਦੇਸ਼ਾਂ ਵਿੱਚ ਵੱਖ-ਵੱਖ ਅੰਬੈਂਸੀਆਂ ਤੀਕ ਪ੍ਰਚਾਰ ਹਿਤ ਪਹੁੰਚਾਇਆ ਜਾਵੇਗਾ। ਇਹ ਕਿਤਾਬਚਾ ਸਿੱਖਾਂ 'ਤੇ ਹੋ ਰਹੇ ਨਸਲੀ ਹਮਲਿਆਂ ਨੂੰ ਰੋਕਣ ਲਈ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਇਹ ਬਰੋਸ਼ਰ ਸਾਰੇ ਦੇਸ਼ਾਂ ਦੇ ਭਾਰਤ ਸਥਿਤ ਦੂਤਘਰਾਂ ਦੇ ਅਬੈਸਡਰਾਂ ਨੂੰ ਮਿਲ ਕੇ ਦੇਵਾਂਗੇ। ਉਨ੍ਹਾਂ ਕਿਹਾ ਕਿ ੧੯੮੪ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਨਾ ਸਹਾਰਦੇ ਹੋਏ ਜਿਨ੍ਹਾਂ ਸਿੱਖ ਫੌਜੀਆਂ ਨੇ ਬੈਰਕਾਂ ਛੱਡੀਆਂ ਤੇ ਕੋਰਟ ਮਾਰਸ਼ਲ ਹੋਏ ਉਨ੍ਹਾਂ ਨੂੰ ਸਹਾਇਤਾ ਦੇਣ ਸਬੰਧੀ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਸੁਖਦੇਵ ਸਿੰਘ ਭੌਰ ਜਨਰਲ ਸਕੱਤਰ, ਸ. ਰਜਿੰਦਰ ਸਿੰਘ ਮਹਿਤਾ ਤੇ ਸ. ਦਿਆਲ ਸਿੰਘ ਕੋਲਿਆਂਵਾਲੀ ਅੰਤ੍ਰਿੰਗ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਆਧਾਰਿਤ ਸਬ ਕਮੇਟੀ ਬਣਾਈ ਗਈ ਹੈ ਅਤੇ ਇਸ ਕਮੇਟੀ ਦਾ ਕੋਆਰਡੀਨੇਟਰ ਸ. ਰਣਜੀਤ ਸਿੰਘ ਵਧੀਕ ਸਕੱਤਰ ਨੂੰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਹੋਏ ਫੈਂਸਲੇ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੂੰ ੬ ਫੀਸਦੀ ਮਹਿੰਗਾਈ ਭੱਤੇ ਦੇ ਨਾਲ ੧੦ ਹਜ਼ਾਰ ਰੁਪਏ ਬੇਸਿਕ ਤਨਖਾਹ ਵਾਲੇ ਮੁਲਾਜ਼ਮ ਨੂੰ ੮੦੦/- ਰੁਪਏ, ੧੦ ਤੋਂ ੨੦ ਹਜ਼ਾਰ ਵਾਲੇ ਨੂੰ ੬੦੦/- ਤੇ ੨੦ ਹਜ਼ਾਰ ਤੋਂ ਉੱਪਰ ਬੇਸਿਕ ਵਾਲੇ ਮੁਲਾਜ਼ਮ ਦੀ ਤਨਖਾਹ ਵਿੱਚ ੫੦੦ ਰੁਪਏ ਦਾ ਵਾਧਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸ੍ਰੀ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਦਿਹਾੜਾ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਾਢੇ ਤਿੰਨ ਕਰੋੜ ਰੁਪਏ ਪ੍ਰਵਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਸਬੰਧੀ ਸ੍ਰੀ ਪਟਨਾ ਸਾਹਿਬ ਵਿਖੇ ਰਾਗੀ, ਢਾਡੀ, ਕਥਾਵਾਚਕ ਤੇ ਕਵੀਸ਼ਰ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ ਜਾਣਗੇ। ਉਨ੍ਹਾਂ ਕਿਹਾ ਕਿ ੩੫੦ ਸਾਲਾ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ੨ ਨਵੰਬਰ ਨੂੰ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋ ਕੇ ਹਰਿਆਣਾ ਰਾਜ ਦੇ ਵੱਖ-ਵੱਖ ਨਗਰਾਂ, ਸ਼ਹਿਰਾਂ ਅਤੇ ਇਲਾਕਿਆਂ ਤੋਂ ਹੁੰਦਾ ਹੋਇਆ ੧੨ ਨਵੰਬਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ, ਬਠਿੰਡਾ ਵਿਖੇ ਸਮਾਪਤ ਹੋਵੇਗਾ ਜਿਸ ਦਾ ਵਿਸ਼ੇਸ਼ ਪ੍ਰਬੰਧ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਆਪਣੇ ਸਾਥੀਆਂ ਸਮੇਤ ਕਰਨਗੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜ ਗੁਰਮਤਿ ਸਮਾਗਮ ਉਲੀਕੇ ਗਏ ਹਨ ਜਿਨ੍ਹਾਂ ਵਿੱਚੋ ਪਹਿਲਾ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਪਾਉਂਟਾ

ਸਾਹਿਬ, ਦੂਜਾ ਗੁਰਮਤਿ ਸਮਾਗਮ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿੰਡਾ ਤੇ ਤੀਜਾ ਗੁਰਮਤਿ ਸਮਾਗਮ ਗੁਰਦੁਆਰਾ ਦੀਨਾ ਕਾਂਗੜ ਮੋਗਾ ਵਿਖੇ ਕਰਵਾਏ ਜਾ ਚੁੱਕੇ ਹਨ। ੭ਉਨ੍ਹਾਂ ਕਿਹਾ ਕਿ ਚੌਥਾ ਗੁਰਮਤਿ ਸਮਾਗਮ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਅਤੇ ਪੰਜਵਾਂ ਗੁਰਮਤਿ ਸਮਾਗਮ ਤਖ਼ਤ ਅਬਚਲ ਨਗਰ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਕਰਵਾਇਆ ਜਾਵੇਗਾ। ਇਕੱਤਰਤਾ 'ਚ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਮਹਾਵਾ ਨੇੜੇ ਵਾਪਰੇ ਦਰਦਨਾਕ ਹਾਦਸੇ ਵਿੱਚ ਮਾਰੇ ਗਏ ਡੀ ਏ ਵੀ ਪਬਲਿਕ ਸਕੂਲ ਅਟਾਰੀ ਦੇ ਬੱਚਿਆਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ੫੦-੫੦ ਹਜ਼ਾਰ ਰੁਪਏ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਖਾਲਸਾ ਕਾਲਜ ਪਟਿਆਲਾ ਦੀ ਹੈਂਡਬਾਲ ਖਿਡਾਰਨ ਪੂਜਾ ਕੁਮਾਰੀ ਜਿਸ ਨੇ ਮਾਨਸਿਕ ਪ੍ਰੇਸ਼ਾਨੀ ਕਾਰਨ ਖੁਦਕੁਸ਼ੀ ਕਰ ਲਈ ਸੀ ਦੇ ਪਰਿਵਾਰ ਅਤੇ ਦੋ ਮੈਂਬਰਾਂ ਦੇ ਵਿਆਹ ਲਈ ਚਾਰ ਲੱਖ ਰੁਪਏ ਸਹਾਇਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਣ ਵਾਲੇ ਸਮਾਗਮਾਂ ਅਤੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ ੨੦, ੨੧ ਅਤੇ ੨੨ ਅਕਤੂਬਰ ਨੂੰ ਹੋ ਰਹੇ ਖ਼ਾਲਸਾਈ ਖੇਡ ਉਤਸਵ ਦੀਆਂ ਤਿਆਰੀਆਂ ਅਤੇ ਪ੍ਰਬੰਧ ਸਬੰਧੀ ਖਰਚਿਆਂ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਪੁੱਜੀਆਂ ਵੱਖ-ਵੱਖ ਮੰਗਾਂ ਦੇ ਆਧਾਰ ਪੁਰ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇੰਨ ਸਿੱਖਇਜ਼ਮ, ਬਹਾਦਰਗੜ੍ਹ ਪਟਿਆਲਾ ਵੱਲੋਂ ਐਮ ਏ ਸਿੱਖ ਸਟੱਡੀਜ਼ ਦੇ ੧੫ ਵਿਦਿਆਰਥੀਆਂ ਦੀ ਦੂਜੇ ਸਾਲ ਦੀ ਰਜਿਟਰੇਸ਼ਨ ਫੀਸ, ਸਮੈਸਟਰ ਦੀ ਪ੍ਰੀਖਿਆ ਫੀਸ ਅਤੇ ਸਾਲਾਨਾ ਫੀਸ ਵਜੋਂ ੮੭ ਹਜ਼ਾਰ ਅੱਠ ਸੌ ਪਝੰਤਰ ਰੁਪਏ ਅਦਾ ਕਰਨ, ਗੁਰਦੁਆਰਾ ਸਾਧ ਸੰਗਤ ਵਿਸ਼ਾਖਾ ਪਟਨਮ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ੧੧ ਅਕਤੂਬਰ ਤੋਂ ੧੪ ਅਕਤੂਬਰ ਤੀਕ ਲਗਾਏ ਜਾ ਰਹੇ ਗੁਰਮਤਿ ਕੈਂਪਾਂ ਦੇ ਹੋਣ ਵਾਲੇ ਖਰਚਿਆਂ ਅਤੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਪਿੰਡ ਦਿਹਾਣਾ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਨੈਸ਼ਨਲ ਗੱਤਕਾ ਮੁਕਾਬਲਾ ਕਰਵਾਉਣ ਲਈ ੫੧ ਹਜ਼ਾਰ ਰੁਪਏ ਦੀ ਹੋਰ ਸਹਾਇਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵੱਲੋਂ ਪੁੱਜੀ ਮੰਗ ਦੇ ਆਧਾਰ ਪੁਰ ਨਵੇਂ ਬਣੇ ਭਾਈ ਬਚਿੱਤਰ ਸਿੰਘ ਯਾਤਰੀ ਨਿਵਾਸ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਯਾਤਰੀ ਨਿਵਾਸ ਲਈ ਬਿਜਲੀ ਆਨਲਾਈਨ ਕੁਨੈਕਸ਼ਨ ਲੈਣ ਵਾਸਤੇ ਬਾਰਾ ਲੱਖ ਅੱਠ ਹਜ਼ਾਰ ਨੌ ਸੌ ਅੱਸੀ ਰੁਪਏ ਦੇ ਹੋਣ ਵਾਲੇ ਖਰਚਿਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਬੁੱਢਾ ਦਲ ਨਿਹੰਗ ਸਿੰਘ ਜਥੇਬੰਦੀ ਨਾਲ ਹੋਏ ਸਮਝੌਤੇ ਅਨੁਸਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਵਿਖੇ ੩੦ ਕਮਰੇ ਤਿਆਰ ਕਰਕੇ ਦੇਣ ਲਈ ਕਾਰ ਸੇਵਾ ਬਾਬਾ ਲਾਭ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਨੂੰ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਦੇ ਗੁੰਬਦ ਉਪਰ ਲੱਗੇ ਸੋਨੇ ਦੀ ਧੁਆਈ ਦੀ ਸੇਵਾ ਭਾਈ ਮਹਿੰਦਰ ਸਿੰਘ ਮੁਖੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ (ਇੰਗਲੈਂਡ) ਵਾਲਿਆਂ ਨੂੰ ਦੇਣ ਦਾ ਫੈਸਲਾ ਕੀਤਾ ਗਿਆ ਹੈ।

ਇਕੱਤਰਤਾ ਵਿੱਚ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਸੁਖਦੇਵ ਸਿੰਘ ਭੌਰ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰਾਨ ਸ. ਰਜਿੰਦਰ ਸਿੰਘ ਮਹਿਤਾ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਨਿਰਮੈਲ ਸਿੰਘ ਜੌਲਾਂ ਕਲਾਂ, ਸ. ਮੰਗਲ ਸਿੰਘ, ਸ. ਭਜਨ ਸਿੰਘ ਸ਼ੇਰਗਿੱਲ, ਸ. ਸੁਰਜੀਤ ਸਿੰਘ ਗੜ੍ਹੀ ਤੇ ਸ. ਮੋਹਣ ਸਿੰਘ ਬੰਗੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪਰਮਜੀਤ ਸਿੰਘ ਸਰੋਆ, ਸ. ਹਰਭਜਨ ਸਿੰਘ ਮਨਾਵਾਂ, ਸ. ਰਣਜੀਤ ਸਿੰਘ, ਸ. ਬਿਜੈ ਸਿੰਘ, ਸ. ਕੇਵਲ ਸਿੰਘ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ, ਸ. ਸੁਖਵਿੰਦਰ ਸਿੰਘ ਗਰੇਵਾਲ ਮੈਨੇਜਰ ਆਦਿ ਮੌਜੂਦ ਸਨ। *੨੯ ਸਤੰਬਰ*

# ਵਿਦੇਸ਼ਾਂ ਵਿਚ ਸਿੱਖਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਪਛਾਣ ਸਬੰਧੀ ਵਿਸ਼ੇਸ਼ ਦਸਤਾਵੇਜ਼ ਜਾਰੀ

## ਸ਼੍ਰੋਮਣੀ ਕਮੇਟੀ ਸਿੱਖ ਪਛਾਣ ਸਬੰਧੀ ਵੀਡੀਓ ਡਾਕੂਮੈਂਟਰੀ ਵੀ ਬਣਾਏਗੀ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ– ਵਿਦੇਸ਼ਾਂ ਅੰਦਰ ਪਛਾਣ ਦੀ ਦੁਬਿਧਾ ਕਾਰਨ ਸਿੱਖਾਂ ਨੂੰ ਆਉਂਦੀਆਂ ਮੁਸ਼ਕਿਲਾਂ ਦੇ ਹੱਲ ਲਈ ਯਤਨਸ਼ੀਲ ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੰਮੀ ਘਾਲਣਾ ਤੋਂ ਬਾਅਦ ਸਿੱਖ ਧਰਮ ਦੇ ਵੱਖ-ਵੱਖ ਪਹਿਲੂਆਂ ਨੂੰ ਦਰਸਾਉਂਦਾ ਵਿਸ਼ੇਸ਼ ਦਸਤਾਵੇਜ਼ ਅੱਜ ਜਾਰੀ ਕਰ ਦਿੱਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਵੱਲੋਂ ਜਾਰੀ ਕੀਤੇ ਗਏ ਇਸ ਅਹਿਮ ਦਸਤਾਵੇਜ਼ ਵਿਚ ਸਿੱਖ ਧਰਮ ਦੇ ਸ਼ਨਾਮੱਤੇ ਇਤਿਹਾਸ ਤੋਂ ਇਲਾਵਾ ਸਿੱਖ ਪਛਾਣ, ਸਿੱਖਾਂ ਦੇ ਵਿਦੇਸ਼ਾਂ ਅੰਦਰ ਵੱਸਣ ਦੇ ਮੁੱਢਲੇ ਦੌਰ ਸਬੰਧੀ ਜਾਣਕਾਰੀ, ਸਿੱਖਾਂ ਦੀਆਂ ਗਲੋਬਲੀ ਪ੍ਰਾਪਤੀਆਂ, ਸਿੱਖਾਂ ਦੀ ਵਿਦੇਸ਼ਾਂ ਅੰਦਰ ਵਰਤਮਾਨ ਸਥਿਤੀ, ਕਾਰੋਬਾਰ, ਸਿੱਖ ਸਭਿਆਚਾਰ ਦੀ ਅਮੀਰੀ ਅਤੇ ਸਿੱਖਾਂ ਦੇ ਹੋਰਨਾ ਧਰਮਾਂ ਦੇ ਲੋਕਾਂ ਨਾਲ ਭਰਾਤਰੀ ਸਬੰਧਾਂ ਦੀ ਰੌਸ਼ਨੀ ਵਿਚ ਵਡਮੁੱਲੀ ਜਾਣਕਾਰੀ ਨਸ਼ਰ ਕੀਤੀ ਗਈ ਹੈ।

ਜ਼ਿਕਰ-ਏ-ਖਾਸ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਤੇ ਸਮੇਂ ਇਸ ਸਬੰਧ ਵਿਚ ਸਿੱਖ ਬੁਧੀਜੀਵੀਆਂ ਤੇ ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਕੀਤੀਆਂ ਗਈਆਂ ਮੀਟਿੰਗਾਂ ਵਿਚ ਵਿਚਾਰ-ਵਟਾਂਦਰੇ ਉਪਰੰਤ ਵਿਦਵਾਨਾਂ ਦੀ ਇੱਕ ਸਬ-ਕਮੇਟੀ ਬਣਾਈ ਗਈ ਸੀ। ਇਸ ਕਮੇਟੀ ਵਿਚ ਪ੍ਰਸਿੱਧ ਸਿੱਖ ਵਿਦਵਾਨ ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਸਾਬਕਾ ਪ੍ਰੋ-ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਬਲਕਾਰ ਸਿੰਘ ਪ੍ਰੋਫੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਬਲਵੰਤ ਸਿੰਘ ਢਿੱਲੋਂ ਪ੍ਰੋਫੈਸਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਧਰਮ ਸਿੰਘ ਪ੍ਰੋਫੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ (ਕੋ-ਆਰਡੀਨੇਟਰ) ਨੂੰ ਸ਼ਾਮਲ ਕੀਤਾ ਗਿਆ ਸੀ। ਇਸ ਕਮੇਟੀ ਵੱਲੋਂ ਵੱਖ-ਵੱਖ ਮੀਟਿੰਗਾਂ ਕਰਕੇ ਇਸ ਕਿਤਾਬਚੇ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ।

ਕਿਤਾਬਚਾ ਜਾਰੀ ਕਰਨ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇ. ਅਵਤਾਰ ਸਿੰਘ ਨੇ ਪ੍ਰੈੱਸ ਦੇ ਰੂਬਰੂ ਹੁੰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੇ ਮਸਲਿਆਂ ਨੂੰ ਲੈ ਕੇ ਸੰਜੀਦਾ ਹੈ ਅਤੇ ਇਹ ਸਿੱਖ ਮਸਲਿਆਂ ਦੇ ਹੱਲ ਲਈ ਸਾਰਥਿਕ ਪਹੁੰਚ ਅਪਣਾਉਣ ਲਈ ਸਦਾ ਯਤਨਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾ ਤਹਿਤ ਹੀ ਵੱਖ-ਵੱਖ ਦੇਸ਼ਾਂ ਦੀਆਂ ਅੰਬੈਸੀਆਂ, ਸਰਕਾਰਾਂ ਆਦਿ ਤਕ ਸਿੱਖਾਂ ਦੀ ਪਛਾਣ ਅਤੇ ਪ੍ਰਾਪਤੀਆਂ ਪਹੁੰਚਾਉਣ ਲਈ ਇਹ ਦਸਤਾਵੇਜ਼ ਤਿਆਰ ਕਰਵਾਇਆ ਗਿਆ ਹੈ। ਦਸਤਾਵੇਜ਼ ਵਿਚ ਦਰਜ ਜਾਣਕਾਰੀ ਦਾ ਖੁਲਾਸਾ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਵਿਚ ਪਹਿਲੀ ਸੰਸਾਰ ਜੰਗ ਤੋਂ ਲੈ ਕੇ ਵਰਤਮਾਨ ਸਮੇਂ ਤੱਕ ਸਿੱਖਾਂ ਦੇ ਇਤਿਹਾਸ ਅਤੇ ਵਿਸ਼ਵ ਪੱਧਰੀ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਿਚ ਪਹਿਲੀ ਸੰਸਾਰ ਜੰਗ ਵਿਚ ਸਿੱਖ ਫੌਜੀਆਂ ਦੇ ਯੋਗਦਾਨ, ੫੯ ਦੇਸ਼ਾਂ ਵਿਚ ਵੱਸਦੇ ਸਿੱਖ ਭਾਈਚਾਰੇ ਦੀ ਜਨਸੰਖਿਆ ਬਾਰੇ ਜਾਣਕਾਰੀ ਅਤੇ ਸਿੱਖ ਸਭਿਆਚਾਰ ਤੇ ਸਿੱਖ ਸੰਸਕਾਰਾਂ ਦੀ ਰੌਸ਼ਨੀ ਵਿਚ ਸਿੱਖ ਰਹੁਰੀਤਾਂ ਨੂੰ ਵਿਸ਼ੇਸ਼ ਤੌਰ 'ਤੇ ਉਭਾਰਿਆ ਗਿਆ ਹੈ। ਇਸ ਦੇ ਨਾਲ ਹੀ ਅੰਤਰਰਾਸ਼ਟਰੀ ਪੱਧਰ 'ਤੇ ਰਾਜਸੀ, ਸਮਾਜਿਕ, ਵਪਾਰਕ, ਪ੍ਰਸ਼ਾਸਨਿਕ ਅਤੇ ਧਾਰਮਿਕ ਖੇਤਰ ਨਾਲ ਸਬੰਧਤ ਸ਼ਖਸੀਅਤਾਂ ਦੇ ਜ਼ਿਕਰ ਨੂੰ ਇਸ ਵਿਚ ਵਿਸ਼ੇਸ਼ ਸਥਾਨ ਦਿੱਤਾ ਗਿਆ ਹੈ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕਿਤਾਬਚੇ ਵਿਚ ਵਿਦੇਸ਼ਾਂ ਅੰਦਰ ਪੁਰਾਤਨ ਸਮੇਂ ਤੋਂ ਸਿੱਖ ਗੁਰਦੁਆਰਿਆਂ ਦੀ ਸਥਾਪਨਾ ਅਤੇ ਉਨ੍ਹਾਂ ਵੱਲੋਂ ਸਰਬੱਤ ਦੇ ਭਲੇ ਲਈ ਪਾਏ ਯੋਗਦਾਨ ਨੂੰ ਵੀ ਦਰਸਾਉਣ ਦਾ ਯਤਨ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਸ ਕਿਤਾਬਚੇ ਨੂੰ ਤਿਆਰ ਕਰਨ ਸਮੇਂ ਵਿਦਵਾਨਾਂ ਨੇ ਇਸ ਨੂੰ ਸੰਖੇਪ ਰੱਖਣ ਦੀ ਕੋਸ਼ਿਸ਼

ਕੀਤੀ ਹੈ, ਤਾਂ ਜੋ ਪੜ੍ਹਨ ਵਾਲਾ ਉਲਝਣ ਤੋਂ ਬਚ ਸਕੇ। ਇਹ ਦਸਤਾਵੇਜ਼ ਦਿੱਲੀ ਸਥਿਤ ਵੱਖ-ਵੱਖ ਦੇਸ਼ਾਂ ਦੇ ਦੂਤਾਵਾਸਾਂ ਅਤੇ ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਨੂੰ ਭੇਜਣ ਲਈ ਅਮਲ ਜਲਦੀ ਹੀ ਆਰੰਭਿਆ ਜਾਵੇਗਾ ਅਤੇ ਇਸ ਦੇ ਨਾਲ ਹੀ ਇਸ ਦੀ ਕਾਪੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਲਈ ਆਉਂਦੇ ਹਰ ਵਿਦੇਸ਼ੀ ਨੁਮਾਇੰਦੇ ਨੂੰ ਵੀ ਦਿੱਤੀ ਜਾਇਆ ਕਰੇਗੀ। ਇੱਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਇਸ ਕਿਤਾਬਚੇ ਨੂੰ ਹੋਰਨਾਂ ਭਾਸ਼ਾਵਾਂ ਵਿਚ ਉਲਥਾ ਕਰਵਾ ਕੇ ਛਾਪਣ ਦੇ ਯਤਨ ਵੀ ਕੀਤੇ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਸ਼੍ਰੋਮਣੀ ਕਮੇਟੀ ਅਗਲੇ ਪੜਾਅ ਤਹਿਤ ਇਕ ਵੀਡੀਓ ਡਾਕੂਮੈਂਟਰੀ ਤਿਆਰ ਕਰੇਗੀ, ਜਿਸ ਨੂੰ ਇਲੈਕਟ੍ਰੋਨਿਕ ਮੀਡੀਆ ਦੁਆਰਾ ਪ੍ਰਚਾਰਿਆ ਜਾਵੇਗਾ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਹ ਕਿਤਾਬਚਾ ਵਿਦੇਸ਼ਾਂ ਅੰਦਰ ਸਿੱਖਾਂ ਦੀ ਸਹੀ ਪਛਾਣ ਨੂੰ ਪੇਸ਼ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਸਹਾਈ ਹੋਵੇਗਾ। ਉਨ੍ਹਾਂ ਇਸ ਕਾਰਜ ਲਈ ਭੂਮਿਕਾ ਨਿਭਾਉਣ ਵਾਲੇ ਵਿਦਵਾਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸ. ਨਿਰਮੈਲ ਸਿੰਘ ਜੌਲਾ ਕਲਾਂ ਤੇ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ, ਸ. ਗੁਰਪ੍ਰੀਤ ਸਿੰਘ ਝੱਬਰ ਤੇ ਸ. ਖੁਸ਼ਵਿੰਦਰ ਸਿੰਘ ਭਾਟੀਆ ਮੈਂਬਰ ਸ਼੍ਰੋਮਣੀ ਕਮੇਟੀ, ਸ. ਮਨਜੀਤ ਸਿੰਘ ਸਕੱਤਰ, ਸ. ਦਿਲਜੀਤ ਸਿੰਘ 'ਬੇਦੀ' ਤੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਆਦਿ ਹਾਜ਼ਰ ਸਨ। *੪ ਅਕਤੂਬਰ*

## ਡਰੇਨ ਹਾਦਸੇ 'ਚ ਮਾਰੇ ਗਏ ਸਕੂਲੀ ਬੱਚਿਆਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਨੇ ੫੦-੫੦ ਹਜ਼ਾਰ ਰੁਪਏ ਸਹਾਇਤਾ ਰਾਸ਼ੀ ਦਿੱਤੀ

ਅੰਮ੍ਰਿਤਸਰ- ਮੁਹਾਵਾ ਨੇੜੇ ਡਰੇਨ ਵਿਚ ਡੀ.ਏ.ਵੀ. ਪਬਲਿਕ ਸਕੂਲ ਦੀ ਬੱਸ ਡਿੱਗਣ ਕਾਰਨ ਦਰਦਨਾਕ ਹਾਸਦੇ 'ਚ ਮਾਰੇ ਗਏ ਬੱਚਿਆਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ੫੦-੫੦ ਹਜ਼ਾਰ ਰੁਪਏ ਸਹਾਇਤਾ ਰਾਸ਼ੀ ਦਿੱਤੀ ਗਈ ਹੈ। ਇਥੋਂ ਜਾਰੀ ਇਕ ਪ੍ਰੈਸ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਸਕੱਤਰ ਤੇ ਬੁਲਾਰੇ ਸ. ਦਿਲਜੀਤ ਸਿੰਘ 'ਬੇਦੀ' ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਡਰੇਨ ਹਾਦਸੇ 'ਚ ਮਾਰੇ ਗਏ ਸਕੂਲੀ ਬੱਚਿਆਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਵੱਲੋਂ ਲਏ ਗਏ ਫੈਸਲੇ ਅਨੁਸਾਰ ਇਸ ਭਿਆਨਕ ਹਾਦਸੇ ਵਿਚ ਅਕਾਲ ਚਲਾਨਾ ਕਰ ਗਏ ਬੱਚਿਆਂ ਦੇ ਪਰਿਵਾਰਾਂ ਨੂੰ ੫੦-੫੦ ਹਜ਼ਾਰ ਰੁਪਏ ਸਹਾਇਤਾ ਰਾਸ਼ੀ ਦਿੱਤੀ ਗਈ। ਉਨ੍ਹਾਂ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਬੱਚਿਆਂ ਦੇ ਅਕਾਲ ਚਲਾਣੇ ਨਾਲ ਉਨ੍ਹਾਂ ਦੇ ਮਾਪਿਆਂ ਨੂੰ ਵੱਡਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਇਸ ਘਾਟੇ ਨੂੰ ਪੂਰਿਆ ਤਾਂ ਨਹੀਂ ਜਾ ਸਕਦਾ ਪਰ ਇਸ ਦੁੱਖ ਦੀ ਘੜੀ ਵਿਚ ਸ਼੍ਰੋਮਣੀ ਕਮੇਟੀ ਬੱਚਿਆਂ ਦੇ ਪਰਿਵਾਰਾਂ ਨਾਲ ਖੜ੍ਹੀ ਹੈ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਪੀੜਤ ਮਾਪਿਆਂ ਦੇ ਦੁੱਖ ਵਿਚ ਸ਼ਰੀਕ ਹੁੰਦਿਆਂ ਬੱਚਿਆਂ ਦੀ ਅੰਤਿਮ ਅਰਦਾਸ ਸਮੇਂ ਟੈਂਟ ਸ਼ਮਿਆਨੇ ਤੇ ਲੰਗਰ ਆਦਿ ਦਾ ਪ੍ਰਬੰਧ ਵੀ ਕੀਤਾ ਗਿਆ। *੨੨ ਸਤੰਬਰ*

## ਦਸਮੇਸ਼ ਪਿਤਾ ਨੇ ਕਲਮ ਦੀ ਤਾਕਤ ਨਾਲ ਜ਼ਫਰਨਾਮਾ ਰਾਹੀਂ ਜ਼ਾਲਮ ਔਰਗਜ਼ੇਬ ਦਾ ਅੰਤ ਕੀਤਾ- ਗਿਆਨੀ ਜਗਤਾਰ ਸਿੰਘ

### ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਲੋਹਗੜ੍ਹ ਸਾਹਿਬ ਮੋਗਾ ਵਿਖੇ ਕਰਵਾਇਆ ਗਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਯੋਗ ਅਗਵਾਈ ਹੇਠ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਤੀਜਾ ਗੁਰਮਤਿ ਸਮਾਗਮ ਗੁਰਦੁਆਰਾ ਲੋਹਗੜ੍ਹ ਸਾਹਿਬ ਪਾਤਸ਼ਾਹੀ ਦਸਵੀਂ, ਪਿੰਡ ਦੀਨਾ, ਮੋਗਾ (ਜਿਥੇ ਬੈਠ ਕੇ ਦਸਮ

ਪਿਤਾ ਨੇ ਔਰਗਜ਼ੇਬ ਨੂੰ ਜ਼ਫਰਨਾਮਾ ਲਿਖਿਆ ਸੀ) ਵਿਖੇ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਮੁਕਤਸਰ ਸਾਹਿਬ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਅਜੈਬ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਲੋਹਗੜ੍ਹ ਸਾਹਿਬ ਨੇ ਅਰਦਾਸ ਕੀਤੀ। ਤੀਜੇ ਗੁਰਮਤਿ ਸਮਾਗਮ ਦੀ ਆਰੰਭਤਾ ਸਮੇਂ ਭਾਈ ਰਣਧੀਰ ਸਿੰਘ, ਭਾਈ ਇੰਦਰਜੀਤ ਸਿੰਘ ਤੇ ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਸੰਗਤਾਂ ਨੂੰ ਰਸ-ਭਿੰਨੇ ਕੀਰਤਨ ਰਾਹੀਂ ਨਿਹਾਲ ਕੀਤਾ। ਭਾਈ ਮਿਲਖਾ ਸਿੰਘ ਮੌਜੀ, ਭਾਈ ਹਰਪਾਲ ਸਿੰਘ ਢੰਡ, ਭਾਈ ਗੁਰਨਾਮ ਸਿੰਘ ਕਲਾਨੌਰ ਤੇ ਭਾਈ ਗੁਰਿੰਦਰਪਾਲ ਸਿੰਘ ਬੈਂਕਾ ਦੇ ਢਾਡੀ ਤੇ ਕਵੀਸ਼ਰੀ ਜਥਿਆਂ ਵੱਲੋਂ ਸੰਗਤਾਂ ਨੂੰ ਸਿੱਖ ਇਤਿਹਾਸ ਸਰਵਣ ਕਰਵਾਇਆ ਗਿਆ।

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕਿਹਾ ਕਿ ਸੰਗਤਾਂ ਵੱਡਭਾਗੀਆਂ ਹਨ ਜਿਨ੍ਹਾਂ ਨੂੰ ਇਸ ਪਾਵਨ ਅਸਥਾਂਨ ਤੇ ਆਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ, ਜਿਥੇ ਸਰਬੰਸਦਾਨੀ, ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮੁਗਲਾਂ ਦੇ ਜ਼ਾਲਮ ਬਾਦਸ਼ਾਹ ਔਰਗਜ਼ੇਬ ਨੂੰ ਫ਼ਾਰਸੀ ਭਾਸ਼ਾ ਵਿੱਚ ਜ਼ਫਰਨਾਮਾ ਲਿਖਿਆ ਜਿਸ ਦਾ ਸ਼ਾਬਦਿਕ ਅਰਥ ਹੈ ਜਿੱਤ ਦੀ ਚਿੱਠੀ। ਉਨ੍ਹਾਂ ਕਿਹਾ ਕਿ ਜ਼ਫਰਨਾਮੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਹਾਦਰੀ ਅਤੇ ਸੂਰਮਗਤੀ ਨਾਲ ਗੜ੍ਹਚ ਆਪਣੀਆਂ ਲੜਾਈਆਂ ਅਤੇ ਕਾਰਜਾਂ ਦਾ ਰੋਮਾਂਚਕਾਰੀ ਵਰਣਨ ਕੀਤਾ ਹੈ ਜਿਸ ਵਿੱਚ ਖ਼ਾਲਸਾ ਪੰਥ ਦੀ ਸਥਾਪਨਾ, ਅਨੰਦਪੁਰ ਸਾਹਿਬ ਛੱਡਣਾ, ਫਤਹਿਗੜ੍ਹ ਦੀ ਘਟਨਾ, ਚਾਲ੍ਹੀ ਸਿੱਖਾਂ ਦੀ ਸ਼ਹੀਦੀ, ਦੋ ਗੁਰੂ ਪੁੱਤਾਂ ਦਾ ਦੀਵਾਰ ਵਿੱਚ ਚਿਣਵਾਏ ਜਾਣਾ ਅਤੇ ਚਮਕੌਰ ਦਾ ਸੰਘਰਸ਼ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਨੇ ਜ਼ਫਰਨਾਮਾ ਰਾਹੀਂ ਜ਼ਾਲਮ ਔਰਗਜ਼ੇਬ ਨੂੰ ਉਸ ਦੇ ਪਾਪਾਂ ਦਾ ਅਹਿਸਾਸ ਕਰਵਾਇਆ। ਉਨ੍ਹਾਂ ਕਿਹਾ ਕਿ ਦਸਮ ਪਿਤਾ ਨੇ ਔਰਗਜ਼ੇਬ ਨੂੰ ਤਲਵਾਰ ਨਾਲ ਨਹੀਂ ਬਲਕਿ ਆਪਣੀ ਕਲਮ ਨਾਲ ਮਾਰ ਮੁਕਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਗੈਰਤ ਤੇ ਸਵੈਮਾਨ ਦਾ ਸਬਕ ਦਿੱਤਾ ਹੈ। ਉਨ੍ਹਾਂ ਸੰਗਤਾਂ ਨੂੰ ਇਥੋਂ ਖ਼ਾਲਸਾਈ ਸ਼ਕਤੀ ਨੂੰ ਸੰਗਠਿਤ ਕਰਨ ਦੀ ਸਿੱਖਿਆ ਲੈ ਕੇ ਜਾਣ ਦੀ ਅਪੀਲ ਕੀਤੀ। ਉਨ੍ਹਾਂ ਸੰਗਤਾਂ ਨੂੰ ਇਹ ਵੀ ਕਿਹਾ ਕਿ ਜਿਨ੍ਹਾਂ ਅਜੇ ਤੱਕ ਅੰਮ੍ਰਿਤ ਨਹੀਂ ਛਕਿਆ ਉਹ ਅੰਮ੍ਰਿਤ ਛੱਕ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ। ਇਨ੍ਹਾਂ ਤੋਂ ਇਲਾਵਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀਸ਼ਨਲ ਹੈਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸਿੰਘ ਸਾਹਿਬ ਗਿਆਨੀ ਹਰਪਾਲ ਸਿੰਘ ਮੁੱਖ ਗ੍ਰੰਥੀ ਸ੍ਰੀ ਫਤਹਿਗੜ੍ਹ ਸਾਹਿਬ ਨੇ ਵੀ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ।

ਇਸ ਸਮੇਂ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਗੁਰਮਤਿ ਸਮਾਗਮ ਸਮੇਂ ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਅਤੇ ਪੰਥਕ ਸ਼ਖਸ਼ੀਅਤਾਂ ਨੂੰ ਗੁਰੂ-ਘਰ ਦੀ ਬਖਸ਼ਿਸ਼ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਦੀ ਸੇਵਾ ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ ਤੇ ਭਾਈ ਗੁਰਬਚਨ ਸਿੰਘ ਕਲਸੀਆਂ ਪ੍ਰਚਾਰਕ ਨੇ ਬਾਖੂਬੀ ਨਿਭਾਈ।

ਇਸ ਮੌਕੇ ਸ. ਬਲਦੇਵ ਸਿੰਘ ਚੁੱਗਾ, ਸ. ਸੁਖਹਰਪ੍ਰੀਤ ਸਿੰਘ,. ਸ. ਹਰਿੰਦਰ ਸਿੰਘ ਰਣੀਆਂ ਤੇ ਬੀਬੀ ਨਰਿੰਦਰ ਕੌਰ ਰਣੀਆਂ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ ਬੇਦੀ ਸਕੱਤਰ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ, ਸ. ਜਗਜੀਤ ਸਿੰਘ ਤੇ ਸ. ਚਾਨਣ ਸਿੰਘ ਮੀਤ ਸਕੱਤਰ, ਸ. ਸਤਨਾਮ ਸਿੰਘ, ਭਾਈ ਰੂਪਾ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਬਚਨ ਸਿੰਘ ਕਾਰ ਸੇਵਾ ਦਿੱਲੀ ਵਾਲੇ, ਬਾਬਾ ਗੁਰਨਾਮ ਸਿੰਘ ਡਰੋਲੀ ਵਾਲੇ, ਸ. ਮਨਜੀਤ ਸਿੰਘ ਇੰਚਾਰਜ ਸ਼ਤਾਬਦੀਆਂ, ਸ. ਅਰਵਿੰਦਰ ਸਿੰਘ ਸਾਸਨ ਏ ਪੀ ਆਰ ਓ ਪਬਲੀਸਿਟੀ, ਸ. ਬਿਕਰਮਜੀਤ ਸਿੰਘ ਸੀ ਸੀ, ਪ੍ਰਿੰਸੀਪਲ ਸ. ਸੁਖਦੇਵ ਸਿੰਘ, ਸ. ਗੁਰਵੀਰ ਸਿੰਘ ਤੇ ਬੀਬੀ ਹਰਬੰਸ ਕੌਰ ਆਦਿ ਹਾਜ਼ਰ ਸਨ।

*੧੯ ਸਤੰਬਰ*

# ਜਥੇ. ਅਵਤਾਰ ਸਿੰਘ ਨੇ ਦਸਤਾਰਧਾਰੀ ਸਿੱਖਾਂ ਦੇ ਇਤਰਾਜਯੋਗ ਪੋਸਟਰ ਲਗਾਉਣ ਵਾਲੇ ਦੋਸ਼ੀਆਂ ਖਿਲਾਫ ਕੈਨੇਡਾ ਸਰਕਾਰ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ

ਅੰਮ੍ਰਿਤਸਰ- ਕੈਨੇਡਾ 'ਚ ਨਸਲੀ ਵਿਤਕਰੇ ਨੂੰ ਲੈ ਕੇ ਯੂਨੀਵਰਸਿਟੀ ਆਫ ਅਲਬਰਟਾ ਵਿਖੇ ਦਸਤਾਰਧਾਰੀ ਸਿੱਖਾਂ ਖਿਲਾਫ ਅੰਗਰੇਜ਼ੀ ਵਿੱਚ ਇਤਰਾਜਯੋਗ ਭਾਸ਼ਾ ਦੇ ਪੋਸਟਰ ਲਗਾਉਣ ਵਾਲੇ ਦੋਸ਼ੀਆਂ ਵਿਰੁੱਧ ਸਰਕਾਰ ਨੂੰ ਸਖ਼ਤ ਤੋਂ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

ਇਸ ਘਟਨਾ ਦੀ ਨਿੰਦਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਵਾਲੇ ਨਾਲ ਕਿਹਾ ਕਿ ਪੋਸਟਰ ਵਿੱਚ ਸਿੱਖਾਂ ਨੂੰ ਆਪਣੇ ਮੁਲਕ ਵਾਪਸ ਜਾਣ ਲਈ ਕਹਿਣਾ ਬਹੁਤ ਹੀ ਮੰਦਭਾਗਾ ਹੈ, ਜਦੋਂਕਿ ਸਿੱਖ ਇਥੇ ਚੰਗੇਰੀ ਪੜ੍ਹਾਈ ਕਰਨ ਦੇ ਮਕਸਦ ਨਾਲ ਹੀ ਆਉਂਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਰੋਜ਼ਾਨਾ ਹੀ ਨਿਤਨੇਮ ਉਪਰੰਤ ਸਰੱਬਤ ਦੇ ਭਲੇ ਦੀ ਅਰਦਾਸ ਕਰਦਾ ਹੈ। ਸਿੱਖ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਬਾਣੀ ਜੋ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਦਰਜ ਹੈ ਮਨੁੱਖਤਾਂ ਨੂੰ ਜੀਵਨ ਜਾਚ ਦੇ ਨਾਲ-ਨਾਲ ਆਪਸੀ ਏਕਤਾ, ਇਤਫਾਕ, ਭਾਈਚਾਰਕ ਸਾਂਝ ਅਤੇ ਸੱਚ ਦਾ ਮਾਰਗ ਦਿਖਾਉਂਦੀ ਹੈ। ਪਰ ਕੁਝ ਧਰਮ ਹੀਨ ਲੋਕ ਜੋ ਸ਼ਾਂਤੀ ਦੇ ਵਿਰੁੱਧ ਹੁੰਦੇ ਹਨ ਆਪਣੀ ਕੁੜਤਣ ਅਤੇ ਪਾੜ ਪਾਉਣ ਦੇ ਮਨਸੂਬੇ ਤਹਿਤ ਅਜਿਹੀਆਂ ਟਿੱਪਣੀਆਂ ਕਰਦੇ ਹਨ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਜਦੋਂ ਓਂਟਾਰੀਓ ਅਤੇ ਕੈਨੇਡਾ ਦੇ ਐਡਮਿੰਟਨ 'ਚ ਸਥਿਤ ਗੁਰਦੁਆਰਾ ਸਾਹਿਬ ਦੀ ਕੰਧ ਉਪਰ ਸ਼ਰਾਰਤੀ ਲੋਕਾਂ ਵੱਲੋਂ ਸਿੱਖਾਂ ਖਿਲਾਫ ਨਸਲਵਾਦੀ ਟਿੱਪਣੀ ਕੀਤੀ ਗਈ ਸੀ, ਉਸ ਸਮੇਂ ਵੀ ਜਥੇ.ਅਵਤਾਰ ਸਿੰਘ ਵੱਲੋਂ ਰੋਸ ਦਾ ਪ੍ਰਗਟਾਵਾ ਕਰਦਿਆਂ ਵਿਦੇਸ਼ ਮੰਤਰੀ ਨੂੰ ਪੱਤਰ ਲਿਖ ਕੇ ਅਜਿਹੀਆਂ ਘਟਨਾਵਾਂ ਲਈ ਕਾਰਗਰ ਉਪਰਾਲਾ ਕਰਨ ਲਈ ਕਿਹਾ ਗਿਆ ਸੀ।

ਉਨ੍ਹਾਂ ਯੂਨੀਵਰਸਿਟੀ ਆਫ ਅਲਬਰਟਾ ਦੇ ਪ੍ਰਧਾਨ ਡੇਵਿਟ ਟਰਪਿਨ ਵੱਲੋਂ ਫੌਰੀ ਕਾਰਵਾਈ ਕਰਦਿਆਂ ਇਤਰਾਜ਼ਯੋਗ ਭਾਸ਼ਾ ਵਾਲੇ ਪੋਸਟਰ ਹਟਾਉਣ ਅਤੇ ਹਰ ਧਰਮ ਦੇ ਭਾਈਚਾਰੇ ਲਈ ਯੂਨੀਵਰਸਿਟੀ ਦੇ ਦਰਵਾਜ਼ੇ ਖੁੱਲੇ ਰੱਖਣ ਦੇ ਬਿਆਨ ਦੀ ਪ੍ਰਸੰਸਾ ਵੀ ਕੀਤੀ ਹੈ। ਸ. ਬੇਦੀ ਨੇ ਕਿਹਾ ਕਿ ਜਥੇ.ਅਵਤਾਰ ਸਿੰਘ ਨੇ ਕੈਨੇਡਾ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਨ ਤੇ ਸਿੱਖਾਂ ਦੀ ਪਹਿਚਾਣ ਬਾਰੇ ਉਥੇ ਵੱਸਦੀਆਂ ਸਿੱਖ ਜਥੇਬੰਦੀਆਂ ਨਾਲ ਜਾਗਰੂਕਤਾ ਮੁਹਿੰਮ ਚਲਾਉਣ ਤਾਂ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। *੨੧ ਸਤੰਬਰ*

# ਜਥੇਦਾਰ ਅਵਤਾਰ ਸਿੰਘ ਨੇ ਅਫ਼ਗਾਨਿਸਤਾਨ ਸਰਕਾਰ ਵੱਲੋਂ ਸੰਸਦ 'ਚ ਸਿੱਖਾਂ ਲਈ ਸੀਟ ਰਾਖਵੀਂ ਕਰਨ ਦੇ ਫੈਸਲੇ ਦੀ ਸ਼ਲਾਘਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਫ਼ਗਾਨਿਸਤਾਨ ਨੈਸ਼ਨਲ ਯੂਨਿਟੀ ਗੌਰਮਿੰਟ ਵੱਲੋਂ ਸੰਸਦ ਵਿੱਚ ਸਿੱਖਾਂ ਲਈ ਇਕ ਸੀਟ ਰਾਖਵੀਂ ਰੱਖਣ ਦੇ ਫੈਸਲੇ ਨੂੰ ਸ਼ਲਾਘਾਯੋਗ ਦੱਸਿਆ ਹੈ।

ਇਥੋਂ ਜਾਰੀ ਪ੍ਰੈਸ ਬਿਆਨ 'ਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਅਫ਼ਗਾਨਿਸਤਾਨ ਦੀ ਕੈਬਨਿਟ ਵੱਲੋਂ ਇਸ ਬਿੱਲ ਨੂੰ ਮਾਨਤਾ ਮਿਲਣ ਨਾਲ ਹੁਣ ਘੱਟ ਗਿਣਤੀ ਸਿੱਖਾਂ ਨੂੰ ਸੰਸਦ ਵਿੱਚ ਨੁਮਾਇੰਦਗੀ ਹਾਸਲ ਹੋ ਸਕੇਗੀ। ਉਨ੍ਹਾਂ ਕਿਹਾ ਕਿ ਅਫ਼ਗਾਨਿਸਤਾਨ ਵਿੱਚ ਸਿੱਖਾਂ ਦੇ ਹਾਲਾਤ ਬਹੁਤੇ ਚੰਗੇ

ਨਹੀਂ ਹਨ ਜਿਸ ਦਾ ਸਬੂਤ ੭੫ ਅਫਗਾਨ ਪਰਿਵਾਰਾਂ ਵੱਲੋਂ ਭਾਰਤ ਹਿਜ਼ਰਤ ਕਰਨ ਤੋਂ ਮਿਲਦਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਅਫ਼ਗਾਨਿਸਤਾਨ ਦੀ ਸਰਕਾਰ ਦੇ ਯਤਨਾਂ ਦੀ ਸ਼ਲਾਘਾ ਕੀਤੀ ਹੈ ਅਤੇ ਨਾਲ ਹੀ ਉਨ੍ਹਾਂ ਕਿਹਾ ਕਿ ਹੁਣ ਅਫਗਾਨੀ ਸਿੱਖਾਂ ਨੂੰ ਆਪਣੇ ਮਸਲਿਆਂ ਸਬੰਧੀ ਸੰਸਦ ਵਿੱਚ ਆਵਾਜ਼ ਉਠਾਉਣ ਦਾ ਮੌਕਾ ਮਿਲੇਗਾ, ਜੋ ਬੇਹੱਦ ਖੁਸ਼ੀ ਦੀ ਗੱਲ ਹੈ। ਉਨ੍ਹਾਂ ਅਫ਼ਗਾਨਿਸਤਾਨ ਦੇ ਰਾਸ਼ਟਰਪਤੀ ਜਨਾਬ ਅਸ਼ਰਫ ਗਨੀ ਦਾ ਵੀ ਇਸ ਬਿੱਲ ਨੂੰ ਮਨਜ਼ੂਰੀ ਦੇਣ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਥੇ.ਅਵਤਾਰ ਸਿੰਘ ਨੇ ਉਮੀਦ ਪ੍ਰਗਟਾਈ ਹੈ ਕਿ ਅਫ਼ਗਾਨਿਸਤਾਨ ਸਰਕਾਰ ਦੇ ਇਸ ਪ੍ਰਸੰਸਾਯੋਗ ਫੈਸਲੇ ਨਾਲ ਸਿੱਖਾਂ ਦੀ ਸਥਿਤੀ ਵਿੱਚ ਸੁਧਾਰ ਆਵੇਗਾ। *੨੧ ਸਤੰਬਰ*

## ਜਥੇ. ਅਵਤਾਰ ਸਿੰਘ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਸਮਾਰਟ ਸਿਟੀ ਦਾ ਦਰਜਾ ਦੇਣ 'ਤੇ ਪੰਜਾਬ ਅਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੇਂਦਰ ਸਰਕਾਰ ਵੱਲੋਂ ਸ੍ਰੀ ਅੰਮ੍ਰਿਤਸਰ ਸ਼ਹਿਰ ਨੂੰ ਸਮਾਰਟ ਸਿਟੀ ਬਨਾਉਣ ਦੇ ਫੈਂਸਲੇ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਹੈ।

ਉਨ੍ਹਾਂ ਕਿਹਾ ਕਿ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੁਆਰਾ ਵਰੋਸਾਏ ਅੰਮ੍ਰਿਤਸਰ ਵਰਗੇ ਪਵਿੱਤਰ ਸ਼ਹਿਰ ਨੂੰ ਕੇਂਦਰ ਸਰਕਾਰ ਨੇ ਸਮਾਰਟ ਸਿਟੀ ਦਾ ਦਰਜਾ ਦਿਵਾਉਣ ਲਈ ਸ਼ਲਾਘਾਯੋਗ ਕਦਮ ਪੁੱਟਿਆ ਹੈ। ਉਨ੍ਹਾਂ ਕਿਹਾ ਕਿ ਇਹ ਉਹ ਪਾਵਨ ਨਗਰੀ ਹੈ ਜਿੱਥੋਂ ਗੁਰਬਾਣੀ ਦੇ ਓਟ ਆਸਰੇ ਨਾਲ ਸੱਚ, ਨੇਕੀ, ਹਮਦਰਦੀ, ਮਿਲਣਸਾਰਤਾ, ਪਰਉਪਕਾਰਤਾ, ਸੇਵਾ ਸਿਮਰਨ ਤੇ ਸਰਬੱਤ ਦੇ ਭਲੇ ਦੇ ਬੇਮਿਸਾਲ ਗੁਣ ਅਮਲੀ ਤੌਰ 'ਤੇ ਪ੍ਰਫੁੱਲਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਨੇ ਇਸ ਅਸਥਾਨ ਪੁਰ ਹਰ ਧਰਮ, ਜਾਤੀ, ਨਸਲ ਅਤੇ ਖਿੱਤੇ ਦੇ ਲੋਕਾਂ ਨੂੰ ਵਸਾਇਆ। ਉਨ੍ਹਾਂ ਕਿਹਾ ਕਿ ਇਸ ਅਸਥਾਨ ਪੁਰ ਹਰ ਯਾਤਰੂ ਪੈਰ ਧਰਦਿਆਂ ਹੀ ਆਪਣੇ ਆਪ ਨੂੰ 'ਪ੍ਰੀਤਮ ਕੇ ਦੇਸ਼' ਦਾ ਵਾਸੀ ਅਨੁਭਵ ਕਰਦਾ ਹੈ। ਉਨ੍ਹਾਂ ਕਿਹਾ ਕਿ ਸਿਫ਼ਤੀ ਦੇ ਘਰ ਸ੍ਰੀ ਅੰਮ੍ਰਿਤਸਰ ਵਿੱਚ ਹਰ ਵਿਅਕਤੀ ਦੀ ਇੱਛਾ ਹੁੰਦੀ ਹੈ ਕਿ ਉਹ ਜ਼ਿੰਦਗੀ ਵਿੱਚ ਘੱਟੋ-ਘੱਟ ਇਕ ਵਾਰੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨ ਇਸ਼ਨਾਨ ਕਰੇ।

ਉਨ੍ਹਾਂ ਕਿਹਾ ਕਿ ਸ੍ਰੀ ਅੰਮ੍ਰਿਤਸਰ ਦੇ ਸਮਾਰਟ ਸਿਟੀ ਬਨਣ ਨਾਲ ਸਪੋਰਟਸ ਹੱਬ, ਕੈਨਾਲ ਰਿਜੁਵਿਨੇਸ਼ਨ, ੨੪ ਘੰਟੇ ਪਾਣੀ ਦੀ ਸਪਲਾਈ, ਸੀਵਰੇਜ ਵਿਵਸਥਾ, ਬਰਸਾਤੀ ਪਾਣੀ ਦੀ ਨਿਕਾਸੀ, ਟਰਾਂਸਪੋਰਟ, ਬਿਜਲੀ ਦੀ ਅੰਡਰ-ਗਰਾਊਂਡ ਫਿਟਿੰਗ, ਸਟਰੀਟ ਲਾਈਟਾਂ, ਸੋਲਰ ਊਰਜਾ ਪੈਨਲ ਅਤੇ ਈ ਸਕੂਲ ਬਨਣਗੇ ਅਤੇ ਸਿਹਤ ਪ੍ਰਤੀ ਮੈਸੇਜ ਅਲਰਟ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਅੰਮ੍ਰਿਤਸਰ ਸ਼ਹਿਰ ਨੂੰ ਅਤਿ ਆਧੁਨਿਕ ਸਹੂਲਤਾਂ ਪ੍ਰਦਾਨ ਹੋਣ ਦੇ ਨਾਲ-ਨਾਲ ਯਾਤਰੂਆਂ ਦੀ ਆਮਦ ਵੱਧਣ ਨਾਲ ਵਪਾਰ ਵਿੱਚ ਵੀ ਵਾਧਾ ਹੋਵੇਗਾ। ਉਨ੍ਹਾਂ ਸ੍ਰੀ ਅੰਮ੍ਰਿਤਸਰ ਸ਼ਹਿਰ ਨੂੰ ਸਮਾਰਟ ਸ਼ਹਿਰਾਂ ਵਿਚ ਸ਼ਾਮਿਲ ਕਰਨ ਤੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ। *੨੧ ਸਤੰਬਰ*

## ਜਥੇ. ਅਵਤਾਰ ਸਿੰਘ ਨੇ ਜਥੇ. ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਦੀ ਨਵੀਂ ਬਣੀ ਬਿਲਡਿੰਗ ਦਾ ਉਦਘਾਟਨ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸੀਚਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਦੀ ਨਵੀਂ ਬਣੀ ਬਿਲਡਿੰਗ ਦਾ ਉਦਘਾਟਨ ਕੀਤਾ। ਉਦਘਾਟਨ ਤੋਂ ਪਹਿਲਾਂ ਭਾਈ ਦਲੇਰ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਪਟਿਆਲਾ ਨੇ ਅਰਦਾਸ ਕੀਤੀ। ਇਸ ਉਪਰੰਤ ਇੰਸਟੀਚਿਊ ਦੇ ਕੰਮ ਕਾਜ ਨੂੰ ਸੁਚਾਰੂ

(ਬਾਕੀ ਪੰਨਾ ੫੧ 'ਤੇ)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬਾਬਾ ਸ਼ੇਖ ਫਰੀਦ ਜੀ ਦਾ ਜਨਮ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਸੁਲਤਾਨ ਸਿੰਘ ਅਤੇ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਅਤੇ ਸੰਗਤਾਂ।

(23 ਸਤੰਬਰ 2016)



ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਪੁਸਤਕ 'ਖਾਲਸਾ ਪੰਥ ਦੀ ਧਰਮ ਯੁੱਧ ਕਲਾ ਗੱਤਕਾ ਦਾ ਸਿਧਾਂਤ, ਪਰਿਭਾਸ਼ਾ, ਸਿਖਲਾਈ ਅਤੇ ਨਿਯਮਾਂਵਲੀ ਨੂੰ ਜਾਰੀ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣ ਕਮੇਟੀ, ਮੈਂਬਰ ਭਾਈ ਮਨਜੀਤ ਸਿੰਘ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ', ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪਰਮਜੀਤ ਸਿੰਘ ਸਰੋਆ ਤੇ ਸ. ਪ੍ਰਤਾਪ ਸਿੰਘ, ਸ. ਸੁਲੱਖਣ ਸਿੰਘ ਮੈਨੇਜਰ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ, ਮਨਮੋਹਨ ਸਿੰਘ ਭਾਗੋਵਾਲੀਆ ਅਤੇ ਹੋਰ।

(3 ਸਤੰਬਰ 2016)



ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਦੀ ਯਾਦ 'ਚ ਗੁਰਦੁਆਰਾ ਸਾਰਾਗੜ੍ਹੀ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ, ਕਰਮਚਾਰੀ ਅਤੇ ਸੰਗਤਾਂ।

(12 ਸਤੰਬਰ 2016)



ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਇਮਾਰਤ ਨੂੰ ਰੰਗ-ਰੋਗਨ ਕਰਨ ਦੀ ਆਰੰਭਤਾ ਕਰਦੇ ਹੋਏ ਬਾਬਾ ਹਰਭਜਨ ਸਿੰਘ ਭਲਵਾਨ, ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਤੇ ਹੋਰ।

(24 ਸਤੰਬਰ 2016)



ਗੁਰਦੁਆਰਾ ਸ੍ਰੀ ਦੇਗਸਰ ਸਾਹਿਬ, ਕਟਾਣਾ (ਲੁਧਿਆਣਾ) ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉਪਰੰਤ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ, ਅੰਤ੍ਰਿੰਗ ਮੈਂਬਰਾਂ ਅਤੇ ਅਧਿਕਾਰੀਆਂ ਨਾਲ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।

(29 ਸਤੰਬਰ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਪਹੁੰਚੇ ਸ. ਸੁਖਦਿਆਲ ਸਿੰਘ ਬੱਲ ਡਿਸਟ੍ਰੀਬਿਊਟਰ ਇੰਡੀਅਨ ਆਇਲ ਨੂੰ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ।

(24 ਸਤੰਬਰ 2016)




ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਲੋਹਗੜ੍ਹ ਸਾਹਿਬ ਮੋਗਾ ਵਿਖੇ ਤੀਜੇ ਗੁਰਮਤਿ ਸਮਾਗਮ ਸਮੇਂ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ।
ਸਟੇਜ ਤੇ ਸੁਸ਼ੋਭਿਤ ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਹੋਰ।
ਹੇਠਾਂ: ਗੁਰਮਤਿ ਸਮਾਗਮ ਸਮੇਂ ਸੰਗਤਾਂ।
(16 ਸਤੰਬਰ 2016)



ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮਹਾਨ ਢਾਡੀ ਦਰਬਾਰ ਸਮੇਂ ਮੀਰੀ-ਪੀਰੀ ਸ਼੍ਰੋਮਣੀ ਢਾਡੀ ਸਭਾ ਦੇ ਪ੍ਰਧਾਨ ਗਿਆਨੀ ਗੁਰਮੇਜ ਸਿੰਘ ਸ਼ਹੂਰਾ ਪਾਸੋਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਦਾ ਸਨਮਾਨ ਹਾਸਲ ਕਰਦੇ ਹੋਏ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ।



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਏ ਗਏ ਸੈਮੀਨਾਰ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇ. ਅਵਤਾਰ ਸਿੰਘ ਨੂੰ ਸਨਮਾਨਤ ਕਰਦੇ ਹੋਏ ਡਾ. ਗੁਰਮੋਹਨ ਸਿੰਘ ਵਾਲੀਆ ਵੀ.ਸੀ., ਡਾ. ਰਤਨ ਸਿੰਘ ਜੱਗੀ, ਡਾ. ਜਗਬੀਰ ਸਿੰਘ ਅਤੇ ਹੋਰ।

(6 ਅਕਤੂਬਰ 2016)



ਸ਼੍ਰੋਮਣੀ ਕਮੇਟੀ ਦੇ ਡਾਇਰੈਕਟਰ ਸਿੱਖਿਆ ਡਾ. ਧਰਮਿੰਦਰ ਸਿੰਘ ਉੱਭਾ ਦੀ ਪੁਸਤਕ 'ਸਵੇਰੇ-ਸਵੇਰੇ' ਜਾਰੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇ. ਅਵਤਾਰ ਸਿੰਘ, ਅੰਤ੍ਰਿੰਗ ਮੈਂਬਰ ਸ. ਰਜਿੰਦਰ ਸਿੰਘ ਮਹਿਤਾ, ਸ. ਜੋਗਿੰਦਰ ਸਿੰਘ ਅਦਲੀਵਾਲ, ਡਾ. ਏ.ਪੀ. ਸਿੰਘ, ਡਾ. ਗੀਤਾ ਸ਼ਰਮਾ ਅਤੇ ਹੋਰ।

(5 ਅਕਤੂਬਰ 2016)



ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਧਾਰਮਿਕ ਪ੍ਰੀਖਿਆ ਸਬੰਧੀ ਪ੍ਰਚਾਰਕਾਂ ਤੇ ਧਾਰਮਿਕ ਅਧਿਆਪਕਾਂ ਨਾਲ ਇਕੱਤਰਤਾ ਸਮੇਂ ਸੰਬੋਧਨ ਕਰਦੇ ਹੋਏ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ।

(18 ਸਤੰਬਰ 2016)



ਗੁਰਦੁਆਰਾ ਅੰਗੀਠਾ ਸਾਹਿਬ ਯਾਦਗਾਰ 13 ਸਿੰਘ ਸ਼ਹੀਦ ਦੇ ਪ੍ਰਬੰਧ ਦੀਆਂ ਚਾਬੀਆਂ ਸ. ਮਨਜੀਤ ਸਿੰਘ ਸਕੱਤਰ ਤੇ ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਨੂੰ ਸੌਂਪਦੇ ਹੋਏ ਬਾਬਾ ਹਰਭਜਨ ਸਿੰਘ ਭਲਵਾਨ, ਬਾਬਾ ਮੇਜਰ ਸਿੰਘ ਤੇ ਹੋਰ।

(22 ਸਤੰਬਰ 2016)



ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਦਿਹਾਣਾ ਵਿਖੇ ਕਰਵਾਏ ਗਏ ਗੱਤਕਾ ਮੁਕਾਬਲਿਆਂ ਵਿੱਚੋਂ ਜੇਤੂ ਰਹੀ ਟੀਮ ਨੂੰ ਸਨਮਾਨਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਐਡੀ. ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਮਨਮੋਹਨ ਸਿੰਘ ਭਾਗੋਵਾਲੀਆ ਡਾਇਰੈਕਟਰ ਗੱਤਕਾ ਅਤੇ ਹੋਰ।
(1 ਅਕਤੂਬਰ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਬੀਬੀ ਕੁਲਦੀਪ ਕੌਰ ਚੇਅਰਪਰਸਨ ਗੁਰੂ ਗੋਬਿੰਦ ਸਿੰਘ ਫਾਊਂਡੇਸ਼ਨ ਵਿਜੇਵਾੜਾ ਅਤੇ ਡਾ. ਦਿਲਸ਼ਾਹ ਸਿੰਘ ਅਨੰਦ ਨੂੰ ਸਨਮਾਨਤ ਕਰਦੇ ਹੋਏ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਤੇ ਹੋਰ।
(6 ਸਤੰਬਰ 2016)



ਸੁਪਰੀਮ ਕੋਰਟ ਆਫ ਇੰਡੀਆ ਦੇ ਜੱਜ ਸ੍ਰੀ ਪੀਨਾਕੀ ਚੰਦਰਾ ਘੋਸ਼ ਤੇ ਉਨ੍ਹਾਂ ਦੀ ਧਰਮ ਪਤਨੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ ਸਨਮਾਨਤ ਕਰਦੇ ਹੋਏ। ਉਨ੍ਹਾਂ ਨਾਲ ਐਡੀ. ਸਕੱਤਰ ਸ. ਹਰਭਜਨ ਸਿੰਘ ਮਨਾਵਾਂ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਅਤੇ ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ ਤੇ ਹੋਰ। (9 ਸਤੰਬਰ 2016)



ਗੁਰਦੁਆਰਾ ਸ੍ਰੀ ਪਲਾਹ ਸਾਹਿਬ ਪਾਤਸ਼ਾਹੀ ਛੇਵੀਂ ਪਿੰਡ ਖੈਰਾਬਾਦ ਵਿਖੇ ਸਾਲਾਨਾ ਜੋੜ-ਮੇਲੇ ਸਬੰਧੀ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਨਾਲ ਇਕੱਤਰਤਾ ਸਮੇਂ ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ ਤੇ ਹੋਰ।

(ਪੰਨਾ ੪੨ ਦਾ ਬਾਕੀ)

ਢੰਗ ਨਾਲ ਚਲਾਉਣ ਅਤੇ ਸਮੇਂ-ਸਮੇਂ ਸੇਧਾਂ ਦੇਣ ਲਈ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਸਬ-ਕਮੇਟੀ ਦੀ ਪਲੇਠੀ ਇਕੱਤਰਤਾ ਹੋਈ। ਜਿਸ ਵਿੱਚ ਡਾ:ਜਸਪਾਲ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ: ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ, ਪ੍ਰੋ: ਪ੍ਰਿਥੀਪਾਲ ਸਿੰਘ ਕਪੂਰ, ਡਾ: ਸਰਦਾਰਾ ਸਿੰਘ ਜੌਹਲ ਚਾਂਸਲਰ ਕੇਂਦਰੀ ਯੂਨੀਵਰਸਿਟੀ ਬਠਿੰਡਾ, ਡਾ: ਬਲਕਾਰ ਸਿੰਘ ਡਾਇਰੈਕਟਰ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼, ਡਾ: ਕੇਹਰ ਸਿੰਘ ਸਾਬਕਾ ਚੇਅਰਮੈਨ ਪੰਜਾਬ ਸਿੱਖਿਆ ਬੋਰਡ, ਪਟਿਆਲਾ, ਡਾ: ਸਰਬਜਿੰਦਰ ਸਿੰਘ ਪ੍ਰੋ: ਅਤੇ ਮੁਖੀ ਭਾਈ ਗੁਰਦਾਸ ਚੇਅਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਕੋ-ਆਰਡੀਨੇਟਰ ਸ਼ਾਮਿਲ ਹੋਏ। ਸਬ-ਕਮੇਟੀ ਦੀ ਇਕੱਤਰਤਾ ਦੇ ਏਜੰਡੇ ਵਿੱਚ ਗੁਰਮਤਿ ਦ੍ਰਿਸ਼ਟੀ ੨੦੨੦, ਸਰਬ ਭਾਰਤੀ ਗੁਰਮਤਿ ਕਾਨਫਰੰਸ, ਗੁਰਮਤਿ ਪੀਡੀਆ, ਵਿਦੇਸ਼ਾਂ ਵਿੱਚ ਵਸਦੇ ਸਿੱਖਾਂ ਲਈ ਆਨ ਲਾਈਨ ਕੋਰਸ, ਹੱਥ ਵਿੱਚ ਲਏ ਜਾ ਰਹੇ ਪ੍ਰੋਗਰਾਮ ਦੀਆਂ ਪ੍ਰਥਮਤਾਵਾਂ ਨਿਰਧਾਰਤ ਕਰਨ, ਇੰਸਟੀਚਿਊਟ ਦੇ ਕੰਮ ਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਖਰਚਿਆਂ, ਕੰਮ ਕਰਨ ਅਤੇ ਕਰਵਾਉਣ ਦੀਆਂ ਵਿਧੀਆਂ, ਪ੍ਰਧਾਨ ਸਾਹਿਬ ਜੀ ਦੀ ਆਗਿਆ ਅਨੁਸਾਰ ਹੋਰ ਮਸਲਿਆਂ ਤੇ ਵਿਚਾਰ ਕਰਨਾ ਅਤੇ ਇੰਸਟੀਚਿਊਟ ਦੀ ਵੈਬਸਾਈਟ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।

ਇਕੱਤਰਤਾ ਵਿੱਚ ਲਏ ਗਏ ਅਹਿਮ ਚਾਰ ਪ੍ਰਮੁੱਖ ਫੈਸਲਿਆਂ ਬਾਰੇ ਦੱਸਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਵੱਲੋਂ ਹੁਣ ਤੋਂ ਹੀ ਗੁਰਮਤਿ ਦ੍ਰਿਸ਼ਟੀ ੨੦੨੦ ਦੀ ਜ਼ਰੂਰਤ ਤੇ ਵਿਉਂਤਬੰਦੀ ਤੇ ਕੰਮ ਕਰਨਾ ਸ਼ੁਰੂ ਕੀਤਾ ਜਾਵੇਗਾ। ਇਸਦੇ ਇਲਾਵਾ ਪੰਜਾਬ ਤੋਂ ਬਾਹਰ ਦੇ ਰਾਜਾਂ ਵਿੱਚ ਵਸਦੇ ਉਹ ਲੋਕ ਜੋ ਸਿੱਖੀ ਨਾਲ ਜੁੜੇ ਹਨ, ਪਰ ਸਿੱਖੀ ਦੇ ਮਾਧਿਅਮ ਤੋਂ ਦੂਰ ਹਨ ਨਾਲ ਮਿਲ ਕੇ ਸਰਬ ਭਾਰਤੀ ਗੁਰਮਤਿ ਕਾਨਫਰੰਸ੍ਹਾਂ ਕਰਵਾਉਣ, ਗੁਰਮਤਿ ਪੀਡੀਆ ਬਾਰੇ ਕੰਮ ਕਰਨ ਲਈ ਬਾਹਰੀ ਉੱਚ ਵਿਦਵਾਨਾ ਤੋਂ ਸੇਵਾਵਾਂ ਲੈਣ ਅਤੇ ਵਿਦੇਸ਼ਾਂ ਵਿੱਚ ਵਸਦੇ ਸਿੱਖਾਂ ਲਈ ਆਨ ਲਾਈਨ ਕੋਰਸ ਸ਼ੁਰੂ ਕਰਵਾਉਣ ਬਾਰੇ ਸਰਬ-ਸੰਮਤੀ ਨਾਲ ਫੈਸਲਾ ਲੈ ਲਿਆ ਗਿਆ ਹੈ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਇਸ ਇੰਸਟੀਚਿਊਟ ਦੀ ਵਿਸ਼ੇਸ਼ਤਾ ਇਹ ਹੋਵੇਗੀ ਕਿ ਇਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਆਉਂਦੇ ਗੁਰਦੁਆਰਾ ਸਾਹਿਬਾਨ ਦੇ ਸਮੂਹ ਗ੍ਰੰਥੀ ਅਤੇ ਰਾਗੀ ਸਿੰਘਾਂ, ਢਾਡੀ-ਕਵੀਸ਼ਰਾਂ ਅਤੇ ਪ੍ਰਚਾਰਕਾਂ ਨੂੰ ਇਕ ਮਹੀਨੇ ਦਾ ਰਿਫਰੈਸ਼ਰ ਕੋਰਸ ਕਰਵਾਇਆ ਜਾਵੇਗਾ। ਜਿਸ ਨਾਲ ਉਨ੍ਹਾਂ ਦੀ ਵਿਦਵਤਾ ਅਤੇ ਪ੍ਰਤੀਭਾ ਵਿੱਚ ਵਾਧਾ ਹੋਵੇਗਾ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਭਾਰਤੀ ਪੰਜਾਬ ਜਾ ਪਾਕਿਸਤਾਨੀ ਪੰਜਾਬ ਵਿਚ ਹੀ ਨਹੀਂ ਸਗੋਂ ਇਸ ਸਮੇਂ ਵਿਸ਼ਵ ਵਿਚ ਵਿਸ਼ੇਸ਼ ਪਛਾਣ 'ਤੇ ਸਥਾਨ ਬਣਾ ਚੁੱਕਾ ਹੈ। ਸਿੱਖ ਭਾਈਚਾਰੇ ਦੀਆਂ ਪ੍ਰਾਪਤੀਆਂ ਉਸ ਦਾ ਗੌਰਵਮਈ ਇਤਿਹਾਸ ਅਤੇ ਵਿਰਾਸਤ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਹਾਕਿਆਂ ਤੋਂ ਸੰਸਾਰ ਵਿੱਚ ਵਾਪਰੀਆਂ ਵਿਸ਼ਵੀਕਰਨ ਦੀਆਂ ਨੀਤੀਆਂ ਤਹਿਤ ਇਕਰੂਪਤਾ ਪੱਖੀ ਤਬਦੀਲੀਆਂ ਨੇ ਸਾਰੇ ਸੰਸਾਰ ਦੇ ਇਲਾਕਾਈ ਸਭਿਆਚਾਰਾਂ ਨੂੰ ਨਵੀਆਂ ਵੰਗਾਰਾਂ ਦੇ ਸਨਮੁਖ ਲਿਆ ਖੜ੍ਹਾ ਕੀਤਾ ਹੈ। ਇਹ ਖਤਰੇ ਜਾਂ ਸ਼ੰਕੇ ਨਸਲੀ ਵਿਤਕਰਿਆਂ ਤੱਕ ਜਾ ਪਹੁੰਚੇ ਹਨ।ਉਨ੍ਹਾਂ ਕਿਹਾ ਕਿ ਇਸ ਦਾ ਅਸਲ ਕਾਰਨ ਸਿੱਖ ਧਰਮ ਬਾਰੇ ਅਗਿਆਨਤਾ ਹੈ। ਇਸੇ ਨੂੰ ਧਿਆਨ ਵਿੱਚ ਰੱਖਕੇ ਗੁਰਮਤਿ-ਦ੍ਰਿਸ਼ਟੀ ੨੦੨੦ ਦੀ ਵਿਉਂਤਬੰਦੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇੰਸਟੀਚਿਊਟ ਦੀ ਪ੍ਰਤੀਬੱਧਤਾ ਹੀ ਨਹੀਂ, ਰੀਝ ਅਤੇ ਸੁਪਨਾ ਵੀ ਹੈ ਕਿ ਹਰੇਕ ਸਿੱਖ ਇਸ ਦ੍ਰਿਸ਼ਟੀ ਨੂੰ ਘੜਨ ਵਿਚ ਆਪਣਾ ਯੋਗਦਾਨ ਪਾਵੇ ਅਤੇ ਫਿਰ ਇਨ੍ਹਾਂ ਸਾਰੇ ਲੋੜੀਂਦੇ ਉਦਮਾਂ/ਕਾਰਜਾਂ ਵਿਚ ਪੂਰੀ ਤਨਦੇਹੀ, ਸ਼ਕਤੀ, ਸਾਧਨਾਂ ਅਤੇ ਸੂਝ ਨਾਲ ਇਨ੍ਹਾਂ ਨੂੰ ਨੇਪਰੇ ਚਾੜ੍ਹਨ ਵਿਚ ਮਦਦਗਾਰ ਹੋਵੇ।

ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ, ਸਾਰੀ ਦੁਨੀਆਂ ਵਿੱਚ ਫੈਲ ਗਿਆ ਹੈ ਅਤੇ ਇਸ ਨਾਲ ਅਜਿਹੇ ਪਲੇਟਫਾਰਮ ਦੀ ਲੋੜ ਪੈਦਾ ਹੋ ਗਈ ਹੈ ਜਿਸ ਤੇ ਸਾਰੇ ਰਲਕੇ ਬੈਠ ਸਕਣ। ਉਨ੍ਹਾਂ ਕਿਹਾ ਕਿ ਇਸ ਵਿਚ ਕੋਈ ਸ਼ੱਕ

ਨਹੀਂ ਹੈ ਕਿ ਸਿੱਖ ਧਰਮ ਦਾ ਕੇਂਦਰ ਪੰਜਾਬ ਹੀ ਹੈ ਅਤੇ ਪੰਜਾਬ ਦਾ ਸਿੱਖ ਭਾਈਚਾਰਾ ਹੀ ਸਿੱਖਾਂ ਦੀ ਮੁੱਖ ਧਾਰਾ ਮੰਨਿਆਂ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦੁਨੀਆਂ ਦੇ ਬਾਕੀ ਹਿੱਸਿਆਂ ਵਿੱਚ ਵਸੇ ਹੋਏ ਸਿੱਖਾਂ ਨਾਲ ਤਾਲਮੇਲ ਲਈ ਲੋੜੀਂਦੀਆਂ ਕੋਸ਼ਿਸ਼ਾਂ ਲੋੜੀਂਦੇ ਰੰਗ ਵਿੱਚ ਸਾਹਮਣੇ ਨਹੀਂ ਆ ਰਹੀਆਂ। ਇਸ ਪਾਸੇ ਤੁਰਨ ਲਈ ਭਾਰਤ ਦੇ ਵੱਖ-ਵੱਖ ਸੂਬਿਆਂ ਵਿੱਚ ਵਸੇ ਸਿੱਖਾਂ ਦੇ ਪ੍ਰਤੀਨਿਧਾਂ ਨੂੰ ਇੱਕ ਥਾਂ ਇਕੱਠਾ ਕਰਨ ਵਾਸਤੇ ਸਰਬ-ਹਿੰਦ ਗੁਰਮਤਿ ਕਾਨਫਰੰਸ ਕਰਵਾਉਣ ਦਾ ਫੈਸਲਾ ਲਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰ 'ਤੇ ਕਿਹਾ ਜਾਂਦਾ ਹੈ ਕਿ ਇਹ ਦੌਰ ਗਿਆਨ ਦੀ ਸਰਦਾਰੀ ਦਾ ਦੌਰ ਹੈ। ਜਿਸ ਕੋਲ ਗਿਆਨ ਹੋਵੇਗਾ ਉਸੇ ਦੀ ਸਤਾ ਹੋਵੇਗੀ। ਉਨ੍ਹਾਂ ਕਿਹਾ ਕਿ ਸਿੱਖ ਧਰਮ ਨੇ ਗਿਆਨ ਅਤੇ ਵਿਸ਼ਵਾਸ਼ ਵਿਚਕਾਰ ਸਹਿਜ-ਸਥਾਪਨ ਕਰਕੇ ਗਿਆਨ ਦਾ ਸਿੱਖ-ਪ੍ਰਸੰਗ ਸਥਾਪਿਤ ਕੀਤਾ ਹੋਇਆ ਹੈ। ਇਨ੍ਹਾਂ ਨੂੰ ਦੇਸ਼-ਵਿਦੇਸ਼ ਵਿੱਚ ਵਸਦੇ ਲੋਕਾਂ ਤੱਕ ਲਿਜਾਨ ਲਈ ਗੁਰਮਤਿ ਪੀਡੀਆ ਸ਼ੁਰੂ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਿੱਖਾਂ ਦੇ ਗਲੋਬਲ ਭਾਈਚਾਰਾ ਬਣ ਜਾਣ ਨਾਲ ਅਜਿਹੀਆਂ ਸਮੱਸਿਆਵਾਂ ਪੈਦਾ ਹੋ ਗਈਆਂ ਹਨ, ਜਿਨ੍ਹਾਂ ਨੂੰ ਗੁਰਮਤਿ ਦੇ ਰੰਗ ਵਿਚ ਸਮਝਣ ਅਤੇ ਸਮਝੌਣ ਦਾ ਮੁੱਦਾ, ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਉਟ ਆਫ ਸਿਖਿਇਜ਼ਮ ਨੇ ਹੱਥ ਵਿੱਚ ਲੈਣ ਦਾ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਤਕਰੀਬਨ ੯੦ ਮੁਲਕਾਂ ਵਿਚ ਗੁਰੂ ਘਰ ਸਥਾਪਿਤ ਹਨ ਅਤੇ ਇਸ ਤੋਂ ਵੀ ਵਧੇਰੇ ਮੁਲਕਾਂ ਵਿਚ ਸਿੱਖਾਂ ਦੇ ਅੰਕੜੇ ਕਿਸੇ ਨਾ ਕਿਸੇ ਰੂਪ ਵਿੱਚ ਪ੍ਰਾਪਤ ਹੋ ਰਹੇ ਹਨ। ਵਿਦੇਸ਼ਾਂ ਵਿੱਚ ਵਸਦੇ ਸਿੱਖ ਭਾਈਚਾਰੇ ਨੂੰ ਗੁਰਮਤਿ ਨਾਲ ਜੋੜਨਾ ਸਿੱਖ-ਸਮਕਾਲ ਦੀਆਂ ਸਭ ਤੋਂ ਵੱਡੀਆਂ ਲੋੜਾਂ ਵਿਚੋਂ ਇਕ ਹੈ। ਉਨ੍ਹਾਂ ਕਿਹਾ ਕਿ ਇਹ ਮਸਲਾ, ਪ੍ਰਾਪਤ ਸੰਚਾਰ-ਸਾਧਨਾਂ ਦੇ ਵਰਤਮਾਨ ਦੌਰ ਵਿੱਚ ਕਾਫੀ ਸੌਖਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਆਸ਼ੇ ਨਾਲ ਵਿਦੇਸ਼ਾਂ 'ਚ ਵਸਦੇ ਸਿੱਖਾਂ ਲਈ ਆਨਲਾਈਨ ਗੁਰਮਤਿ-ਕੋਰਸ ਸ਼ੁਰੂ ਕਰਨ ਦਾ ਫੈਸਲਾ ਲਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਇਸ ਮੰਤਵ ਵਾਸਤੇ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਨੋਡਲ ਏਜੰਸੀ ਵਜੋਂ ਕੰਮ ਕਰ ਸਕਦਾ ਹੈ। ਏਸੇ ਨੂੰ ਗੁਰਮਤਿ-ਦ੍ਰਿਸ਼ਟੀ ਕਿਹਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਇਹ ਸਾਰਾ ਕਾਰਜ ਕਿਸੇ ਇਕੱਲੀ ਧਿਰ ਵੱਲੋਂ ਨਹੀਂ ਕੀਤਾ ਜਾ ਸਕਦਾ ਬਲਕਿ ਇਸ ਵਾਸਤੇ ਸਾਂਝੀ ਸੋਚ, ਸਾਂਝਾ ਉੱਦਮ ਅਤੇ ਸੰਗਤੀ ਅਰਦਾਸ ਹੀ ਕੰਮ ਕਰ ਸਕਦੀ ਹੈ।

ਇਸ ਮੌਕੇ ਸ. ਜਰਨੈਲ ਸਿੰਘ ਕਰਤਾਰਪੁਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਜਗਜੀਤ ਸਿੰਘ ਤੇ ਸ੍ਰ. ਸਿਮਰਜੀਤ ਸਿੰਘ ਮੀਤ ਸਕੱਤਰ, ਡਾ: ਧਰਮਿੰਦਰ ਸਿੰਘ ਉੱਭਾ, ਪ੍ਰੋ: ਚਮਕੌਰ ਸਿੰਘ, ਡਾ: ਗੁਰਬੀਰ ਸਿੰਘ ਪ੍ਰਿੰਸੀਪਲ ਗੁਰੂ ਕਾਸ਼ੀ ਕਾਲਜ ਆਫ ਸਿੱਖ ਸਟੱਡੀਜ਼ ਤਲਵੰਡੀ ਸਾਬੋ, ਬੀਬੀ ਪ੍ਰਭਜੋਤ ਕੌਰ ਅਸਿਸਟੈਂਟ ਰੀਸਰਚ ਸਕਾਲਰ ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ ਆਦਿ ਹਾਜ਼ਰ ਸਨ।

*੧੪ ਸਤੰਬਰ*

# ਜੰਮੂ-ਕਸ਼ਮੀਰ ਸਰਕਾਰ ਸਿੱਖਾਂ ਦੀ ਜਾਨ-ਮਾਲ ਦੀ ਰਾਖੀ ਲਈ ਢੁੱਕਵੇਂ ਪ੍ਰਬੰਧ ਕਰੇ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜੰਮੂ-ਕਸ਼ਮੀਰ ਸਰਕਾਰ ਸਿੱਖਾਂ ਦੀ ਜਾਨ-ਮਾਲ ਦੀ ਰਾਖੀ ਲਈ ਢੁਕਵੇਂ ਪ੍ਰਬੰਧ ਕਰੇ ਤਾਂ ਜੋ ਸਿੱਖਾਂ ਨੂੰ ਆਪਣਾ ਮੁਲਕ ਛੱਡਣ ਲਈ ਮਜ਼ਬੂਰ ਨਾ ਹੋਣਾ ਪਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਫਤਰ ਸ਼੍ਰੋਮਣੀ ਕਮੇਟੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਜੰਮੂ ਕਸ਼ਮੀਰ ਵਿੱਚ ਵੱਸਦੇ ਸਿੱਖਾਂ ਦੀਆਂ ਮੁਸ਼ਕਲਾਂ ਸੁਣਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ ਗਏ ਚਾਰ ਮੈਂਬਰੀ ਵਫਦ ਵਿੱਚ ਸ਼ਾਮਲ ਸ. ਰਾਜਿੰਦਰ ਸਿੰਘ ਮਹਿਤਾ ਅਤੇ ਸ. ਮੋਹਨ ਸਿੰਘ ਬੰਗੀਂ ਅੰਤ੍ਰਿੰਗ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ ਅਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਨੇ ਉਥੋਂ ਦੇ ਸਿੱਖ ਆਗੂਆਂ

ਨਾਲ ਇਕੱਤਰਤਾ ਕੀਤੀ ਹੈ।

ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਫਦ ਨੂੰ ਸਿੱਖ ਆਗੂਆਂ ਨੇ ਆਪਣੀਆਂ ਮੁਸ਼ਕਲਾਂ ਬਾਰੇ ਦੱਸਿਆ ਕਿ ਜਦੋਂ ਤੋਂ ਵਾਦੀ ਵਿੱਚ ਅੱਤਵਾਦ ਦਾ ਦੌਰ ਸ਼ੁਰੂ ਹੋਇਆ ਹੈ, ਉਦੋਂ ਤੋਂ ਹੀ ਸਿੱਖ ਵਸੋਂ ਇਸ ਦਾ ਸਾਹਮਣਾ ਕਰਦੀ ਰਹੀ ਹੈ, ਪਰ ਮੌਜੂਦਾ ਸਥਿਤੀ ਵਿੱਚ ਸਿੱਖਾਂ ਦੀ ਜਾਨ-ਮਾਲ ਨੂੰ ਵਧੇਰੇ ਖ਼ਤਰਾ ਪੈ ਗਿਆ ਹੈ। ਸਿੱਖਾਂ ਦੀਆਂ ਜ਼ਮੀਨਾਂ ਪੁਰ ਵੀ ਜ਼ਬਰੀ ਕਬਜ਼ੇ ਕੀਤੇ ਜਾ ਰਹੇ ਹਨ। ਇਥੋਂ ਤੱਕ ਕਿ ਕਈਆਂ ਥਾਵਾਂ 'ਤੇ ਸਿੱਖਾਂ ਨੂੰ ਜ਼ਬਰੀ ਮੁਸਲਮਾਨ ਬਣਾਉਣ ਦੀਆਂ ਕੋਸ਼ਿਸ਼ਾਂ ਵੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਆਗੂਆਂ ਨੇ ਦੱਸਿਆ ਕਿ ਵਾਦੀ ਵਿੱਚ ਰਹਿੰਦੇ ਬਹੁ ਗਿਣਤੀ ਕਸ਼ਮੀਰੀ ਪੰਡਤ ਵਾਦੀ ਨੂੰ ਛੱਡ ਕੇ ਹੋਰ ਜਗ੍ਹਾ ਉਪਰ ਪਲਾਇਨ ਕਰ ਗਏ ਹਨ। ਬਦਕਿਸਮਤੀ ਨਾਲ ਸਿੱਖਾਂ ਨੂੰ ਵੀ ਵਾਦੀ ਵਿਚੋਂ ਹੋਲੀ-ਹੋਲੀ ਹਿਜ਼ਰਤ ਕਰਨ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ। ਖਾਸ ਕਰ ਦਿਹਾਤੀ ਖੇਤਰ ਵਿੱਚ ਵੱਸਦੇ ਸਿੱਖਾਂ ਲਈ ਇਹ ਮੁਸ਼ਕਲ ਅਸਹਿਨਯੋਗ ਬਣੀ ਹੋਈ ਹੈ। ਕਈ ਸਿੱਖ ਪਰਿਵਾਰਾਂ ਨੇ ਤਾਂ ਆਪਣੇ ਬੱਚਿਆਂ ਨੂੰ ਜੰਮੂ, ਪੰਜਾਬ ਅਤੇ ਹੋਰ ਥਾਵਾਂ ਤੇ ਭੇਜਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕਸ਼ਮੀਰ ਵਾਦੀ ਵਿੱਚ ਵੱਸਦੇ ਸਿੱਖਾਂ ਦੀ ਪੁਰਜ਼ੋਰ ਮੰਗ ਹੈ ਕਿ ਉਨ੍ਹਾਂ ਨੂੰ ਘੱਟ ਗਿਣਤੀ ਕੌਮ ਦਾ ਰੁਤਬਾ ਦਿੱਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਬਰਾਬਰ ਮਨੁੱਖੀ ਹਕੂਕ ਅਤੇ ਉਥੋਂ ਦੀ ਪੁਲਿਸ ਅਤੇ ਪੈਰਾ-ਮਿਲਟਰੀ ਫੌਜ ਵਿੱਚ ਭਰਤੀ ਹੋਣ ਦਾ ਅਵਸਰ ਮਿਲ ਸਕੇ। ਉਨ੍ਹਾਂ ਦੱਸਿਆ ਕਿ ਵਫਦ ਨੂੰ ਸਿੱਖ ਆਗੂਆਂ ਨੇ ਇਹ ਵੀ ਕਿਹਾ ਕਿ ਸਿੱਖ ਆਪਣੇ ਆਪ ਨੂੰ ਕਸ਼ਮੀਰ ਵਾਦੀ ਵਿੱਚ ਮਹਿਫੂਜ ਨਹੀਂ ਸਮਝਦੇ ਜਿਨ੍ਹਾਂ ਚਿਰ ਵਾਦੀ ਦੇ ਸਿੱਖਾਂ ਨੂੰ ਬਰਾਬਰ ਦੇ ਕਾਨੂੰਨੀ ਹੱਕ ਹਕੂਕ ਨਹੀਂ ਮਿਲਦੇ ਉਨ੍ਹਾਂ ਚਿਰ ਉਨ੍ਹਾਂ ਦਾ ਉਥੇ ਰਹਿਣਾ ਮੁਸ਼ਕਲ ਹੈ। ਸਿੱਖ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਬੇਨਤੀ ਕੀਤੀ ਜਾਵੇ ਕਿ ਸਿੱਖਾਂ ਦਾ ਕਸ਼ਮੀਰ ਵਿੱਚ ਰਹਿਣਾ ਬਹੁਤ ਔਖਾ ਹੈ ਅਤੇ ਜੇਕਰ ਵਾਦੀ ਵਿਚੋਂ ਬਾਕੀ ਸਿੱਖ ਵੀ ਪਲਾਇਨ ਕਰ ਗਏ ਤਾਂ ਵਾਦੀ ਦੀ ਧਰਮ-ਨਿਰਪੇਖ ਦਿੱਖ ਨੂੰ ਵੱਡਾ ਝਟਕਾ ਲੱਗੇਗਾ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸਿੱਖ ਇਕ ਬਹਾਦਰ ਕੌਮ ਹੈ ਜੋ ਸ਼ੁਰੂ ਤੋਂ ਹੀ ਦੇਸ਼ ਦੀ ਆਨ ਅਤੇ ਸ਼ਾਨ ਦੀ ਰਾਖੀ ਲਈ ਤੱਤਪਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਕਸ਼ਮੀਰ ਵਿੱਚ ਆਏ ਹੜ੍ਹਾਂ ਕਾਰਨ ਉਥੇ ਵੱਸਦੇ ਲੋਕਾਂ ਦੀ ਤਨ, ਮਨ, ਧਨ ਨਾਲ ਬਿਨਾਂ ਕਿਸੇ ਭੇਦ ਭਾਵ ਤੋਂ ਵੱਡੀ ਸੇਵਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ੧੯੪੭ ਵਿੱਚ ਤਕਰੀਬਨ ੫੦ ਹਜ਼ਾਰ ਸਿੱਖਾਂ ਨੇ ਕਸ਼ਮੀਰ ਨੂੰ ਬਚਾਉਣ ਲਈ ਆਪਣੀਆਂ ਕੁਰਬਾਨੀਆਂ ਦਿੱਤੀਆਂ ਸਨ। ਕਸ਼ਮੀਰ ਦੀ ਤਰੱਕੀ ਤੇ ਵਿਕਾਸ ਵਿੱਚ ਸਿੱਖਾਂ ਦਾ ਭਰਪੂਰ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਕਸ਼ਮੀਰੀਆਂ ਵੱਲੋਂ ਸਿੱਖਾਂ ਨਾਲ ਅਜਿਹਾ ਵਤੀਰਾ ਅਫਸੋਸਜਨਕ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਰਕਾਰ ਤੋਂ ਮੰਗ ਕਰਦੀ ਹੈ ਕਿ ਸਿੱਖਾਂ ਨੂੰ ਜੰਮੂ-ਕਸ਼ਮੀਰ ਵਿੱਚ ਘੱਟ ਗਿਣਤੀ ਦਾ ਰੁਤਬਾ ਅਤੇ ਪ੍ਰੋਫੈਸ਼ਨਲ ਵਿਦਿਅਕ ਅਦਾਰਿਆਂ ਵਿੱਚ ਨੌਕਰੀ ਲਈ ਰਾਖਵਾਂਕਰਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜੋ ਸਹੂਲਤਾਂ ਕਸ਼ਮੀਰੀ ਪੰਡਤਾਂ ਨੂੰ ਵਾਦੀ ਵਿੱਚੋਂ ਹਿਜ਼ਰਤ ਦੌਰਾਨ ਮਿਲਦੀਆਂ ਹਨ ਉਸ ਦੀ ਤਰਜ਼ ਉਪਰ ਹੀ ਸਿੱਖਾਂ ਨੂੰ ਵੀ ਸਹੂਲਤਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਜੇਕਰ ਸਿੱਖਾਂ ਨੇ ਪਲਾਇਨ ਕੀਤਾ ਤਾਂ ਕਸ਼ਮੀਰ ਸੈਕੂਲਰ ਸਟੇਟ ਨਹੀਂ ਰਹੇਗਾ। ਉਨ੍ਹਾਂ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਤੋਂ ਮਿਲਣ ਲਈ ਸਮਾਂ ਮੰਗਿਆ ਗਿਆ ਹੈ ਜਦੋਂ ਕੋਈ ਸੁਨੇਹਾ ਮਿਲਿਆ ਤਾਂ ਸਿੱਖਾਂ ਦੇ ਮਸਲੇ ਨੂੰ ਵੱਡੇ ਪੱਧਰ 'ਤੇ ਚੁੱਕਿਆ ਜਾਵੇਗਾ।

ਇਸ ਮੌਕੇ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਭਾਈ ਮਨਜੀਤ ਸਿੰਘ, ਸ. ਮਗਵਿੰਦਰ ਸਿੰਘ ਖਾਪੜਖੇੜੀ, ਸ. ਹਰਜਾਪ ਸਿੰਘ ਤੇ ਸ. ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਪਰਮਜੀਤ ਸਿੰਘ ਸਰੋਆ ਤੇ ਸ. ਪ੍ਰਤਾਪ ਸਿੰਘ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ. ਰਣਜੀਤ ਸਿੰਘ ਖਾਲਸਾ ਮੀਡੀਆ ਸਲਾਹਕਾਰ ਆਦਿ ਹਾਜ਼ਰ ਸਨ।

*੩ ਸਤੰਬਰ*

# ਟੀ.ਵੀ. ਚੈੱਨਲ ਸਿੱਖਾਂ ਦੀਆਂ ਭਾਵਨਾਵਾਂ ਨੂੰ ਢਾਹ ਲਗਾਉਣ ਵਾਲੀਆਂ ਕਾਰਵਾਈਆਂ ਤੋਂ ਬਾਜ਼ ਆਉਣ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜ਼ੀ.ਟੀ.ਵੀ. ਤੇ ਚਲਦੇ ਸੀਰੀਅਲ 'ਕਾਲਾ ਟੀਕਾ' ਦੇ ੨੦ ਸਤੰਬਰ ਨੂੰ ਚਲਾਏ ਗਏ ੨੫੯ਵੇਂ ਐਪੀਸੋਡ ਵਿੱਚ ਸਿੱਖਾਂ ਦੇ ਧਾਰਮਿਕ ਚਿੰਨ੍ਹ ਸ੍ਰੀ ਸਾਹਿਬ ਦੀ ਗਲਤ ਢੰਗ ਨਾਲ ਵਰਤੋਂ ਕਰਨ 'ਤੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।

ਇਥੋਂ ਜਾਰੀ ਪ੍ਰੈਸ ਬਿਆਨ 'ਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਦੇ ਹਵਾਲੇ ਨਾਲ ਕਿਹਾ ਕਿ ਸੀਰੀਅਲ 'ਕਾਲਾ ਟੀਕਾ' ਵਿੱਚ ਇਕ ਨਵਜੰਮੀ ਬੱਚੀ ਦੀ ਬਲੀ ਦੇਣ ਲਈ ਇਕ ਔਰਤ ਵੱਲੋਂ ਸ੍ਰੀ ਸਾਹਿਬ ਦੀ ਵਰਤੋਂ ਕੀਤੀ ਗਈ ਹੈ ਜਿਸ ਨਾਲ ਦੇਸ਼-ਵਿਦੇਸ਼ ਵਿੱਚ ਵਸਦੇ ਸਿੱਖਾਂ ਵਿੱਚ ਭਾਰੀ ਰੋਸ ਤੇ ਰੋਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਪਣੇ ਸੀਰੀਅਲ ਦੀ ਪ੍ਰਸਿੱਧੀ ਲਈ ਟੀ.ਵੀ. ਚੈਨਲ ਸਿੱਖ ਭਾਵਨਾਵਾਂ ਨੂੰ ਢਾਹ ਲਗਾਉਣ ਵਾਲੀਆਂ ਕਾਰਵਾਈਆਂ ਤੋਂ ਬਾਜ਼ ਆਉਣ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਸਬ ਟੀ.ਵੀ. ਦੇ ਸੀਰੀਅਲ 'ਤਾਰਕ ਮਹਿਤਾ ਕਾ ਉਲਟਾ ਚਸ਼ਮਾ' ਵਿੱਚ ਗਣੇਸ਼ ਜੀ ਦੀ ਮੂਰਤੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁਸ਼ੋਭਿਤ ਕਰਦਿਆਂ ਵਿਖਾਇਆ ਗਿਆ ਜਿਸ ਸਬੰਧੀ ਸਬ ਟੀ.ਵੀ ਦੇ ਮੈਨੇਜਿੰਗ ਡਾਇਰੈਕਟਰ ਨੂੰ ਪੱਤਰ ਲਿਖ ਕੇ ਇਸ ਸੀਰੀਅਲ ਨੂੰ ਤੁਰੰਤ ਬੰਦ ਕਰਨ ਲਈ ਕਿਹਾ ਗਿਆ ਹੈ। ਸ. ਬੇਦੀ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਜ਼ੀ.ਟੀ.ਵੀ. ਦੇ ਉੱਚ ਅਧਿਕਾਰੀਆਂ ਨੂੰ ਵੀ ਸਿੱਖ ਧਰਮ ਨਾਲ ਖਿਲਵਾੜ ਕਰਨ ਵਾਲੇ ਸੀਰੀਅਲ 'ਕਾਲਾ ਟੀਕਾ' ਬੰਦ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਸੀਰੀਅਲ ਨੂੰ ਬੰਦ ਨਾ ਕੀਤਾ ਗਿਆ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸੈਂਸਰ ਬੋਰਡ ਨੂੰ ਵੀ ਅਪੀਲ ਕੀਤੀ ਕਿ ਅਜਿਹੇ ਚੈਨਲਾਂ 'ਤੇ ਪਾਬੰਦੀ ਲਗਾਈ ਜਾਵੇ ਜਿਨ੍ਹਾਂ ਨੂੰ ਕਿਸੇ ਵੀ ਧਰਮ ਦੀਆਂ ਭਾਵਨਾਵਾਂ ਨਾਲ ਕੋਈ ਮਤਲਬ ਨਹੀਂ ਹੈ।

*੨੩ ਸਤੰਬਰ*

# ਕੈਨੇਡਾ ਦੇ ਕਿਊਬੇਕ ਦੀ ਸੁਪਰੀਮ ਕੋਰਟ ਵੱਲੋਂ ਸਿੱਖਾਂ ਨੂੰ ਹੈਲਮਟ ਪਾ ਕੇ ਕੰਮ 'ਤੇ ਜਾਣ ਦਾ ਫੈਸਲਾ ਨਿਰਾਸ਼ਾਜਨਕ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੈਨੇਡਾ ਦੇ ਕਿਊਬੇਕ ਦੀ ਸੁਪਰੀਮ ਕੋਰਟ ਵੱਲੋਂ ਤਿੰਨ ਸਿੱਖ ਡਰਾਈਵਰਾਂ ਨੂੰ ਕੰਮ 'ਤੇ ਹੈਲਮਟ ਪਾ ਕੇ ਜਾਣ ਤੇ ਕਿਸੇ ਕਿਸਮ ਦੀ ਛੋਟ ਨਾ ਦੇਣ ਦੇ ਫੈਸਲੇ ਨੂੰ ਨਿਰਾਸ਼ਾਜਨਕ ਦੱਸਿਆ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਊਬੇਕ ਸੁਪੀਰੀਅਰ ਅਦਾਲਤ ਦੇ ਜੱਜ ਆਂਦਰੇ ਪ੍ਰੋਵੋਸਟ ਨੂੰ ਆਪਣੇ ਫੈਸਲੇ 'ਤੇ ਦੁਬਾਰਾ ਵਿਚਾਰ ਕਰਨ ਲਈ ਕਹਿੰਦਿਆਂ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪੰਜ ਕਕਾਰਾਂ ਤੋਂ ਇਲਾਵਾ ਖ਼ਾਲਸਾ ਪੰਥ ਨੂੰ ਦਸਤਾਰ ਦੀ ਦਾਤ ਬਖ਼ਸ਼ ਕੇ ਇਕ ਵੱਖਰੀ ਤੇ ਨਿਰਾਲੀ ਪਹਿਚਾਣ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਨੇ ਜਿਥੇ ਸਿੱਖ ਨੂੰ ਸਾਬਤ ਸੂਰਤ ਰਹਿਣ ਲਈ ਪ੍ਰੇਰਿਆ ਹੈ, ਉਥੇ ਕੇਸਾਂ ਦੀ ਸੰਭਾਲ ਲਈ ਦਸਤਾਰ ਸਜਾਉਣ ਦਾ ਆਦੇਸ਼ ਵੀ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿੱਚ ਦਸਤਾਰ ਦੀ ਵਿਸ਼ੇਸ਼ ਮਹੱਤਤਾ ਹੈ। ਉਨ੍ਹਾਂ ਕਿਹਾ ਕਿ ਹੈਲਮਟ ਸਿੱਖਾਂ ਦੇ ਕੇਸਾਂ ਤੇ ਫਿਟ ਨਹੀਂ ਬੈਠਦਾ ਇਸ ਲਈ ਸਿੱਖਾਂ ਨੂੰ ਦਸਤਾਰ ਸਜਾਉਣ ਵਾਸਤੇ ਕੈਨੇਡਾ ਸਰਕਾਰ ਨੂੰ ਸਪੈਸ਼ਲ ਛੋਟ ਦੇਣੀ ਚਾਹੀਦੀ ਹੈ ਜਿਨ੍ਹਾਂ ਨੇ ਕੈਨੇਡਾ ਦੇ ਇਤਿਹਾਸ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਦੀ ਨਵੀਂ ਬਣੀ ਟਰੂਡੋ ਸਰਕਾਰ ਵਿੱਚ ਸ. ਹਰਜੀਤ ਸਿੰਘ ਸੱਜਣ ਨੂੰ ਰੱਖਿਆ ਮੰਤਰੀ ਬਣਾਇਆ ਗਿਆ ਹੈ ਤੇ ਉਨ੍ਹਾਂ ਤੋਂ ਇਲਾਵਾ ਬਹੁਤ ਸਾਰੇ ਪੰਜਾਬੀ ਵੀ ਸਰਕਾਰ ਵਿਚ

ਸ਼ਾਮਲ ਹਨ ਇਸ ਦੇ ਬਾਵਜੂਦ ਕਿਊਬੇਕ ਦੀ ਅਦਾਲਤ ਵੱਲੋਂ ਸਿੱਖਾਂ ਖਿਲਾਫ਼ ਅਜਿਹਾ ਫੈਸਲਾ ਨਿੰਦਣਯੋਗ ਹੈ।

ਉਨ੍ਹਾਂ ਕਿਹਾ ਕਿ ਬਰਤਾਨੀਆ ਦੀ ਸਰਕਾਰ ਵੱਲੋਂ ਸਿੱਖਾਂ ਨੂੰ ਦਸਤਾਰ ਸਜਾ ਕੇ ਕੰਮ 'ਤੇ ਆਉਣ ਦੀ ਆਗਿਆ ਦਿੱਤੀ ਗਈ ਹੈ ਜੋ ਸਿੱਖ ਪੰਥ ਲਈ ਬੜੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕੈਨੇਡਾ ਦੀ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਕੰਮ ਵਾਲੀਆਂ ਥਾਵਾਂ 'ਤੇ ਸਿੱਖਾਂ ਲਈ ਦਸਤਾਰ ਸਜਾਉਣ ਨੂੰ ਯਕੀਨੀ ਬਣਾਉਣ। *੨੪ ਸਤੰਬਰ*

# ਜਥੇ. ਅਵਤਾਰ ਸਿੰਘ ਨੇ ਸ. ਤਾਰਾ ਸਿੰਘ ਨੂੰ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਬਣਾਏ ਜਾਣ ਦੀ ਸ਼ਲਾਘਾ ਕੀਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਿਛਲੇ ਕੁਝ ਸਮੇਂ ਤੋਂ ਚੱਲੇ ਆ ਰਹੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੂੰ ਪਾਕਿਸਤਾਨ ਕਮੇਟੀ ਦਾ ਪ੍ਰਧਾਨ ਥਾਪਣ 'ਤੇ ਵਧਾਈ ਦਿੰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਹੈ।

ਉਨ੍ਹਾਂ ਕਿਹਾ ਕਿ ਪਾਕਿਸਤਾਨ ਓਕਾਫ਼ ਬੋਰਡ ਦੇ ਮੁੱਖ ਦਫ਼ਤਰ ਲਾਹੌਰ ਵਿਖੇ ਚੇਅਰਮੈਨ ਸਦੀਕ ਉਲ ਫਾਰੂਕ ਅਤੇ ਐਮ ਪੀ ਏ ਸ. ਰਮੇਸ਼ ਸਿੰਘ ਅਰੋੜਾ ਦੀ ਅਗਵਾਈ ਵਿੱਚ ਕਰਵਾਏ ਗਏ ਇਜਲਾਸ ਸਮੇਂ ਸ. ਤਾਰਾ ਸਿੰਘ ਨੂੰ ਪਾਕਿਸਤਾਨ ਕਮੇਟੀ ਦਾ ਪ੍ਰਧਾਨ ਬਣਾਏ ਜਾਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਵੀ ਖੁਸ਼ੀ ਵਾਲੀ ਗੱਲ ਇਹ ਹੈ ਕਿ ਇਸ ਇਜਲਾਸ ਵਿੱਚ ਕੀਤੇ ਗਏ ਅਹਿਮ ਫੈਸਲਿਆਂ ਵਿੱਚ ਓਕਾਫ਼ ਬੋਰਡ ਦੇ ਅਧਿਕਾਰੀਆਂ ਵੱਲੋਂ ਪਾਕਿਸਤਾਨ ਵਿੱਚ ਪਿਛਲੇ ੭੦ ਸਾਲਾਂ ਤੋਂ ਬੰਦ ਗੁਰਦੁਆਰਾ ਕਿਆਰਾ ਸਾਹਿਬ ਸ੍ਰੀ ਨਨਕਾਣਾ ਸਾਹਿਬ ਨੂੰ ਪੱਕੇ ਤੌਰ 'ਤੇ ਖੋਲ੍ਹੇ ਜਾਣਾ ਤੇ ਲਾਹੌਰ ਸਥਿਤ ਗੁਰਦੁਆਰਾ ਡੇਹਰਾ ਸਾਹਿਬ ਚਾਹਲ ਬੀਬੀ ਨਾਨਕੀ ਜੀ ਵਿਖੇ ਸੇਵਾ ਸੰਭਾਲ ਲਈ ਪੱਕੇ ਤੌਰ ਤੇ ਗ੍ਰੰਥੀ ਸਿੰਘ ਸੇਵਾਦਾਰ ਨਿਯੁਕਤ ਕਰਨਾ ਹੈ।

ਉਨ੍ਹਾਂ ਪਾਕਿਸਤਾਨ ਓਕਾਫ਼ ਬੋਰਡ ਵੱਲੋਂ ਨਵੰਬਰ ਮਹੀਨੇ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਮ ਪੁਰ ਇੰਟਰਨੈਸ਼ਨਲ ਯੂਨੀਵਰਸਿਟੀ ਬਨਾਉਣ ਦੇ ਫੈਸਲੇ ਬਾਰੇ ਪਾਕਿਸਤਾਨ ਓਕਾਫ਼ ਬੋਰਡ ਦੇ ਚੇਅਰਮੈਨ ਜਨਾਬ ਸਦੀਕ ਉਲ ਫਾਰੂਕ, ਐਮ ਪੀ ਏ ਸ. ਰਮੇਸ਼ ਸਿੰਘ ਅਤੇ ਬੋਰਡ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੋਰਡ ਵੱਲੋਂ ਲਏ ਗਏ ਇਹ ਤਿੰਨੋ ਫੈਸਲੇ ਸਲਾਹੁਣਯੋਗ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਓਕਾਫ਼ ਬੋਰਡ ਦੇ ਇਨ੍ਹਾਂ ਫੈਸਲਿਆਂ 'ਤੇ ਪੂਰੇ ਸਿੱਖ ਜਗਤ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। *੧ ਸਤੰਬਰ*

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੋ ਰੋਜ਼ਾ ਮਹਾਨ ਢਾਡੀ ਦਰਬਾਰ ਕਰਵਾਇਆ

ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੀਰੀ-ਪੀਰੀ ਸ਼੍ਰੋਮਣੀ ਢਾਡੀ ਸਭਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਹਿਯੋਗ ਨਾਲ ਦੋ ਰੋਜ਼ਾ ਮਹਾਨ ਢਾਡੀ ਦਰਬਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਕੁਲਜੀਤ ਸਿੰਘ ਨੇ ਕੀਤੀ। ਇਸ ਮੌਕੇ ਮੀਰੀ-ਪੀਰੀ ਸ਼੍ਰੋਮਣੀ ਢਾਡੀ ਸਭਾ ਦੇ ਪ੍ਰਧਾਨ ਤੇ ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ ਗਿਆਨੀ ਗੁਰਮੇਜ ਸਿੰਘ ਸ਼ਹੂਰਾ ਨੇ ਸ. ਦਿਲਜੀਤ ਸਿੰਘ ਬੇਦੀ ਤੇ ਸ. ਬਿਜੈ ਸਿੰਘ ਵਧੀਕ ਸਕੱਤਰ ਦਾ ਸਨਮਾਨ ਕੀਤਾ।

ਪੰਥ ਪ੍ਰਸਿੱਧ ਢਾਡੀ ਜਥਿਆਂ ਵਿੱਚ ਗਿਆਨੀ ਗੁਰਚਰਨ ਸਿੰਘ ਚੰਨ ਮਦੂਛਾਂਗਾ, ਗਿਆਨੀ ਦੇਸਾ ਸਿੰਘ ਦਲੇਰ, ਗਿਆਨੀ ਗੁਰਮੇਜ ਸਿੰਘ ਬੀ.ਏ.,ਪ੍ਰੋ. ਭੁਪਿੰਦਰ ਸਿੰਘ ਪ੍ਰੀਤ ਪਾਰਸਮਣੀ, ਗਿਆਨੀ ਗੁਰਭੇਜ ਸਿੰਘ ਜੋਹਲ,

ਗਿਆਨੀ ਗੁਰਭੇਜ ਸਿੰਘ ਚਵਿੰਡਾ, ਗਿਆਨੀ ਜਰਨੈਲ ਸਿੰਘ ਖੁੰਡਾ, ਗਿਆਨੀ ਸੁਖਦੇਵ ਸਿੰਘ ਬਾਦਲ, ਗਿਆਨੀ ਬਲਦੇਵ ਸਿੰਘ ਬਲੱਗਣ, ਗਿਆਨੀ ਕੁਲਦੀਪ ਸਿੰਘ ਪਾਰਸ, ਗਿਆਨੀ ਹਰਦੇਵ ਸਿੰਘ ਹੀਰਾ, ਗਿਆਨੀ ਅਮਰੀਕ ਸਿੰਘ ਰਾਣੀਪੁਰ, ਗਿਆਨੀ ਲਖਵਿੰਦਰ ਸਿੰਘ ਸੋਹਲ, ਗਿਆਨੀ ਕੇਵਲ ਸਿੰਘ ਕੋਮਲ, ਗਿਆਨੀ ਗੁਰਪ੍ਰਤਾਪ ਸਿੰਘ ਪਦਮ, ਗਿਆਨੀ ਕੁਲਬੀਰ ਸਿੰਘ ਮਦੂਛਾਂਗਾ, ਗਿਆਨੀ ਗੁਰਜੀਤ ਸਿੰਘ, ਗਿਆਨੀ ਸ਼ਮਸ਼ੇਰ ਸਿੰਘ ਮਿਸ਼ਰਪੁਰਾ, ਗਿਆਨੀ ਸੁਲੱਖਣ ਸਿੰਘ ਚੌਧਰਪੁਰਾ, ਗਿਆਨੀ ਦਲਬੀਰ ਸਿੰਘ ਅਰਸ਼ੀ, ਗਿਆਨੀ ਤਰਸੇਮ ਸਿੰਘ ਪੱਖੋਕੇ, ਗਿਆਨੀ ਦਲਜੀਤ ਸਿੰਘ ਵਿਛੋਵਾ, ਗਿਆਨੀ ਧਰਮ ਸਿੰਘ ਬਹਿਲਾ, ਗਿਆਨੀ ਹਰਜਿੰਦਰ ਸਿੰਘ ਵਲਟੋਹਾ, ਗਿਆਨੀ ਬਲਦੇਵ ਸਿੰਘ ਝਾਮਕਾ ਤੇ ਗਿਆਨੀ ਅਮਰ ਸਿੰਘ ਆਦਿ ਨੇ ਬੀਰ-ਰਸੀ ਵਾਰਾਂ ਰਾਹੀਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚਲੀ ਬਾਣੀ ਦੀ ਮਹੱਤਤਾ ਤੇ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ। ਸਟੇਜ ਦੀ ਸੇਵਾ ਭਾਈ ਹਰਦੇਵ ਸਿੰਘ ਨੇ ਬਾਖੂਬੀ ਨਿਭਾਈ।

*੬ ਸਤੰਬਰ*

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਹੱਦੀ ਲੋਕਾਂ ਦੀ ਰਿਹਾਇਸ਼ ਤੇ ਲੰਗਰ ਆਦਿ ਦੇ ਪ੍ਰਬੰਧ ਮੁਕੰਮਲ- ਬੇਦੀ

## ਸਰਹੱਦੀ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਤੇ ਸਹੂਲਤਾਂ ਦੇਣ ਲਈ ਤਿੰਨ ਮੈਂਬਰੀ ਕਮੇਟੀ ਗਠਿਤ

ਅੰਮ੍ਰਿਤਸਰ- ਸਰਹੱਦ ਤੇ ਜੰਗ ਦੇ ਖਤਰੇ ਕਾਰਨ ਬਣੇ ਤਣਾਅਪੂਰਨ ਮਾਹੌਲ ਕਰਕੇ ਆਪਣੇ ਘਰ ਬਾਰ ਛੱਡ ਕੇ ਸੁਰੱਖਿਅਤ ਥਾਵਾਂ/ਕੈਂਪਾਂ 'ਚ ਪਹੁੰਚੇ ਲੋਕਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੇ ਪ੍ਰਬੰਧ ਅਧੀਨ ਆਉਂਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਰਿਹਾਇਸ਼ ਤੇ ਲੰਗਰ ਆਦਿ ਦੇ ਮੁਕੰਮਲ ਪ੍ਰਬੰਧ ਕਰ ਲਏ ਗਏ ਹਨ।

ਇਥੋਂ ਜਾਰੀ ਪ੍ਰੈਸ ਬਿਆਨ ਵਿੱਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦੀ ਅਗਵਾਈ ਵਿੱਚ ਬੀਤੇ ਕੱਲ੍ਹ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਸਰਹੱਦੀ ਪਿੰਡਾਂ ਵਿੱਚ ਹਾਈ ਅਲਰਟ ਹੋਣ ਕਾਰਨ ਬਣੇ ਤਣਾਅ ਵਾਲੇ ਮਾਹੌਲ ਦੇ ਮਾਮਲੇ ਸਬੰਧੀ ਅਹਿਮ ਫੈਸਲਾ ਲੈਂਦਿਆਂ ਉਨ੍ਹਾਂ ਦੀ ਰਿਹਾਇਸ਼ ਅਤੇ ਲੰਗਰ ਦਾ ਪ੍ਰਬੰਧ ਕਰਨ ਲਈ ਮਤਾ ਪਾਸ ਕੀਤਾ ਗਿਆ ਸੀ ਜਿਸ ਤਹਿਤ ਅੱਜ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਸ. ਬੇਦੀ ਨੇ ਕਿਹਾ ਕਿ ਇਸ ਸਬੰਧੀ ਅੱਜ ਸ. ਮਨਜੀਤ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਇਕ ਟੀਮ ਨੇ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਇਸ ਟੀਮ ਵਿੱਚ ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ. ਬਲਵਿੰਦਰ ਸਿੰਘ ਮੀਤ ਸਕੱਤਰ ਸ਼ਾਮਲ ਸਨ ਜਿਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਲਾਲੀ ਰਣੀਕੇ ਤੇ ਸ. ਮੰਗਵਿੰਦਰ ਸਿੰਘ ਖਾਪੜਖੇੜੀ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਇਸ ਟੀਮ ਨਾਲ ਗੁਰਦੁਆਰਾ ਸਤਲਾਣੀ ਸਾਹਿਬ ਵਿਖੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨਾਲ ਇਕ ਵਿਸ਼ੇਸ਼ ਇਕੱਤਰਤਾ ਕੀਤੀ। ਇਸ ਇਕੱਤਰਤਾ ਵਿੱਚ ਵੱਖ-ਵੱਖ ਪਿੰਡਾਂ ਦੇ ਲੋਕਾਂ ਨੂੰ ਦੱਸਿਆ ਗਿਆ ਕਿ ਉਨ੍ਹਾਂ ਦੀ ਰਿਹਾਇਸ਼ ਅਤੇ ਲੰਗਰ ਆਦਿ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬਾਨ ਵਿੱਚ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਰਹੱਦੀ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਅਤੇ ਉਨ੍ਹਾਂ ਨੂੰ ਸਹੂਲਤਾਂ ਮੁਹੱਈਆ ਕਰਵਾਉਣ ਹਿਤ ਤਿੰਨ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ ਜਿਸ ਵਿੱਚ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਸ. ਮਨਜੀਤ ਸਿੰਘ ਅਤੇ ਸ. ਦਿਲਜੀਤ ਸਿੰਘ ਬੇਦੀ ਸਕੱਤਰ ਨੂੰ ਸ਼ਾਮਲ ਕੀਤਾ ਗਿਆ ਹੈ ਜੋ ਇਨ੍ਹਾਂ ਲੋਕਾਂ ਦੀਆਂ ਹਰ ਸਮੱਸਿਆ ਨੂੰ ਹੱਲ ਕਰਨ ਲਈ ਤੱਤਪਰ ਰਹਿਣਗੇ।

ਸ. ਬੇਦੀ ਨੇ ਕਿਹਾ ਕਿ ਮੁੱਢਲੇ ਤੌਰ ਤੇ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਪਿੰਡ ਠੱਠਾ, ਗੁਰਦੁਆਰਾ ਬਾਬਾ

ਬੁੱਢਾ ਜੀ ਰਮਦਾਸ, ਗੁਰਦੁਆਰਾ ਡੇਰਾ ਬਾਬਾ ਨਾਨਕ, ਗੁਰਦੁਆਰਾ ਬਾਠ ਸਾਹਿਬ ਪਠਾਨਕੋਟ ਤੇ ਫਿਰੋਜ਼ਪੁਰ ਤੇ ਪਿੰਡ ਬਜਿਦਪੁਰ ਵਿੱਚ ਗੁਰਦੁਆਰਾ ਜਾਮਨੀ ਸਾਹਿਬ ਅਤੇ ਗੁਰਦੁਆਰਾ ਬਾਬਾ ਬੀਰ ਸਿੰਘ ਰੱਤੋਕੇ ਵਿੱਚ ਲੋਕਾਂ ਦੇ ਠਹਿਰਾਅ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਹੋਰ ਗੁਰਦੁਆਰਾ ਸਾਹਿਬਾਨਾਂ ਵਿੱਚ ਵੀ ਅਜਿਹੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਰਹੱਦੀ ਪਿੰਡਾਂ ਵਾਲੇ ਗੁਰਦੁਆਰਾ ਸਾਹਿਬਾਨਾਂ ਵਿਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸਤਿਕਾਰ ਸਹਿਤ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਅਤੇ ਗੁਰਦੁਆਰਾ ਸ੍ਰੀ ਸਤਲਾਣੀ ਸਾਹਿਬ ਵਿਖੇ ਪੂਰੇ ਸੁਰੱਖਿਆ ਨਾਲ ਪਹੁੰਚਾਏ ਗਏ ਹਨ। *੩੦ ਸਤੰਬਰ*

## ਜਥੇ. ਅਵਤਾਰ ਸਿੰਘ ਨੇ 'ਖਾਲਸਾ ਪੰਥ ਦੀ ਧਰਮ ਯੁੱਧ ਕਲਾ ਗਤਕਾ ਦਾ ਸਿਧਾਂਤ, ਪਰਿਭਾਸ਼ਾ, ਸਿਖਲਾਈ ਤੇ ਨਿਯਮਾਂਵਲੀ' ਪੁਸਤਕ ਰਿਲੀਜ਼ ਕੀਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ 'ਖਾਲਸਾ ਪੰਥ ਦੀ ਧਰਮ ਯੁੱਧ ਕਲਾ ਗਤਕਾ ਦਾ ਸਿਧਾਂਤ, ਪਰਿਭਾਸ਼ਾ, ਸਿਖਲਾਈ ਅਤੇ ਨਿਯਮਾਂਵਲੀ' ਪੁਸਤਕ ਰਿਲੀਜ਼ ਕੀਤੀ।

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਪੁਸਤਕ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿੱਖ ਪੰਥ ਵਿੱਚ ਮੀਰੀ ਅਤੇ ਪੀਰੀ ਦਾ ਸਿਧਾਂਤ ਹੈ। ਜਿਸ ਨਾਲ ਗੁਰੂ ਸਾਹਿਬ ਨੇ ਸਿੱਖ ਪੰਥ ਨੂੰ ਭਗਤੀ ਦੇ ਨਾਲ-ਨਾਲ ਸ਼ਕਤੀ ਵੀ ਧਾਰਨ ਕਰਨ ਦੀ ਸਿੱਖਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸੇ ਹੀ ਸਿਧਾਂਤ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤ ਦਾ ਬਾਟਾ ਤਿਆਰ ਕਰਨ ਸਮੇਂ ਜਿਥੇ ਪਵਿੱਤਰ ਬਾਣੀਆਂ ਪੜ੍ਹੀਆਂ, ਉਥੇ ਸਰਬ ਲੋਹ ਦੇ ਬਾਟੇ ਵਿੱਚ ਸਰਬ ਲੋਹ ਦਾ ਖੰਡਾ ਵੀ ਫੇਰਿਆ। ਉਨ੍ਹਾਂ ਕਿਹਾ ਕਿ ਇਸੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੁਹਿਰਦ ਯਤਨ ਆਰੰਭੇ ਗਏ ਹਨ ਜਿਸ ਤਹਿਤ ਇਕ ਡਾਇਰੈਕਟੋਰੇਟ ਆਫ ਗਤਕਾ ਸਥਾਪਿਤ ਕੀਤਾ ਗਿਆ ਤਾਂ ਕਿ ਮੀਰੀ ਦੇ ਵਿਸ਼ੇ 'ਤੇ ਵੀ ਭਰਪੂਰ ਖੋਜ ਕਰਕੇ ਪ੍ਰਚਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾਂ ਦਾ ਹੀ ਸਿੱਟਾ ਹੈ ਕਿ ਗਤਕੇ ਦੇ ਮਾਹਿਰ ਡਾ. ਮਨਮੋਹਨ ਸਿੰਘ ਭਾਗੋਵਾਲੀਆ ਨੇ 'ਸਿੱਖ ਪੰਥ ਦੀ ਧਰਮ ਯੁੱਧ ਕਲਾ ਗਤਕਾ ਦਾ ਸਿਧਾਂਤ, ਪਰਿਭਾਸ਼ਾ, ਸਿਖਲਾਈ ਅਤੇ ਨਿਯਮਾਂਵਲੀ' ਨਾਮ ਦੀ ਪੁਸਤਕ ਲਿਖ ਕੇ ਸਿੱਖ ਪੰਥ ਦੀ ਝੋਲੀ ਪਾਈ ਹੈ। ਉਨ੍ਹਾਂ ਕਿਹਾ ਕਿ ਇਹ ਪੁਸਤਕ ਸਿੱਖ ਪੰਥ ਦੇ ਮੀਰੀ-ਪੀਰੀ ਸਿਧਾਂਤ ਨੂੰ ਹੋਰ ਸਪੱਸ਼ਟ ਕਰਕੇ ਸੰਗਤਾਂ ਨੂੰ ਗੁਰਮਤਿ ਨਾਲ ਜੋੜਨ ਲਈ ਪ੍ਰੇਰਨਾਦਾਇਕ ਸਿੱਧ ਹੋਵੇਗੀ।

ਇਸ ਮੌਕੇ ਭਾਈ ਮਨਜੀਤ ਸਿੰਘ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ ਬੇਦੀ, ਸ. ਪਰਮਜੀਤ ਸਿੰਘ ਸਰੋਆ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਪ੍ਰਤਾਪ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ ਆਦਿ ਹਾਜ਼ਰ ਸਨ। *੬ ਸਤੰਬਰ*

## ਬਾਬਾ ਜ਼ੋਰਾਵਰ ਸਿੰਘ ਫਤਹਿ ਸਿੰਘ ਕਬੱਡੀ ਅਕੈਡਮੀ ਨੇ ਮਾਝਾ ਕਬੱਡੀ ਕਲੱਬ ਨੂੰ ੫ ਅੰਕਾਂ ਦੇ ਫਰਕ ਨਾਲ ਹਰਾਇਆ

ਅੰਮ੍ਰਿਤਸਰ- ਸਿੱਖੀ ਨੂੰ ਪ੍ਰਫੁੱਲਿਤ ਕਰਨ ਅਤੇ ਖੇਡਾਂ ਨਾਲ ਨੌਜਵਾਨਾਂ ਨੂੰ ਜੋੜਣ ਦੇ ਮਕਸਦ ਹੇਠ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਬਾਬਾ ਨਾਗੀਆਣਾ ਸਾਹਿਬ ਪਿੰਡ ਉਦੋਕੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਕਮੇਟੀ ਦੀ ਬਾਬਾ ਜ਼ੋਰਾਵਰ ਸਿੰਘ ਫਤਹਿ ਸਿੰਘ ਕਬੱਡੀ ਅਕੈਡਮੀ ਫਤਹਿਗੜ੍ਹ ਸਾਹਿਬ ਅਤੇ ਮਾਝਾ ਕਬੱਡੀ ਕਲੱਬ ਵਿਚਕਾਰ ਕਬੱਡੀ ਦਾ ਮੁਕਾਬਲਾ ਕਰਵਾਇਆ ਗਿਆ।

ਇਥੋਂ ਜਾਰੀ ਪ੍ਰੈਸ ਬਿਆਨ ਵਿੱਚ ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਸ. ਮਨਜੀਤ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੋਹਾਂ ਟੀਮਾਂ ਦੇ ਖਿਡਾਰੀ ਸਾਬਤ ਸੂਰਤ ਸਨ ਅਤੇ ਇਸ ਮੁਕਾਬਲੇ ਵਿੱਚ ਸ਼੍ਰੋਮਣੀ ਕਮੇਟੀ ਦੀ ਬਾਬਾ ਜ਼ੋਰਾਵਰ ਸਿੰਘ ਫਤਹਿ ਸਿੰਘ ਕਬੱਡੀ ਅਕੈਡਮੀ ਫਤਹਿਗੜ੍ਹ ਸਾਹਿਬ ਨੇ ਮਾਝਾ ਕਬੱਡੀ ਕਲੱਬ ਨੂੰ ੫ ਅੰਕਾਂ ਦੇ ਫਰਕ ਨਾਲ ਹਰਾ ਕੇ ਜਿੱਤ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਜੇਤੂ ਟੀਮ ਨੂੰ ੩੧ ਹਜ਼ਾਰ ਰੁਪਏ ਅਤੇ ਦੂਜੇ ਨੰਬਰ 'ਤੇ ਰਹੀ ਟੀਮ ਨੂੰ ੨੫ ਹਜ਼ਾਰ ਰੁਪਏ ਦੀ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਸ. ਕੇਵਲ ਸਿੰਘ ਤੇ ਸ. ਰਣਜੀਤ ਸਿੰਘ ਵਧੀਕ ਸਕੱਤਰ, ਸ. ਤੇਜਿੰਦਰ ਸਿੰਘ ਪੱਡਾ ਇੰਚਾਰਜ ਸਪੋਰਟਸ, ਸ. ਜਰਨੈਲ ਸਿੰਘ ਸੁਪਰਵਾਈਜ਼ਰ, ਸ. ਮੇਜਰ ਸਿੰਘ ਕਬੱਡੀ ਕੋਚ ਤੇ ਸ. ਪ੍ਰੇਮ ਸਿੰਘ ਹਾਕੀ ਕੋਚ ਆਦਿ ਹਾਜ਼ਰ ਸਨ।

*੯ ਸਤੰਬਰ*

## ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾਂਜਲੀ ਭੇਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਦੀ ਯਾਦ ਵਿੱਚ ਸਥਾਪਤ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭਾਈ ਹਰਪਾਲ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਇਲਾਹੀ ਬਾਣੀ ਦਾ ਮਨੋਹਰ ਕੀਰਤਨ ਕੀਤਾ। ਅਰਦਾਸ ਭਾਈ ਰਣਜੀਤ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਨੇ ਕੀਤੀ ਤੇ ਹੁਕਮਨਾਮਾ ਭਾਈ ਸਤਪਾਲ ਸਿੰਘ ਕਥਾਵਾਚਕ ਗੁਰਦੁਆਰਾ ਸ਼ਹੀਦਗੰਜ ਸਾਹਿਬ ਨੇ ਲਿਆ।

ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸਾਰਾਗੜ੍ਹੀ ਜੰਗ ਸਿੱਖਾਂ ਦੇ ਬੇਮਿਸਾਲ ਹੌਂਸਲੇ ਤੇ ਬਹਾਦਰੀ ਦੀ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਵਿਸ਼ਵ ਦੀਆਂ ਕੁਲ ਅੱਠ ਸਿਰਮੌਰ ਲੜਾਈਆਂ ਵਿੱਚੋਂ ਇਕ ਸਾਰਾਗੜ੍ਹੀ ਦੀ ਲੜਾਈ ਹੈ ਜੋ ੧੨ ਸਤੰਬਰ ੧੮੯੭ ਨੂੰ ਜ਼ਿਲ੍ਹਾ ਕੋਹਾਟ (ਪਾਕਿਸਤਾਨ) ਦੀਆਂ ਉੱਚੀਆਂ ਪਹਾੜੀਆਂ ਤੇ ਸਾਰਾਗੜ੍ਹੀ ਪੋਸਟ 'ਤੇ ਹੋਈ ਸੀ। ਉਨ੍ਹਾਂ ਕਿਹਾ ਕਿ ਇਸ ਲੜਾਈ ਵਿੱਚ ਦਸ ਹਜ਼ਾਰ ਤੋਂ ਜ਼ਿਆਦਾ ਕਬਾਇਲੀਆਂ ਨਾਲ ੩੬ ਸਿੱਖ ਰੈਂਜੀਮੈਂਟ ਦੇ ੨੧ ਸਿੱਖ ਯੋਧੇ ਬਹਾਦਰੀ ਨਾਲ ਲੜੇ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੂਰਮਿਆਂ ਨੇ ਘੱਟ ਗਿਣਤੀ ਵਿੱਚ ਹੁੰਦਿਆਂ ਹੋਇਆ ਵੀ ਆਪਣੇ ਤੋਂ ਕਈ ਗੁਣਾਂ ਵੱਧ ਗਿਣਤੀ ਵਾਲੇ ਦੁਸ਼ਮਣਾਂ ਦਾ ਦ੍ਰਿੜਤਾ ਅਤੇ ਬਹਾਦਰੀ ਨਾਲ ਮੁਕਾਬਲਾ ਕੀਤਾ ਤੇ ਤਕਰੀਬਨ ੬੦੦ ਕਬਾਇਲੀਆਂ ਨੂੰ ਮਾਰ ਕੇ ਆਪ ਸ਼ਹਾਦਤ ਦਾ ਜਾਮ ਪੀਤਾ। ਸ. ਬੇਦੀ ਨੇ ਕਿਹਾ ਕਿ ਸਾਰਾਗੜ੍ਹੀ ਦੀ ਜੰਗ ਸਿੱਖਾਂ ਦੀ ਅਦੁੱਤੀ ਬਹਾਦਰੀ ਦੀ ਗਵਾਹੀ ਭਰਦੀ ਹੈ ਇਹੋ ਕਾਰਨ ਹੈ ਕਿ ਇਸ ਦਾ ਲਾਸਾਨੀ ਇਤਿਹਾਸ ਫਰਾਂਸ, ਇੰਗਲੈਂਡ, ਜਾਪਾਨ ਤੇ ਭਾਰਤ ਵਰਗੇ ਦੇਸ਼ਾਂ ਦੇ ਸਕੂਲਾਂ ਵਿੱਚ ਪੜਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੂਰਬੀਰਾਂ ਦੀ ਬਹਾਦਰੀ ਤੋਂ ਖੁਸ਼ ਹੋ ਕੇ ਇੰਗਲੈਂਡ ਦੀ ਸਰਕਾਰ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ 'ਇੰਡੀਅਨ ਆਰਡਰ ਆਫ ਮੈਰਿਟ ੧੦ ਐਮ' ਜੋ ਕਿ ਪਰਮਵੀਰ ਚੱਕਰ ਦੇ ਬਰਾਬਰ ਹੈ ਨਾਲ ਸਨਮਾਨਿਤ ਕੀਤਾ ਹੈ। ਅੱਜ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸ਼੍ਰੋਮਣੀ ਕਮੇਟੀ ਵੱਲੋਂ ਸਾਰਾਗੜ੍ਹੀ ਦੇ ਸ਼ਹੀਦਾਂ ਦੇ ਆਏ ਵੱਖ-ਵੱਖ ਪਰਿਵਾਰਾਂ ਨੂੰ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਵਿਖੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਸ. ਸੁਲੱਖਣ ਸਿੰਘ ਤੇ ਸ. ਰਘੁਬੀਰ ਸਿੰਘ ਮੰਡ ਮੈਨੇਜਰ, ਸ. ਹਰਜਿੰਦਰ ਸਿੰਘ, ਸ. ਨਰਿੰਦਰ ਸਿੰਘ ਤੇ ਸ. ਪਰਮਜੀਤ ਸਿੰਘ ਐਡੀਸ਼ਨਲ ਮੈਨੇਜਰ, ਸ. ਕਰਨਜੀਤ ਸਿੰਘ ਇੰਚਾਰਜ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

*੧੨ ਸਤੰਬਰ*

## ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਪ੍ਰਬੰਧਕਾਂ ਦੀ ਅਣਗਹਿਲੀ ਦਾ ਨਤੀਜਾ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮਾਹਿਲਪੁਰ ਦੇ ਪਿੰਡ ਬੁਗਰਾ

ਵਿੱਚ ਗੁਰਦੁਆਰਾ ਪ੍ਰਤੱਖਸਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ, ਦਸਮ ਗ੍ਰੰਥ ਅਤੇ ਧਾਰਮਿਕ ਪੋਥੀਆਂ ਸ਼ਾਰਟ ਸਰਕਟ ਕਾਰਣ ਅਗਨ ਭੇਟ ਹੋ ਜਾਣ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਇਥੋਂ ਜਾਰੀ ਪ੍ਰੈਸ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਸ਼ਾਰਟ ਸਰਕਟ ਕਾਰਣ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਹੋਣ ਵਾਲੀਆਂ ਘਟਨਾਵਾਂ ਪ੍ਰਬੰਧਕਾਂ ਦੀ ਅਣਗਹਿਲੀ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਸੰਗਤਾਂ ਗੁਰੂ ਘਰ ਦੀ ਹਿਫ਼ਾਜਤ ਤੇ ਉਸ ਵਿੱਚ ਬਿਰਾਜਮਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਤੇ ਗੁਰਬਾਣੀ ਦਾ ਆਦਰ-ਸਤਿਕਾਰ ਕਰਨ ਵਿੱਚ ਵੱਡੀ ਅਣਗਹਿਲੀ ਵਰਤ ਜਾਂਦੀਆਂ ਹਨ ਜਿਸ ਕਾਰਨ ਅਜਿਹੀਆਂ ਘਟਨਾਵਾਂ ਵਾਪਰਦੀਆਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਪ੍ਰਿੰਟ ਅਤੇ ਇਲੈਕਟ੍ਰਾਨਿਕ ਮਾਧਿਅਮ ਰਾਹੀਂ ਪਿੰਡਾਂ, ਸ਼ਹਿਰਾਂ ਦੀਆਂ ਗੁਰਦੁਆਰਾ ਕਮੇਟੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਅਵੇਸਲਾਪਨ ਛੱਡਣ ਲਈ ਕਿਹਾ ਜਾਂਦਾ ਹੈ, ਪ੍ਰੰਤੂ ਕਮੇਟੀਆਂ ਵੱਲੋਂ ਧਿਆਨ ਨਾ ਦਿੱਤੇ ਜਾਣਾ ਬੇਹੱਦ ਦੁੱਖਦਾਈ ਹੈ।

ਉਨ੍ਹਾਂ ਇਕ ਵਾਰ ਫਿਰ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਨੂੰ ਅਗਾਊਂ ਸੁਚੇਤ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੁਖਆਸਣ ਅਸਥਾਨ ਤੇ ਵਾਇਰਿੰਗ ਵਾਸਤੇ ਵਧੀਆ ਕਿਸਮ ਦੀ ਤਾਰ, ਸਵਿੱਚ ਅਤੇ ਉਪਕਰਨ ਵਰਤੇ ਜਾਣ। ਉਨ੍ਹਾਂ ਕਿਹਾ ਕਿ ਇਨ੍ਹਾਂ ਹਿਰਦੇ-ਵੇਦਕ ਘਟਨਾਵਾਂ ਨੂੰ ਰੋਕਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਬਿਜਲੀ ਨਾਲ ਚੱਲਣ ਵਾਲੇ ਉਪਕਰਨ ਤੋਂ ਥੋੜ੍ਹੀ ਦੂਰ ਰੱਖੇ ਜਾਣ ਤੇ ਸੁੱਖਆਸਣ ਕਰਨ ਤੋਂ ਬਾਅਦ ਬੰਦ ਕਰ ਦਿੱਤੇ ਜਾਣ ਤਾਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਬਹਾਲ ਰੱਖਿਆ ਜਾ ਸਕੇ। *੧ ਸਤੰਬਰ*

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਸਹਿਣਯੋਗ ਨਹੀਂ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਲਕਾ ਸ੍ਰੀ ਹਰਗੋਬਿੰਦਪੁਰ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਕੀੜੀ ਅਫਗਾਨਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗਾਂ ਦੀ ਬੇਅਦਬੀ ਅਤੇ ਤਰਨਤਾਰਨ ਦੇ ਪਿੰਡ ਡਿਬੀਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਗੁਟਕਾ ਸਾਹਿਬ ਦੇ ੧੯ ਅੰਗ ਪਾੜੇ ਜਾਣ ਦੀਆਂ ਘਟਨਾਵਾਂ ਨੂੰ ਨਿੰਦਣਯੋਗ ਕਰਾਰ ਦਿੰਦਿਆਂ ਪ੍ਰਸ਼ਾਸਨ ਤੋਂ ਦੋਸ਼ੀਆਂ ਦੀ ਜਲਦ ਤੋਂ ਜਲਦ ਗ੍ਰਿਫਤਾਰੀ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸਮੁੱਚਾ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਵਿੱਚ ਢਿੱਲ ਨਾ ਵਰਤੇ। ਉਨ੍ਹਾਂ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਦਿਨੋਂ-ਦਿਨ ਵੱਧ ਰਹੀਆਂ ਘਟਨਾਵਾਂ ਦੁਖਦਾਈ ਤੇ ਸਹਿਣ ਤੋਂ ਬਾਹਰ ਹਨ। ਇਹ ਗੰਭੀਰ ਤੇ ਚਿੰਤਾਜਨਕ ਮਾਮਲਾ ਹੈ ਜਿਸ 'ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਇਥੋਂ ਜਾਰੀ ਪ੍ਰੈਸ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਸਾਂਝੀਵਾਲਤਾ ਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ, ਪਰ ਕੁਝ ਸਿਰ ਫਿਰੇ ਵਿਅਕਤੀ ਬਾਰ-ਬਾਰ ਗੁਰੂ ਸਾਹਿਬ ਦਾ ਅਪਮਾਨ ਕਰਕੇ ਦੇਸ਼ ਦੀ ਸ਼ਾਂਤੀ ਨੂੰ ਲਾਂਬੂ ਲਾਉਣਾ ਚਾਹੁੰਦੇ ਹਨ, ਜੋ ਕਦਾਚਿਤ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੰਦਭਾਗੀ ਘਟਨਾ ਨਾਲ ਦੇਸ਼-ਵਿਦੇਸ਼ ਵਿਚ ਬੈਠੇ ਸਮੂਹ ਸਿੱਖ ਸਮੁਦਾਏ ਦੇ ਲੋਕਾਂ ਵਿੱਚ ਰੋਸ ਤੇ ਰੋਹ ਪਾਇਆ ਜਾ ਰਿਹਾ ਹੈ। ਉਨ੍ਹਾਂ ਪ੍ਰਸਾਸ਼ਨ ਨੂੰ ਅਪੀਲ ਕੀਤੀ ਕਿ ਉਹ ਇਸ ਘਟਨਾ ਦੀ ਬਾਰੀਕੀ ਨਾਲ ਜਾਂਚ ਕਰਦਿਆਂ ਦੋਸ਼ੀਆਂ ਖਿਲਾਫ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਕਰਨ। ਉਨ੍ਹਾਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਆਪਣੀ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਵੀ ਕੀਤੀ।

ਜਥੇਦਾਰ ਅਵਤਾਰ ਸਿੰਘ ਨੇ ਤਰਨ ਤਾਰਨ ਦੇ ਪਿੰਡ ਖਾਰਾ ਇੱਟਾ ਵਾਲਾ ਦੇ ਗੁਰਦੁਆਰਾ ਸਾਹਿਬ ਵਿਖੇ ਅਣਪਛਾਤੇ ਚੋਰਾਂ ਵੱਲੋਂ ਚੋਰੀ ਦੌਰਾਨ ਸੇਵਾਦਾਰ ਨੂੰ ਜਿਊਂਦਾ ਸਾੜਣ ਦੀ ਘਟਨਾ ਨੂੰ ਮੰਦਭਾਗੀ ਦੱਸਿਆ ਹੈ। ਉਨ੍ਹਾਂ

ਕਿਹਾ ਕਿ ਪੰਜਾਬ ਦੇ ਹਾਲਾਤ ਬਦ ਤੋਂ ਬਦਤਰ ਹੋ ਗਏ ਹਨ ਤੇ ਅਜਿਹੀਆਂ ਕਾਰਵਾਈਆਂ ਨੂੰ ਅੰਜ਼ਾਮ ਦੇਣ ਵਾਲੇ ਅਨਸਰਾਂ ਨੂੰ ਕਾਨੂੰਨ ਦੀ ਕੋਈ ਪ੍ਰਵਾਹ ਨਹੀਂ ਰਹੀ ਜੋ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਸਰਹਾਲੀ ਤੇ ਤਰਨਤਾਰਨ ਪੁਲਿਸ ਨੂੰ ਇਸ ਘਿਨਾਉਣੀ ਘਟਨਾ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖਤ ਤੋਂ ਸਖਤ ਸਜ਼ਾ ਦੇਣ ਦੀ ਮੰਗ ਕੀਤੀ ਹੈ।

*੩ ਸਤੰਬਰ*

## ਜਥੇਦਾਰ ਅਵਤਾਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਅਗਨ ਭੇਟ ਹੋਣ ਤੇ ਦੁੱਖ ਦਾ ਇਜ਼ਹਾਰ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਿੰਡ ਮਰੀਦਕੇ, ਫਤਹਿਗੜ੍ਹ ਚੂੜੀਆਂ (ਗੁਰਦਾਸਪੁਰ) ਦੇ ਗੁਰਦੁਆਰਾ ਸਾਹਿਬ ਵਿਚ ਸ਼ਾਰਟ ਸਰਕਟ ਨਾਲ ਅੱਗ ਲੱਗਣ ਕਾਰਣ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਉਕਤ ਗੁਰਦੁਆਰਾ ਸਾਹਿਬ ਵਿਖੇ ਸ਼ਾਰਟ ਸਰਕਟ ਕਾਰਣ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਬੁਰੀ ਤਰ੍ਹਾਂ ਝੁਲਣ ਗਏ, ਜੋ ਅਤਿਅੰਤ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਇਹ ਸਭ ਕੁਝ ਘਟੀਆ ਕਿਸਮ ਦੀ ਵਾਇਰਿੰਗ ਕਾਰਣ ਤੇ ਪ੍ਰਬੰਧਕਾਂ ਦੀ ਅਣਗਹਿਲੀ ਕਾਰਣ ਹੋਇਆ ਹੈ।

ਉਨ੍ਹਾਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ-ਆਪਣੇ ਗੁਰਦੁਆਰਾ ਸਾਹਿਬਾਨ ਵਿੱਚ ਚੰਗੀ ਕੁਆਲਿਟੀ ਦੀ ਵਾਇਰਿੰਗ ਦੇ ਨਾਲ-ਨਾਲ ਬਿਜਲੀ ਦੇ ਹਾਈ ਕੁਆਲਿਟੀ ਦੇ ਉਪਕਰਨਾਂ ਦੀ ਵਰਤੋਂ ਕਰਨ ਤਾਂ ਜੋ ਅੱਗੇ ਤੋਂ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨਾ ਵਾਪਰਨ। ਉਨ੍ਹਾਂ ਕਿਹਾ ਕਿ ਰਾਤ ਸਮੇਂ ਜਦ ਸੁਖ ਆਸਣ ਸਾਹਿਬ ਕਰ ਦਿੱਤਾ ਜਾਵੇ ਤਾਂ ਗ੍ਰੰਥੀ ਸਿੰਘ ਗੁਰਦੁਆਰਾ ਸਾਹਿਬ ਦੇ ਬਿਜਲੀ ਦੇ ਸਾਰੇ ਉਪਕਰਨ ਬੰਦ ਕਰਕੇ ਜਾਣ ਤੇ ਹਰ ਗੁਰਦੁਆਰਾ ਸਾਹਿਬ ਵਿਖੇ ਰਾਤ ਸਮੇਂ ਸੇਵਾਦਾਰ ਡਿਊਟੀ ਤੇ ਤਾਇਨਾਤ ਕੀਤਾ ਜਾਵੇ ਤਾਂ ਜੋ ਕੋਈ ਅਣ-ਸੁਖਾਵੀਂ ਘਟਨਾ ਨਾ ਵਾਪਰੇ। *੧੮ ਸਤੰਬਰ*

## ਧਾਰਮਿਕ ਪ੍ਰੀਖਿਆ ਲਈ ਪ੍ਰਚਾਰਕ ਵੱਧ ਤੋਂ ਵੱਧ ਬੱਚਿਆਂ ਦੇ ਦਾਖਲਾ ਫਾਰਮ ਭਰਵਾਂ ਕੇ ਜਮ੍ਹਾਂ ਕਰਵਾਉਣ- ਜੌੜਾਸਿੰਘਾ

### ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਪ੍ਰਚਾਰਕਾਂ ਤੇ ਧਾਰਮਿਕ ਅਧਿਆਪਕਾਂ ਨਾਲ ਹੋਈ ਇਕੱਤਰਤਾ

ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਸਾਲਾਨਾ ਧਾਰਮਿਕ ਪ੍ਰੀਖਿਆ ਦੀ ਤਿਆਰੀ ਲਈ ਪ੍ਰਚਾਰਕਾਂ ਨੂੰ ਵੱਖ-ਵੱਖ ਸਕੂਲਾਂ/ਕਾਲਜਾਂ ਤੀਕ ਪਹੁੰਚ ਕਰਕੇ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਇਸ ਪ੍ਰੀਖਿਆ ਵਿੱਚ ਸ਼ਮੂਲੀਅਤ ਕਰਨ ਹਿਤ ਪ੍ਰੇਰਨ ਲਈ ਕਿਹਾ ਗਿਆ ਹੈ। ਅੱਜ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਸਮੂਹ ਪ੍ਰਚਾਰਕਾਂ ਦੀ ਵਿਸ਼ੇਸ਼ ਇਕੱਤਰਤਾ ਹੋਈ ਜਿਸ ਵਿੱਚ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਨੇ ਕਿਹਾ ਕਿ ਧਾਰਮਿਕ ਪ੍ਰੀਖਿਆ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਵੱਡੇ ਪੱਧਰ 'ਤੇ ਲਈ ਜਾਂਦੀ ਹੈ। ਇਸ ਸਾਲ ੧੦ ਤੇ ੧੧ ਨਵੰਬਰ ਨੂੰ ਹੋਣ ਵਾਲੀ ਧਾਰਮਿਕ ਪ੍ਰੀਖਿਆ ਲਈ ਪ੍ਰਚਾਰਕਾਂ ਨੂੰ ਵੱਧ ਤੋਂ ਵੱਧ ਦਾਖਲਾ ਫਾਰਮ ਜਮਾਂ ਕਰਵਾਉਣ ਵਾਸਤੇ ਕਿਹਾ ਗਿਆ ਹੈ।

ਇਕੱਤਰਤਾ ਸਮੇਂ ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਧਾਰਮਿਕ ਪ੍ਰੀਖਿਆ ਤੇ ਪੱਤਰ ਵਿਹਾਰ ਕੋਰਸ ਕਰਵਾਏ ਜਾਂਦੇ ਹਨ ਜਿਸ ਵਿੱਚ ਪ੍ਰਚਾਰਕਾਂ ਵੱਲੋਂ ਵੱਡਮੁੱਲਾ ਯੋਗਦਾਨ ਪਾਇਆ ਜਾਂਦਾ ਹੈ, ਪਰ ਹੁਣ ਇਨ੍ਹਾਂ ਪ੍ਰੀਖਿਆਵਾਂ ਵਿੱਚ ਬੱਚਿਆਂ

ਦੀ ਗਿਣਤੀ ਨੂੰ ਵਧਾਉਣ ਦੀ ਜ਼ਰੂਰਤ ਹੈ। ਉਨ੍ਹਾਂ ਪ੍ਰਚਾਰਕਾਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਧਾਰਮਿਕ ਪ੍ਰੀਖਿਆ ਦੇ ਫਾਰਮ ਭਰਵਾਉਣ ਸਮੇਂ ਬੱਚਿਆਂ ਦੀ ਧਾਰਮਿਕ ਰੁਚੀ ਵੱਲ ਖਾਸ ਧਿਆਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਦਾਖਲਾ ਫਾਰਮ ਸਾਫ-ਸੁਥਰੇ ਜਮ੍ਹਾਂ ਕਰਵਾਏ ਜਾਣ ਤਾਂ ਕਿ ਫਾਰਮਾਂ ਦੀ ਚੈਕਿੰਗ ਸਮੇਂ ਕੋਈ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਕਿਹਾ ਕਿ ਸਕੂਲਾਂ ਦੇ ਸੰਪਰਕ ਨੰਬਰ ਵੀ ਜ਼ਰੂਰ ਲਿਆਂਦੇ ਜਾਣ ਅਤੇ ਇਹ ਨਿਸ਼ਚਿਤ ਕੀਤਾ ਜਾਵੇ ਕਿ ਪਹਿਲੇ ਤੇ ਦੂਜੇ ਦਰਜੇ ਦੇ ਫਾਰਮ ਵੱਖੋ-ਵੱਖਰੇ ਹੋਣ। ਉਨ੍ਹਾਂ ਕਿਹਾ ਕਿ ਪ੍ਰਚਾਰਕ ਸਮੇਂ ਸਿਰ ਵਜ਼ੀਫੇ ਵੀ ਸਕੂਲਾਂ/ਕਾਲਜਾਂ ਵਿੱਚ ਪਹੁੰਚਾਉਣ ਅਤੇ ਉਸ ਦੀ ਵਸੂਲੀ ਦਫ਼ਤਰ ਵਿਖੇ ਦੇਣ। ਉਨ੍ਹਾਂ ਕਿਹਾ ਕਿ ਪ੍ਰਚਾਰਕ ੫ ਅਕਤੂਬਰ ਤੀਕ ਬੱਚਿਆਂ ਕੋਲੋਂ ਧਾਰਮਿਕ ਪ੍ਰੀਖਿਆ ਦੇ ਫਾਰਮ ਭਰਵਾਂ ਕੇ ਜਮ੍ਹਾਂ ਕਰਵਾਉਣ। ਇਸ ਸਮੇਂ ਸਮੂਹ ਪ੍ਰਚਾਰਕਾਂ ਤੇ ਧਾਰਮਿਕ ਅਧਿਆਪਕਾਂ ਨੇ ਦਿੱਤੀਆਂ ਗਈਆਂ ਹਦਾਇਤਾਂ 'ਤੇ ਅਮਲ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਸ. ਜਗਜੀਤ ਸਿੰਘ, ਸ. ਚਾਨਣ ਸਿੰਘ ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਗੁਰਿੰਦਰ ਸਿੰਘ ਠਰੂ ਇੰਚਾਰਜ ਅਤੇ ਵੱਡੀ ਗਿਣਤੀ ਵਿੱਚ ਪ੍ਰਚਾਰਕ ਤੇ ਅਧਿਆਪਕ ਹਾਜ਼ਰ ਸਨ। *੧੯ ਸਤੰਬਰ*

## ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਭਾਈ ਘਨ੍ਹਈਆ ਜੀ ਦਿਵਸ ਮਨਾਇਆ ਗਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਵਿਖੇ ਭਾਈ ਘਨ੍ਹਈਆ ਜੀ ਦਿਵਸ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੇ ਭਾਸ਼ਣ, ਪੋਸਟਰ ਮੇਕਿੰਗ ਅਤੇ ਕੁਇਜ਼ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ।

ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਸ੍ਰੀਮਤੀ ਜਤਿੰਦਰ ਕੌਰ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁੱਚਜੀ ਅਗਵਾਈ ਹੇਠ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਸੇਵਾ ਦੇ ਪੁੰਜ ਅਤੇ ਨਾਮ ਬਾਣੀ ਦੇ ਰਸੀਏ ਭਾਈ ਘਨੱਈਆ ਜੀ ਦਾ ਦਿਵਸ ਮਨਾਇਆ ਗਿਆ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਾਈ ਘਨੱਈਆ ਜੀ ਦੇ ਜੀਵਨ ਤੋਂ ਚੰਗੀ ਸੇਧ ਲੈ ਕੇ ਪਰਉਪਕਾਰੀ ਅਤੇ ਗੁਰ ਮਰਯਾਦਾ ਅਨੁਸਾਰ ਜ਼ਿੰਦਗੀ ਬਤੀਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ. ਅਮਰ ਸਿੰਘ ਸੁਪ੍ਰਿੰਟੈਂਡੈਂਟ, ਡਾ. ਰੁਪਿੰਦਰ ਸਿੰਘ, ਡਾ. ਗੁਰਜੰਟ ਸਿੰਘ, ਪ੍ਰੋ. ਸੰਦੀਪ ਸਿੰਘ, ਪ੍ਰੋ.ਹਰਦੇਵ ਕੌਰ, ਪ੍ਰੋ. ਰਵਿੰਦਰ ਕੌਰ, ਪ੍ਰੋ. ਰਜਨੀ ਸੈਨੀ, ਪ੍ਰੋ. ਵਰਿੰਦਰ ਕੌਰ, ਪ੍ਰੋ. ਐਨੀ ਚੁੱਘ, ਪ੍ਰੋ. ਸਿਮਰਨਜੀਤ ਕੌਰ ਤੇ ਪ੍ਰੋ. ਅਮਨਦੀਪ ਕੌਰ ਆਦਿ ਹਾਜ਼ਰ ਸਨ। *੨੦ ਸਤੰਬਰ*

## ਸਿੱਖੀ ਭਾਵਨਾਵਾਂ ਨੂੰ ਭੜਕਾਉਣ ਵਾਲੇ ਸੀਰੀਅਲ 'ਤਾਰਿਕ ਮਹਿਤਾ ਕਾ ਉਲਟਾ ਚਸ਼ਮਾ' ਨੂੰ ਤੁਰੰਤ ਬੰਦ ਕੀਤਾ ਜਾਵੇ- ਜਥੇਦਾਰ ਅਵਤਾਰ ਸਿੰਘ

### ਸਬ-ਟੀ.ਵੀ. ਦੇ ਮੈਨੇਜਿੰਗ ਡਾਇਰੈਕਟਰ ਨੂੰ ਪੱਤਰਕਾ ਲਿਖੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਬ ਟੀ ਵੀ ਤੇ ਚੱਲ ਰਹੇ ਕਮੇਡੀ ਸੀਰੀਅਲ 'ਤਾਰਿਕ ਮਹਿਤਾ ਕਾ ਉਲਟਾ ਚਸ਼ਮਾ' ਵਿੱਚ ਗਣੇਸ਼ ਜੀ ਦੀ ਮੂਰਤੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁਸ਼ੋਭਿਤ ਕਰਨ ਤੇ ਸਖ਼ਤ ਸ਼ਬਦਾਂ ਵਿੱਚ ਵਿਰੋਧ ਕੀਤਾ ਹੈ। ਉਨ੍ਹਾਂ ਕਿਹਾ ਕਿ ੧੪ ਸਤੰਬਰ ਨੂੰ ਦਿਖਾਏ ਗਏ ਉਕਤ ਸੀਰੀਅਲ ਦੇ ਐਪੀਸੋਡ ਵਿੱਚ ਫਿਲਮਾਏ ਗਏ ਸੀਨ ਵਿੱਚ ਇਕ ਕਲੋਨੀ ਵਿੱਚ ਰਹਿੰਦੇ ਪਰਿਵਾਰਾਂ ਵੱਲੋਂ ਗਣੇਸ਼ ਜੀ ਦਾ ਦਿਹਾੜਾ ਮਨਾਇਆ ਗਿਆ। ਇਨ੍ਹਾਂ ਪਰਿਵਾਰਾਂ ਵਿਚੋਂ ਸਿੱਖ ਪਰਿਵਾਰ ਦਾ ਇਕ

ਪਾਤਰ ਗਣੇਸ਼ ਜੀ ਦੀ ਮੂਰਤੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁਸ਼ੋਭਿਤ ਕਰਨ ਦੀ ਇੱਛਾ ਜਾਹਿਰ ਕਰਦਾ ਹੈ ਤੇ ਫਿਰ ਇਹ ਮੂਰਤੀ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਿਖਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿੱਚ ਮੂਰਤੀ ਪੂਜਾ ਦਾ ਸਖ਼ਤ ਵਿਰੋਧ ਕੀਤਾ ਜਾਂਦਾ ਹੈ। ਸਬ ਟੀ. ਵੀ. ਵੱਲੋਂ ਇਹ ਸੀਨ ਦਿਖਾਏ ਜਾਣ ਤੇ ਦੇਸ਼-ਵਿਦੇਸ਼ ਵਿੱਚ ਵਸਦੇ ਸਿੱਖਾਂ ਵਿੱਚ ਰੋਸ ਤੇ ਰੋਹ ਪਾਇਆ ਜਾ ਰਿਹਾ ਹੈ। ਉਨ੍ਹਾਂ ਸਬ ਟੀ. ਵੀ. ਮੈਨੇਜਿੰਗ ਡਾਇਰੈਕਟਰ ਨੂੰ ਆਪਣੇ ਵੱਲੋਂ ਲਿਖੇ ਗਏ ਪੱਤਰ ਵਿੱਚ ਇਸ ਸੀਰੀਅਲ ਨੂੰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਏ ਜਾਣ ਤੇ ਤੁਰੰਤ ਬੰਦ ਕਰਨ ਲਈ ਕਿਹਾ ਹੈ। ਉਨ੍ਹਾਂ ਕਿਹਾ ਹੈ ਕਿ ਅਗਰ ਇਸ ਸੀਰੀਅਲ ਨੂੰ ਬੰਦ ਨਾ ਕੀਤਾ ਗਿਆ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਧਾਰਮਿਕ ਭਾਵਨਾਵਾਂ ਭੜਕਾਉਣ ਤਹਿਤ ਸਬ ਟੀ. ਵੀ. ਅਤੇ 'ਤਾਰਿਕ ਮਹਿਤ ਕਾ ਉਲਟਾ ਚਸ਼ਮਾ' ਦੇ ਸੀਰੀਅਲ ਦੇ ਨਿਰਮਾਤਾ ਅਤੇ ਨਿਰਦੇਸਕ ਤੇ ਕਾਨੂੰਨੀ ਕਾਰਵਾਈ ਕਰੇਗੀ। *੨੧ ਸਤੰਬਰ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਿਜਲੀ ਯੂਨਿਟ ਮੁਆਫ਼ ਕਰਨ ਲਈ ਜਥੇ. ਅਵਤਾਰ ਸਿੰਘ ਨੇ ਮੁੱਖ ਮੰਤਰੀ ਪੰਜਾਬ ਨੂੰ ਪੱਤਰ ਲਿਖਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਿਜਲੀ ਯੂਨਿਟ ਮੁਆਫ਼ ਕਰਨ ਲਈ ਪੱਤਰ ਲਿਖਿਆ ਹੈ। ਦਫ਼ਤਰ ਤੋਂ ਜਾਰੀ ਪ੍ਰੈੱਸ ਨੋਟ ਵਿੱਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਵੱਲੋਂ ਹਵਾਲਾ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਮੁੱਖ ਮੰਤਰੀ ਪੰਜਾਬ ਨੂੰ ਪੱਤਰਕਾ ਨੰਬਰ ੭੫੯੮, ੧੦ ਨਵੰਬਰ, ੨੦੧੫ ਤੇ ਪੱਤਰਕਾ ਨੰਬਰ ੧੧੫੨੫, ੨੨ ਮਾਰਚ ੨੦੧੬ ਨੂੰ ਦੋ ਪੱਤਰ ਲਿਖੇ ਹਨ ਜਿਸ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਦੀ ਆਮਦ ਨੂੰ ਵੇਖਦੇ ਹੋਏ ੫੦% ਬਿਜਲੀ ਯੂਨਿਟ ਮੁਆਫ਼ ਕਰਨ ਲਈ ਕਿਹਾ ਗਿਆ ਸੀ ਤੇ ਹੁਣ ਦੁਬਾਰਾ ਪੱਤਰਕਾ ਨੰਬਰ ੬੯੩੬/੮, ੨੨ ਸਤੰਬਰ, ੨੦੧੬ ਨੂੰ ਲਿਖੇ ਕੇ ਬੇਨਤੀ ਕੀਤੀ ਗਈ ਹੈ। ਸ. ਬੇਦੀ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਦੇਸ਼ਾਂ-ਵਿਦੇਸ਼ਾਂ ਤੋਂ ਕਾਫੀ ਤਾਦਾਦ ਵਿੱਚ ਸੰਗਤਾਂ ਦਰਸ਼ਨ-ਇਸ਼ਨਾਨ ਕਰਨ ਵਾਸਤੇ ਪੁੱਜਦੀਆਂ ਹਨ। ਉਨ੍ਹਾਂ ਕਿਹਾ ਕਿ ਦਰਸ਼ਨ-ਕਰਨ ਆਈਆਂ ਸੰਗਤਾਂ ਦਾ ਬਿਨਾਂ ਕਿਸੇ ਭੇਦ ਭਾਵ ਦੇ ਨਿਵਾਸਾਂ ਵਿਖੇ ਰਿਹਾਇਸ਼ ਦਾ ਪ੍ਰਬੰਧ ਕੀਤਾ ਜਾਂਦਾ ਹੈ ਤੇ ੨੪ ਘੰਟੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਰੋਜ਼ਾਨਾ ਤਕਰੀਬਨ ਸਵਾ ਲੱਖ ਤੋਂ ਵੀ ਵੱਧ ਸੰਗਤਾਂ ਲਈ ਲੰਗਰ ਤਿਆਰ ਕਰਕੇ ਛਕਾਇਆ ਜਾਂਦਾ ਹੈ ਤੇ ਦਿਨ-ਦਿਹਾੜਿਆਂ ਤੇ ਸੰਗਤਾਂ ਦੀ ਗਿਣਤੀ ਲੱਖਾਂ ਦੀ ਤਾਦਾਦ ਤੋਂ ਵੀ ਵੱਧ ਜਾਂਦੀ ਹੈ, ਜਿਨ੍ਹਾਂ ਦੀ ਸਹੂਲਤ ਲਈ ਸਰਾਵਾਂ ਤੋਂ ਇਲਾਵਾ ਰਿਹਾਇਸ਼ ਅਤੇ ਲੰਗਰ ਲਈ ਸਪੈਸ਼ਲ ਪ੍ਰਬੰਧ ਕੀਤੇ ਜਾਂਦੇ ਹਨ। ਸ. ਬੇਦੀ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਆਪਣੇ ਪੱਤਰ ਵਿੱਚ ਇਹ ਵੀ ਕਿਹਾ ਕਿ ਸਾਂਝੀ ਵਾਲਤਾ ਦੇ ਪ੍ਰਤੀਕ ਤੇ ਸਿਫ਼ਤੀ ਦੇ ਘਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੰਗਰ ਅਤੇ ਰਿਹਾਇਸ਼ਾਂ ਲਈ ਹਰ ਮਹੀਨੇ ਬਿਜਲੀ ਦੀ ਖਪਤ ਸੱਤ ਲੱਖ ਯੂਨਿਟ ਹੁੰਦੀ ਹੈ। ਗਰਮੀਆਂ ਵਿੱਚ ਇਹ ਖਪਤ ਹੋਰ ਵੀ ਵੱਧ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਸਮੁੱਚਾ ਕਾਰਜ ਮਨੁੱਖਤਾ ਦੀ ਭਲਾਈ ਹਿੱਤ ਹੀ ਹੁੰਦਾ ਹੈ। ਇਸ ਲਈ ਏਨੀ ਮਹਿੰਗੀ ਬਿਜਲੀ ਤੇ ਵੱਡੀ ਖਪਤ ਦਾ ਭੁਗਤਾਨ ਕਰਨਾ ਸੰਸਥਾ ਲਈ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ ਸੰਸਥਾ ਸੰਗਤਾਂ ਵੱਲੋਂ ਤਿਲਫੁਲ ਭੇਟ ਕੀਤੇ ਨਾਲ ਹੀ ਸਾਰਾ ਪ੍ਰਬੰਧ ਚਲਾਉਂਦੀ ਹੈ। ਸ. ਬੇਦੀ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਵੱਲੋਂ ਸ. ਬਾਦਲ ਨੂੰ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਪਾਸੋਂ ਬਿਜਲੀ ਦੀ ਖਪਤ ੫੦% ਯੂਨਿਟ ਮੁਆਫ ਕਰਨ/ਕਰਾਉਣ ਦੀ ਬੇਨਤੀ ਕੀਤੀ ਗਈ ਹੈ। *੨੨ ਸਤੰਬਰ*

# ਜਥੇ. ਅਵਤਾਰ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਦੀਆਂ ਨਵੀਆਂ ਬਣੀਆਂ ਭੱਠੀਆਂ ਦਾ ਉਦਘਾਟਨ ਕੀਤਾ

## ੬੬ ਕੇ. ਵੀ. ਗਰਿੱਡ ਦਾ ਨੀਂਹ ਪੱਥਰ ਵੀ ਰੱਖਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਵਿੱਚ ਨਵੀਆਂ ਬਣੀਆਂ ਭੱਠੀਆਂ ਤੇ ਸ਼ੈੱਡ ਦਾ ਉਦਘਾਟਨ ਕੀਤਾ ਅਤੇ ੬੬ ਕੇ ਵੀ ਗਰਿੱਡ ਦਾ ਨੀਂਹ ਪੱਥਰ ਰੱਖਿਆ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਜਥੇ ਭਾਈ ਸਿਮਰਨਜੀਤ ਸਿੰਘ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਤੇ ਹੁਕਮਨਾਮਾ ਗਿਆਨੀ ਬਲਜਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਨੇ ਲਿਆ।

ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਦੀਆਂ ਤਿੰਨ ਨਵੀਆਂ ਬਣੀਆਂ ਭੱਠੀਆਂ ਅਤੇ ਸ਼ੈੱਡ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਸੰਤ ਬਾਬਾ ਲਾਭ ਸਿੰਘ ਜੀ ਕਿਲ੍ਹਾ ਅਨੰਦਗੜ੍ਹ ਸਾਹਿਬ ਨੂੰ ਸੌਂਪੀ ਗਈ ਸੀ ਜੋ ਉਨ੍ਹਾਂ ਵੱਲੋਂ ਮੁਕੰਮਲ ਕਰਕੇ ਅੱਜ ਸ਼੍ਰੋਮਣੀ ਕਮੇਟੀ ਨੂੰ ਸੌਂਪ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਆਪਣੇ ਸਿੱਖਾਂ ਨੂੰ ਮੁੱਢ ਤੋਂ ਹੀ ਸੇਵਾ ਅਤੇ ਸਿਮਰਨ ਦੇ ਸਿਧਾਂਤ ਦੀ ਬਖਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਸ਼ੁਰੂ ਕੀਤੀ ਲੰਗਰ ਦੀ ਪ੍ਰਥਾ ਨੂੰ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਅੱਗੇ ਤੋਰਿਆ ਅਤੇ ਫਿਰ ਸ੍ਰੀ ਗੁਰੂ ਅਮਰਦਾਸ ਜੀ ਨੇ 'ਪਹਿਲਾਂ ਪੰਗਤ ਪਾਛੈ ਸੰਗਤ' ਦਾ ਆਦੇਸ਼ ਦੇ ਕੇ ਇਸ ਪ੍ਰਥਾ ਨੂੰ ਸੁਰਜੀਤ ਰੱਖਦਿਆਂ ਊਚ-ਨੀਚ ਅਤੇ ਜਾਤ-ਪਾਤ ਦੇ ਭਿੰਨ ਭੇਦ ਨੂੰ ਮਿਟਾ ਦਿੱਤਾ ਤੇ ਇਸੇ ਤਰ੍ਹਾਂ ਦੂਸਰੇ ਗੁਰੂ ਸਾਹਿਬਾਨ ਨੇ ਇਸ ਪ੍ਰਥਾ ਨੂੰ ਕਾਇਮ ਰੱਖਿਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਇਸ ਸਿਧਾਂਤ ਤੇ ਪਹਿਰਾ ਦਿੰਦੇ ਹੋਏ ਸਿੱਖਾਂ ਵੱਲੋਂ ਜਿੱਥੇ ਕਿਤੇ ਵੀ ਗੁਰਦੁਆਰੇ ਸਾਹਿਬਾਨ ਸਥਿਤ ਹਨ ਉਸ ਅਸਥਾਨ ਤੇ ਹੀ ਗੁਰੂ ਸਾਹਿਬਾਨ ਵੱਲੋਂ ਬਖਸ਼ੀ ਲੰਗਰ ਦੌਲਤ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦੂਰ ਦੁਰਾਡੇ ਤੋਂ ਆਈਆਂ ਸੰਗਤਾਂ ਗੁਰੂ ਕਾ ਲੰਗਰ ਛਕ ਕੇ ਤ੍ਰਿਪਤ ਹੁੰਦੀਆਂ ਹਨ ਤੇ ਸਤਿਗੁਰੂ ਪਾਤਸ਼ਾਹ ਦਾ ਸ਼ੁਕਰਾਨਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਤੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੂੰ ਲੰਗਰ ਛਕਾਇਆ ਜਾਂਦਾ ਹੈ।

ਉਨ੍ਹਾਂ ਇਸ ਮੌਕੇ ਸੰਤ ਬਾਬਾ ਲਾਭ ਸਿੰਘ ਜੀ ਕਿਲ੍ਹਾ ਅਨੰਦਗੜ੍ਹ ਸਾਹਿਬ ਦਾ ਧੰਨਵਾਦ ਕਰਦਿਆਂ ਉਨ੍ਹਾ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਦੇ ਇਲਾਵਾ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਜੀ ਵੇਦਾਂਤੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਬਾਬਾ ਲੱਖਾ ਸਿੰਘ, ਬਾਬਾ ਸੁਬੇਗ ਸਿੰਘ, ਬਾਬਾ ਹਰਭਜਨ ਸਿੰਘ ਭਲਵਾਨ, ਬਾਬਾ ਸਤਨਾਮ ਸਿੰਘ, ਬਾਬਾ ਵਾਹਿਗੁਰੂ ਸਿੰਘ, ਬਾਬਾ ਮੇਜਰ ਸਿੰਘ, ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ, ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਤੇ ਬਾਬਾ ਹਰੀ ਸਿੰਘ ਈਸਾਪੁਰ ਨੂੰ ਸਨਮਾਨਿਤ ਕੀਤਾ।

ਜਥੇਦਾਰ ਅਵਤਾਰ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਉਸ ਦੇ ਆਸ ਪਾਸ ਦੇ ਇਲਾਕਿਆਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਜਾਰੀ ਰੱਖਣ ਲਈ ੬੬ ਕੇ ਵੀ ਦੇ ਗਰਿੱਡ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਕਿਹਾ ਕਿ ਇਸ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਇਸ ਨਾਲ ਲਗਦੇ ਇਲਾਕਿਆਂ ਦੀ ਬਿਜਲੀ ਸਪਲਾਈ ਲਗਾਤਾਰ ਜਾਰੀ ਰਹਿ ਸਕੇਗੀ। ਉਨ੍ਹਾਂ ਇਸ ਮੌਕੇ ਪਾਵਰਕਾਮ ਦੇ ਐਸ ਈ ਸ੍ਰੀ ਐਸ ਕੇ ਚਾਵਲਾ ਤੇ ਉਨ੍ਹਾਂ ਨਾਲ ਆਏ ਇੰਜੀਨੀਅਰਾਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਮਨਜੀਤ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ੍; ਬਿਜੈ ਸਿੰਘ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾ ਪਿੰਡ, ਸ. ਸਕੱਤਰ ਸਿੰਘ, ਸ. ਇਕਬਾਲ ਸਿੰਘ ਮੁਖੀ ਵਧੀਕ ਮੈਨੇਜਰ, ਸ. ਗੁਰਬਚਨ ਸਿੰਘ ਤੇ ਸ. ਕੁਲਵਿੰਦਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ, ਸ. ਗੁਰਿੰਦਰ ਸਿੰਘ ਤੇ ਸ. ਰਘਬੀਰ ਸਿੰਘ ਮੰਡ ਮੈਨੇਜਰ, ਸ. ਪਰਮਜੀਤ ਸਿੰਘ, ਸ. ਗੁਰਪ੍ਰੀਤ ਸਿੰਘ ਮੀਤ ਮੈਨੇਜਰ, ਸ. ਗੁਰਿੰਦਰ ਸਿੰਘ ਨਿਜੀ ਸਹਾਇਕ, ਸ. ਰਣਜੀਤ ਸਿੰਘ ਖਾਲਸਾ ਮੀਡੀਆ ਸਲਾਹਕਾਰ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ. ਕਰਮਜੀਤ ਸਿੰਘ ਤੇ ਸ. ਕਰਨਦੀਪ ਸਿੰਘ ਇੰਚਾਰਜ, ਸ. ਲਖਵਿੰਦਰ ਸਿੰਘ ਬੱਦੋਵਾਲ ਵਧੀਕ ਮੈਨੇਜਰ, ਸ਼੍ਰੋਮਣੀ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਟਾਫ਼ ਦੇ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੨੪ ਸਤੰਬਰ*

## ਸ਼੍ਰੋਮਣੀ ਕਮੇਟੀ ਨੂੰ ਗੁਰਦੁਆਰਾ ਅੰਗੀਠਾ ਸਾਹਿਬ (ਯਾਦਗਾਰ ੧੩ ਸਿੰਘ ਸ਼ਹੀਦ) ਦਾ ਪ੍ਰਬੰਧ ਸੰਭਾਲਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਗੁਰਦੁਆਰਾ ਅੰਗੀਠਾ ਸਾਹਿਬ ਯਾਦਗਾਰ ੧੩ ਸਿੰਘ ਸ਼ਹੀਦ ਦਾ ਪ੍ਰਬੰਧ ਮਿਲ ਗਿਆ ਹੈ। ਸੰਤ ਬਾਬਾ ਲਾਭ ਸਿੰਘ ਕਿਲ੍ਹਾ ਅਨੰਦਗੜ੍ਹ, ਸ੍ਰੀ ਅਨੰਦਪੁਰ ਸਾਹਿਬ ਵੱਲੋਂ ਬਾਬਾ ਹਰਭਜਨ ਸਿੰਘ ਭਲਵਾਨ ਨੇ ਸ. ਮਨਜੀਤ ਸਿੰਘ ਸਕੱਤਰ ਤੇ ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਗੁਰਦੁਆਰਾ ਸਾਹਿਬ ਦੀਆਂ ਚਾਬੀਆਂ ਸੌਂਪੀਆ। ਇਸ ਸਮੇਂ ਸ. ਮਨਜੀਤ ਸਿੰਘ ਸਕੱਤਰ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਸੰਤ ਬਾਬਾ ਲਾਭ ਸਿੰਘ ਕਿਲ੍ਹਾ ਅਨੰਦਗੜ੍ਹ, ਸ੍ਰੀ ਅਨੰਦਪੁਰ ਸਾਹਿਬ ਦਾ ਧੰਨਵਾਦ ਕੀਤਾ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਦੀਆਂ ਚਾਬੀਆਂ ਸੌਂਪਣ ਤੇ ਬਾਬਾ ਹਰਭਜਨ ਸਿੰਘ ਭਲਵਾਨ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾ ਭਾਈ ਕੁਲਵਿੰਦਰ ਸਿੰਘ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸ਼ਹੀਦਗੰਜ ਸਾਹਿਬ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ ਤੇ ਅਰਦਾਸ ਭਾਈ ਸੁਖਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਅੰਗੀਠਾ ਸਾਹਿਬ ਨੇ ਕੀਤੀ ਉਪਰੰਤ ਹੁਕਮਨਾਮਾ ਲਿਆ ਗਿਆ।

ਸ਼੍ਰੋਮਣੀ ਕਮੇਟੀ ਨੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ੧੩ ਅਪ੍ਰੈਲ ੧੯੭੮ ਨੂੰ ਵਿਸਾਖੀ ਵਾਲੇ ਦਿਨ ਧਰਮ ਖਾਤਰ ੧੩ ਸਿੰਘ ਸ਼ਹੀਦ ਹੋ ਗਏ ਸਨ ਜਿਨ੍ਹਾਂ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਅੰਗੀਠਾ ਸਾਹਿਬ ਸੁਸ਼ੋਭਿਤ ਕੀਤਾ ਗਿਆ ਹੈ ਜਿਸ ਦਾ ਪ੍ਰਬੰਧ ਸੰਤ ਬਾਬਾ ਲਾਭ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਚਲਾ ਰਹੇ ਸਨ ਜਿਨ੍ਹਾਂ ਵੱਲੋਂ ਹੁਣ ਇਹ ਸੇਵਾ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਸਤਿਗੁਰੂ ਦੇ ਘਰ ਦੀ ਸੇਵਾ ਕਿਸੇ ਕਰਮਾ ਭਾਗਾਂ ਵਾਲਿਆਂ ਨੂੰ ਹੀ ਮਿਲਦੀ ਹੈ ਤੇ ਨਿਮਰਤਾ ਅਤੇ ਸਹਿਜ ਭਾਵ ਨਾਲ ਕੀਤੀ ਸੇਵਾ ਥਾਂਇ ਪੈਂਦੀ ਹੈ।

ਇਸ ਮੌਕੇ ਸ. ਬਲਵਿੰਦਰ ਸਿੰਘ ਮੀਤ ਸਕੱਤਰ, ਸ. ਲਖਵਿੰਦਰ ਸਿੰਘ ਬਦੋਵਾਲ, ਸ. ਹਰਪ੍ਰੀਤ ਸਿੰਘ, ਸ. ਹਰਜਿੰਦਰ ਸਿੰਘ ਤੇ ਸ. ਸਤਨਾਮ ਸਿੰਘ ਮਾਂਗਾਸਰਾਏ ਐਡੀਸ਼ਨਲ ਮੈਨੇਜਰ, ਬਾਬਾ ਮੇਜਰ ਸਿੰਘ, ਬਾਬਾ ਸਤਨਾਮ ਸਿੰਘ, ਸ. ਬੇਅੰਤ ਸਿੰਘ ਸਾਬਕਾ ਐਡੀਸ਼ਨਲ ਮੈਨੇਜਰ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੨੨ ਸਤੰਬਰ*

## ਸ਼੍ਰੋਮਣੀ ਕਮੇਟੀ ਨੇ ਬਾਬਾ ਸ਼ੇਖ ਫਰੀਦ ਜੀ ਦਾ ਜਨਮ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਸ਼ੇਖ ਫਰੀਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸੱਚਖੰਡ

ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਸੁਲਤਾਨ ਸਿੰਘ ਵੱਲੋਂ ਕੀਤੀ ਗਈ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੋਏ ਆਦੇਸ਼ਾਂ ਮੁਤਾਬਿਕ ਸ਼੍ਰੋਮਣੀ ਕਮੇਟੀ ਗੁਰੂ ਸਾਹਿਬਾਨ ਦੇ ਪ੍ਰਕਾਸ਼ ਪੁਰਬ, ਜੋਤੀ-ਜੋਤ ਪੁਰਬ ਅਤੇ ਜਿਨ੍ਹਾਂ ਦੀ ਬਾਣੀ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ ਉਨ੍ਹਾਂ ਭਗਤਾਂ ਦੇ ਜਨਮ ਦਿਹਾੜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਏ ਜਾਂਦੇ ਹਨ। ਇਸੇ ਭਾਵਨਾ ਤਹਿਤ ਭਗਤ ਸ਼ੇਖ ਫਰੀਦ ਜੀ ਦਾ ਜਨਮ ਦਿਹਾੜਾ ਵੀ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਭਗਤ ਸ਼ੇਖ ਫਰੀਦ ਜੀ ਦੇ ੪ ਸ਼ਬਦ ਅਤੇ ੧੧੨ ਸਲੋਕ ਦਰਜ ਹਨ। ਉਨ੍ਹਾਂ ਕਿਹਾ ਕਿ ਭਗਤ ਜੀ ਦੇ ਇਲਾਹੀ ਉਪਦੇਸ਼ਾਂ ਤੋਂ ਮਨੁੱਖ ਨੂੰ ਜੀਵਨ ਜੀਉਣ ਦਾ ਮਾਰਗ ਮਿਲਦਾ ਹੈ। ਉਨ੍ਹਾਂ ਦੀ ਬਾਣੀ ਵੈਰਾਗਮਈ ਤੇ ਮਾਖਿਓ ਮਿੱਠੀ ਹੈ। ਉਨ੍ਹਾਂ ਕਿਹਾ ਕਿ ਭਗਤ ਸ਼ੇਖ ਫਰੀਦ ਜੀ ਦੀ ਬਾਣੀ 'ਚ ਮਨੁੱਖ ਲਈ ਸੰਦੇਸ਼ ਹੈ ਕਿ ਪਰਮਾਤਮਾ ਨੂੰ ਛੱਡ ਕੇ ਪਰਾਏ ਦਰਾਂ 'ਤੇ ਬੈਠਿਆ ਨਹੀਂ ਜਾ ਸਕਦਾ। ਮਨੁੱਖ ਨੂੰ ਦੁਨਿਆਵੀ ਰੰਗ-ਤਮਾਸ਼ਿਆਂ ਤੇ ਹੋਰ ਰਸਾਂ ਨੂੰ ਛੱਡ ਕੇ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ ਜੋ ਇਨਸਾਨ ਦੇ ਕੰਮ ਆਉਣਾ ਹੈ। ਇਸ ਸਮੇਂ ਉਨ੍ਹਾਂ ਦੇਸ਼-ਵਿਦੇਸ਼ ਵਸਦੀਆਂ ਸੰਗਤਾਂ ਨੂੰ ਭਗਤ ਸ਼ੇਖ ਫਰੀਦ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ।

ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਮਹਿੰਦਰ ਸਿੰਘ ਆਹਲੀ, ਸ. ਰਣਜੀਤ ਸਿੰਘ ਤੇ ਸ. ਬਿਜੈ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਜਗਜੀਤ ਸਿੰਘ, ਸ. ਸਕੱਤਰ ਸਿੰਘ, ਸ. ਸਿਮਰਜੀਤ ਸਿੰਘ ਤੇ ਸ. ਹਰਜੀਤ ਸਿੰਘ ਲਾਲੂਘੁੰਮਣ ਮੀਤ ਸਕੱਤਰ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਸ/ਸੁਪ੍ਰਿੰਟੈਂਡੈਂਟ, ਸ. ਲਖਵਿੰਦਰ ਸਿੰਘ ਬਦੋਵਾਲ ਤੇ ਸ. ਲਖਬੀਰ ਸਿੰਘ ਡੋਗਰ ਵਧੀਕ ਮੈਨੇਜਰ, ਸ. ਮਨਜੀਤ ਸਿੰਘ, ਸ. ਗੁਰਿੰਦਰ ਸਿੰਘ ਠਰੂ ਤੇ ਸ. ਜਸਵਿੰਦਰ ਸਿੰਘ ਦੀਪ ਇੰਚਾਰਜ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸਮੁੱਚਾ ਸਟਾਫ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਾਮਲ ਸਨ। *੨੩ ਸਤੰਬਰ*

# ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਵਿਖੇ ਰੰਗ-ਰੋਗਨ ਦੀ ਸੇਵਾ ਸ਼ੁਰੂ

ਅੰਮ੍ਰਿਤਸਰ- ਇਤਿਹਾਸਕ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਦੀ ਯਾਦ ਵਿੱਚ ਸਥਾਪਤ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਦੀ ਇਮਾਰਤ ਨੂੰ ਰੰਗ-ਰੋਗਨ ਕਰਵਾਉਣ ਦੀ ਸੇਵਾ ਅੱਜ ਜੈਕਾਰਿਆਂ ਦੀ ਗੂੰਜ ਵਿੱਚ ਸੰਤ ਬਾਬਾ ਲਾਭ ਸਿੰਘ ਕਿਲ੍ਹਾ ਅਨੰਦਗੜ੍ਹ, ਸ੍ਰੀ ਅਨੰਦਪੁਰ ਸਾਹਿਬ ਵੱਲੋਂ ਬਾਬਾ ਹਰਭਜਨ ਸਿੰਘ ਭਲਵਾਨ, ਬਾਬਾ ਵਾਹਿਗੁਰੂ ਸਿੰਘ, ਬਾਬਾ ਸਤਨਾਮ ਸਿੰਘ, ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਤੇ ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਆਰੰਭ ਕੀਤੀ ਗਈ। ਸੇਵਾ ਦੀ ਆਰੰਭਤਾ ਤੋਂ ਪਹਿਲਾ ਅਰਦਾਸ ਭਾਈ ਮਲਕੀਤ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕੀਤੀ ਉਪਰੰਤ ਹੁਕਮਨਾਮਾ ਲਿਆ।

ਸ਼੍ਰੋਮਣੀ ਕਮੇਟੀ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਸ਼ਵ ਦੀਆਂ ਕੁਲ ਅੱਠ ਸਿਰਮੌਰ ਲੜਾਈਆਂ ਵਿੱਚੋਂ ਇਕ ਸਾਰਾਗੜ੍ਹੀ ਦੀ ਲੜਾਈ ਹੈ ਜੋ ੧੨ ਸਤੰਬਰ ੧੮੯੭ ਨੂੰ ਜ਼ਿਲ੍ਹਾ ਕੋਹਾਟ (ਪਾਕਿਸਤਾਨ) ਦੀਆਂ ਉੱਚੀਆਂ ਪਹਾੜੀਆਂ ਤੇ ਸਾਰਾਗੜ੍ਹੀ ਪੋਸਟ 'ਤੇ ਹੋਈ ਸੀ। ਜਿਥੇ ਇਨ੍ਹਾਂ ਸੂਰਮਿਆਂ ਨੇ ਘੱਟ ਗਿਣਤੀ ਵਿੱਚ ਹੁੰਦਿਆਂ ਹੋਇਆ ਵੀ ਆਪਣੇ ਤੋਂ ਕਈ ਗੁਣਾਂ ਵੱਧ ਗਿਣਤੀ ਵਾਲੇ ਦੁਸ਼ਮਣਾਂ ਦਾ ਦ੍ਰਿੜਤਾ ਅਤੇ ਬਹਾਦਰੀ ਨਾਲ

ਮੁਕਾਬਲਾ ਕੀਤਾ ਤੇ ਤਕਰੀਬਨ ੬੦੦ ਕਬਾਇਲੀਆਂ ਨੂੰ ਮਾਰ ਕੇ ਆਪ ਸ਼ਹਾਦਤ ਦਾ ਜਾਮ ਪੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਜੰਗੀ ਸ਼ਹੀਦਾਂ ਦੀ ਯਾਦ ਵਿੱਚ ਸੁਸ਼ੋਭਿਤ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਵਿਖੇ ਇਮਾਰਤ ਨੂੰ ਰੰਗ ਰੋਗਨ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਸੰਤ ਬਾਬਾ ਲਾਭ ਸਿੰਘ ਕਿਲ੍ਹਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ ਨੂੰ ਸੌਂਪੀ ਗਈ ਹੈ ਜਿਨ੍ਹਾਂ ਵੱਲੋਂ ਜਲਦ ਹੀ ਇਹ ਸੇਵਾ ਮੁਕੰਮਲ ਕਰ ਲਈ ਜਾਵੇਗੀ। ਇਸ ਸਮੇਂ ਸੰਤ ਬਾਬਾ ਲਾਭ ਸਿੰਘ ਵੱਲੋਂ ਬਾਬਾ ਹਰਭਜਨ ਸਿੰਘ ਭਲਵਾਨ ਨੂੰ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਤੇ ਸ. ਸੁਲੱਖਣ ਸਿੰਘ ਮੈਨੇਜਰ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਲਖਵਿੰਦਰ ਸਿੰਘ ਬਦੋਵਾਲ ਵਧੀਕ ਮੈਨੇਜਰ, ਸ. ਸੁਖਜਿੰਦਰ ਸਿੰਘ ਤੇ ਸ. ਜਤਿੰਦਰਪਾਲ ਸਿੰਘ ਐਸ ਡੀ ਓ, ਸ. ਸ਼ਮਸ਼ੇਰ ਸਿੰਘ ਜੇ ਈ, ਸ. ਹਰਭਜਨ ਸਿੰਘ ਵਕਤਾ ਤੇ ਸੰਗਤਾਂ ਹਾਜ਼ਰ ਸਨ।

## ਨਾਟਕ ਸਾਊਥ ਏਸ਼ੀਅਨ ਪ੍ਰਮੋਸ਼ਨ ਕਲਚਰਲ ਸੁਸਾਇਟੀ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਨਾਟਕ ਖੇਡਣਾ ਦੀ ਇਛੁਕ

ਅੰਮ੍ਰਿਤਸਰ- ਪ੍ਰਸਿੱਧ ਨਾਕਟਕਾਰ ਸ. ਚਰਨ ਸਿੰਘ ਸਿੰਦਰਾ ਦੇ ਸਪੁੱਤਰ ਨਾਕਟਕਾਰ ਤੇਜਿੰਦਰਪਾਲ ਸਿੰਘ ਯੂ.ਕੇ. ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਿਕ ਹੋਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਣ ਉਪਰੰਤ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਉਣ ਤੇ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਗੱਲਬਾਤ ਦੌਰਾਨ ਤੇਜਿੰਦਰਪਾਲ ਸਿੰਘ ਨੇ ਦੱਸਿਆ ਕਿ ਉਹ ਅੱਜ ਕੱਲ੍ਹ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 'ਬੰਦਾ ਸਿੰਘ ਬਹਾਦਰ ਸਿੱਖ ਰਾਜ' ਨਾਟਕ ਸਾਊਥ ਏਸ਼ੀਅਨ ਪ੍ਰਮੋਸ਼ਨ ਕਲਚਰਲ ਸੁਸਾਇਟੀ ਯੂ ਕੇ ਵੱਲੋਂ ਸਰੋਤਿਆਂ ਦੇ ਰੂ ਬਰੂ ਕਰ ਰਹੇ ਹਨ। ਜਿਸ ਦੇ ਹੁਣ ਤੱਕ ਪੰਜ ਪਲੇਅ ਲੰਡਨ ਵਿੱਚ ਅਤੇ ਪੰਜਾਬ ਦੇ ਵੱਖ-ਵੱਖ ਸਥਾਨਾ 'ਤੇ ਛੇ ਪਲੇਅ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਦੇ ਇਲਾਵਾ ਉਨ੍ਹਾਂ ਵੱਲੋਂ ਪੇਸ਼ ਕੀਤੇ ਜਾ ਰਹੇ ਨਾਟਕਾਂ ਵਿੱਚ ਪ੍ਰਮੁੱਖ ਨਾਟਕ 'ਗੁਰੂ ਮਾਨਿਓਂ ਗ੍ਰੰਥ', ਨਿੱਕੀਆਂ ਜ਼ਿੰਦਾਂ ਵੱਡਾ ਸਾਕਾ', 'ਮਹਾਰਾਜਾ ਰਣਜੀਤ ਸਿੰਘ', 'ਜ਼ਲ੍ਹਿਆਂ ਵਾਲਾ ਬਾਗ' ਅਤੇ ਉਨ੍ਹਾਂ ਦੇ ਪਿਤਾ ਸ. ਚਰਨ ਸਿੰਘ ਸਿੰਦਰਾ ਦਾ ਲਿਖਿਆ ਨਾਕਟ 'ਮਰਦ ਅਗੰਮੜਾ' ਡਾਇਰੈਕਟ ਕੀਤੇ ਹਨ। ਉਨ੍ਹਾਂ ਕਿਹਾ ਕਿ ਸਾਡੀ ਸੁਸਾਇਟੀ ਸਿੱਖ ਧਰਮ ਪ੍ਰਤੀ ਜਾਗ੍ਰਿਤੀ ਪੈਦਾ ਕਰਨ ਲਈ ਥਾਂ-ਪੁਰ-ਥਾਂ ਪ੍ਰੋਗਰਾਮ ਕਰਦੀ ਰਹਿੰਦੀ ਹੈ ਇਸ ਕਾਰਜ ਲਈ ਯੂ.ਕੇ. ਸਰਕਾਰ ਸਾਡੀ ਪਿੱਠ ਥਾਪੜਦੀ ਹੈ। ਪਰ ਪੰਜਾਬ ਵਿਚ ਏਨੇ ਕਲਾਕਾਰ ਲਿਆ ਕੇ ਆਪਣੇ ਖਰਚੇ ਪੁਰ ਨਾਟਕ ਕਰਨੇ ਔਖੇ ਹਨ। ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਦਾ ਹੋਕਾ ਦੇਣ ਵਾਲੇ ਨਾਟਕਾਂ ਲਈ ਸ਼੍ਰੋਮਣੀ ਕਮੇਟੀ ਸਾਡੀ ਪਿੱਠ 'ਤੇ ਖੜ੍ਹੀ ਹੋਵੇ ਤਾਂ ਜੋ ਅਸੀਂ ਹੋਰ ਚੜ੍ਹਦੀ ਕਲਾ 'ਚ ਸੇਵਾ ਕਰ ਸਕੀਏ। ਇਸ ਮੌਕੇ ਸ: ਬਿਜੈ ਸਿੰਘ ਵਧੀਕ ਸਕੱਤਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਸੁਖਦੇਵ ਸਿੰਘ ਇੰਚਾਰਜ ਸਿੱਖ ਇਤਿਹਾਸ ਰੀਸਰਚ ਬੋਰਡ, ਸ. ਤੇਜਿੰਦਰ ਸਿੰਘ ਰੂਬੀ ਮੈਨੇਜਰ ਗੁਰਦੁਆਰਾ ਸਤਲਾਣੀ ਸਾਹਿਬ, ਸ. ਹਰਭਜਨ ਸਿੰਘ ਵਕਤਾ, ਸ. ਜਗਤਾਰ ਸਿੰਘ ਖੋਦੇਬੇਟ ਆਦਿ ਮੌਜੂਦ ਸਨ।

*੨੯ ਸਤੰਬਰ*

## ਮੁਲਾਜ਼ਮ ਭਲਾਈ ਫੰਡ ਤਹਿਤ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਸ਼ੁਰੂ ਕੀਤੇ ਗਏ ਮੁਲਾਜ਼ਮ ਭਲਾਈ ਫੰਡ ਤਹਿਤ ਸੇਵਾ-ਮੁਕਤ ਹੋ ਚੁੱਕੇ ਸ. ਭੁਪਿੰਦਰਪਾਲ ਸਿੰਘ ਤੇ ਸ. ਜਸਪਾਲ ਸਿੰਘ ਐਡੀਸ਼ਨਲ ਸਕੱਤਰ, ਸ.

*(ਬਾਕੀ ਪੰਨਾ ੭੧ 'ਤੇ)*



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਲਈ ਅਸ਼ੋਕ ਲੇਲੈਂਡ (ਹਿੰਦੂਜਾ ਗਰੁੱਪ) ਵੱਲੋਂ ਭੇਟ ਕੀਤੇ ਨਵੇਂ ਟਰੱਕ ਦੀਆਂ ਚਾਬੀਆਂ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਦਿੰਦੇ ਹੋਏ ਪ੍ਰੈਜ਼ੀਡੈਂਟ ਸ੍ਰੀ ਅਨੁਜ ਕਥੂਰੀਆ। ਨਾਲ ਹਨ ਅੰਤ੍ਰਿੰਗ ਮੈਂਬਰ ਸ. ਰਜਿੰਦਰ ਸਿੰਘ ਮਹਿਤਾ ਤੇ ਸ. ਨਿਰਮੈਲ ਸਿੰਘ ਜੌਲਾਂ, ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ ਤੇ ਸ. ਗੁਰਪ੍ਰੀਤ ਸਿੰਘ ਝੱਬਰ, ਮੁੱਖ ਸਕੱਤਰ ਸ. ਹਰਚਰਨ ਸਿੰਘ, ਸਕੱਤਰ ਸ. ਮਨਜੀਤ ਸਿੰਘ ਤੇ ਹੋਰ।

(04 ਅਕਤੂਬਰ 2016)



ਅਸ਼ੋਕ ਲੇਲੈਂਡ (ਹਿੰਦੂਜਾ ਗਰੁੱਪ) ਦੇ ਅਧਿਕਾਰੀ ਸ੍ਰੀ ਅਨੁਜ ਕਥੂਰੀਆ ਨੂੰ ਸਨਮਾਨਤ ਕਰਦੇ ਹੋਏ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਅੰਤ੍ਰਿੰਗ ਮੈਂਬਰ ਤੇ ਸ. ਨਿਰਮੈਲ ਸਿੰਘ ਜੌਲਾਂ, ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ ਤੇ ਸ. ਗੁਰਪ੍ਰੀਤ ਸਿੰਘ ਝੱਬਰ, ਸਕੱਤਰ ਸ. ਮਨਜੀਤ ਸਿੰਘ, ਐਡੀ. ਸਕੱਤਰ ਸ. ਪ੍ਰਤਾਪ ਸਿੰਘ ਤੇ ਹੋਰ।

(04 ਅਕਤੂਬਰ 2016)



ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਉਦੋਕੇ ਵਿਖੇ ਕਰਵਾਏ ਗਏ ਕਬੱਡੀ ਮੁਕਾਬਲੇ ਵਿਚ ਜੇਤੂ ਰਹੀ ਬਾਬਾ ਜ਼ੋਰਾਵਰ ਸਿੰਘ ਫ਼ਤਹਿ ਸਿੰਘ ਕਬੱਡੀ ਅਕੈਡਮੀ ਸ਼੍ਰੋਮਣੀ ਕਮੇਟੀ ਦੇ ਖਿਡਾਰੀਆਂ ਨਾਲ ਸ. ਕੇਵਲ ਸਿੰਘ ਤੇ ਸ. ਰਣਜੀਤ ਸਿੰਘ ਵਧੀਕ ਸਕੱਤਰ, ਸ. ਤੇਜਿੰਦਰ ਸਿੰਘ ਪੱਡਾ ਇੰਚਾਰਜ ਸਪੋਰਟਸ ਅਤੇ ਹੋਰ।




ਮੁਲਾਜ਼ਮ ਭਲਾਈ ਫੰਡ ਤਹਿਤ ਸੇਵਾ-ਮੁਕਤ ਹੋ ਚੁੱਕੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਐਡੀ. ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਮਹਿੰਦਰ ਸਿੰਘ ਆਹਲੀ, ਸ. ਰਣਜੀਤ ਸਿੰਘ, ਸ. ਕੇਵਲ ਸਿੰਘ, ਸ. ਬਿਜੈ ਸਿੰਘ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਅਤੇ ਹੋਰ। (13 ਸਤੰਬਰ 2016)



